ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 8 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੪ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## SIR ਦਾ ਪੰਜਾਬ 'ਚ ਕਹਿਰ, ਡਿਊਟੀ ਤੋਂ ਪਰੇਸ਼ਾਨ ਸਰਕਾਰੀ ਅਧਿਆਪਕ ਨੇ ਨਹਿਰ 'ਚ ਮਾਰੀ ਛਾਲ

**ਗੁਰਦਾਸਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਕਾਹਨੂੰਵਾਨ ਇਲਾਕੇ ਦੇ ਪਿੰਡ ਭੱਟੀਆ ਨੇੜੇ ਇੱਕ ਦੁਖਦਾਈ ਘਟਨਾ ਵਾਪਰੀ ਹੈ। ਇੱਕ ਸਰਕਾਰੀ ਅਧਿਆਪਕ ਨੇ ਅੱਪਰ ਬਾਰੀ ਦੁਆਬ ਨਹਿਰ ਵਿੱਚ ਛਾਲ ਮਾਰ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਸੂਚਨਾ ਮਿਲਣ 'ਤੇ ਸਥਾਨਕ ਪੁਲਿਸ ਜਾਂਚ ਸ਼ੁਰੂ ਕਰਨ ਲਈ ਮੌਕੇ 'ਤੇ ਪਹੁੰਚੀ, ਅਤੇ ਗੋਤਾਖੋਰਾਂ ਨੂੰ ਲਾਸ਼ ਦੀ ਭਾਲ ਵਿੱਚ ਲਗਾਇਆ ਗਿਆ ਹੈ। ਮ੍ਰਿਤਕ, ਗੁਰਪ੍ਰੀਤ ਸਿੰਘ (ਮਹਿੰਦਰ ਸਿੰਘ ਦਾ ਪੁੱਤਰ) ਅਤੇ ਸਲੋਪੁਰ ਪਿੰਡ ਦਾ ਰਹਿਣ ਵਾਲਾ, ਭੈਣੀ ਮੀਆਂ ਖਾਨ ਸਕੂਲ ਵਿੱਚ ਅਧਿਆਪਕ ਵਜੋਂ ਨੌਕਰੀ ਕਰਦਾ ਸੀ। ਜਿਵੇਂ ਹੀ ਇਸ ਘਟਨਾ ਦੀ ਖ਼ਬਰ ਫੈਲੀ, ਵੱਡੀ ਗਿਣਤੀ ਵਿੱਚ ਸਥਾਨਕ ਲੋਕ, ਰਿਸ਼ਤੇਦਾਰ ਅਤੇ ਅਧਿਆਪਕ ਭਾਈਚਾਰੇ ਦੇ ਮੈਂਬਰ ਨਹਿਰ ਦੇ ਕਿਨਾਰੇ ਇਕੱਠੇ ਹੋ ਗਏ। ਮੁੱਢਲੀਆਂ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਇਸ ਅਤਿਅੰਤ ਕਦਮ ਦੇ ਪਿੱਛੇ ਬਹੁਤ ਜ਼ਿਆਦਾ ਵਿਭਾਗੀ ਕੰਮ ਦਾ ਬੋਝ ਅਤੇ ਮਾਨਸਿਕ ਤਣਾਅ ਮੁੱਖ ਕਾਰਨ ਸਨ। ਸਾਥੀ ਅਧਿਆਪਕਾਂ ਨੇ ਘਟਨਾ 'ਤੇ ਡੂੰਘਾ ਦੁੱਖ ਅਤੇ ਗੁੱਸਾ ਪ੍ਰਗਟ ਕੀਤਾ ਹੈ।



## ਫਰਾਂਸ ਦੇ ਰਾਸ਼ਟਰਪਤੀ ਦੀ ਸੁਰੱਖਿਆ 'ਚ ਵੱਡੀ ਕੁਤਾਹੀ !

# ਇੱਕ ਤੋਂ ਬਾਅਦ ਇੱਕ ਧਮਾਕਿਆਂ ਨਾਲ ਕੰਬਿਆ ਸੀਰੀਆ

**ਸੀਰੀਆ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਦੇ ਸੀਰੀਆ ਦੌਰੇ ਦੌਰਾਨ ਰਾਜਧਾਨੀ ਦਮਿਸ਼ਕ ਵਿੱਚ ਇੱਕ ਤੋਂ ਬਾਅਦ ਇੱਕ ਧਮਾਕਿਆਂ ਨੇ ਹਿਲਾ ਕੇ ਰੱਖ ਦਿੱਤਾ। ਇਹ ਧਮਾਕੇ ਉਦੋਂ ਹੋਏ ਜਦੋਂ ਰਾਸ਼ਟਰਪਤੀ ਮੈਕਰੋਨ ਸੀਰੀਆ ਦੇ ਰਾਸ਼ਟਰਪਤੀ ਅਹਿਮਦ ਅਲ-ਸ਼ਾਰਾ ਨਾਲ ਮੁਲਾਕਾਤ ਕਰਨ ਲਈ ਰਾਸ਼ਟਰਪਤੀ ਮਹਿਲ ਪਹੁੰਚੇ। ਫੋਰ ਸੀਜ਼ਨਜ਼ ਹੋਟਲ ਦੇ ਨੇੜੇ ਕਈ ਵਿਸਫੋਟਕਾਂ 'ਚ ਧਮਾਕਾ ਹੋਇਆ, ਜਿੱਥੇ ਉਹ ਠਹਿਰੇ ਹੋਏ ਸੀ। ਸੀਰੀਆ ਦੇ ਮੀਡੀਆ ਮੁਤਾਬਕ ਰਾਜਧਾਨੀ ਦੇ ਕੇਂਦਰੀ ਇਲਾਕੇ 'ਚ ਦੋ ਜ਼ੋਰਦਾਰ ਧਮਾਕਿਆਂ ਦੀ ਆਵਾਜ਼ ਸੁਣਾਈ ਦਿੱਤੀ। ਮੌਕੇ 'ਤੇ ਧੂੰਏਂ ਦਾ ਬੱਦਲ ਉੱਠਦਾ ਦੇਖਿਆ ਗਿਆ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਵੀਡੀਓ 'ਚ ਇਕ ਵਾਹਨ ਨੂੰ ਅੱਗ ਲੱਗੀ ਦਿਖਾਈ ਦੇ ਰਹੀ ਹੈ, ਜਦਕਿ ਸੜਕ 'ਤੇ ਖੂਨ ਦੇ ਧੱਬੇ ਵੀ ਸਾਫ ਦਿਖਾਈ ਦੇ ਰਹੇ ਹਨ। ਹਾਲਾਂਕਿ ਧਮਾਕਿਆਂ 'ਚ ਮਾਰੇ ਗਏ ਲੋਕਾਂ ਦੀ ਗਿਣਤੀ ਦੀ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਕੀਤੀ ਗਈ ਹੈ। ਕਿਸੇ ਸੰਗਠਨ ਨੇ ਇਸ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ। ਇਸ ਸਬੰਧੀ ਨਿਊਜ਼ ਏਜੰਸੀ ਰਾਇਟਰਜ਼ ਨੇ ਸੁਰੱਖਿਆ ਸੂਤਰਾਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਮੈਕਰੌਨ ਦੇ ਠਹਿਰੇ ਹੋਏ ਹੋਟਲ ਦੇ ਨੇੜੇ ਕਈ ਵਿਸਫੋਟਕ ਯੰਤਰ ਫਟ ਗਏ। ਧਮਾਕਿਆਂ ਤੋਂ ਬਾਅਦ, ਨੇੜਲੀਆਂ ਸੜਕਾਂ ਨੂੰ ਸੀਲ ਕਰ ਦਿੱਤਾ ਗਿਆ ਸੀ ਅਤੇ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਸੀ। ਫਰਾਂਸੀਸੀ ਰਾਸ਼ਟਰਪਤੀ ਦਫ਼ਤਰ, ਐਲੀਸੀ ਦੇ ਇੱਕ ਬਿਆਨ ਦੇ ਅਨੁਸਾਰ, ਮੈਕਰੌਨ ਉਸ ਸਵੇਰੇ ਰਾਸ਼ਟਰਪਤੀ ਮਹਿਲ ਵਿੱਚ ਇੱਕ ਮੀਟਿੰਗ ਲਈ ਹੋਟਲ ਤੋਂ ਬਾਹਰ ਨਿਕਲੇ ਸਨ। ਕਾਬਿਲੇਗੌਰ ਹੈ ਕਿ ਹੈ ਕਿ ਇਹ ਦੌਰਾ ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਇੱਕ ਮਹੀਨੇ ਤੱਕ ਚੱਲੀ ਜੰਗ ਤੋਂ ਬਾਅਦ ਮੱਧ ਪੂਰਬ ਵਿੱਚ ਮੁਕਾਬਲਤਨ ਸ਼ਾਂਤੀ ਦੇ ਸਮੇਂ ਹੋ ਰਿਹਾ ਹੈ। ਦਮਿਸ਼ਕ ਤੋਂ, ਮੈਕਰੋਨ ਅੱਜ ਨਾਟੋ ਸੰਮੇਲਨ ਲਈ ਤੁਰਕੀ ਦੀ ਰਾਜਧਾਨੀ ਅੰਕਾਰਾ ਲਈ ਰਵਾਨਾ ਹੋਣਗੇ। ਇੱਥੇ ਇਹ ਵੀ ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ, ਦਮਿਸ਼ਕ ਵਿੱਚ ਜਸਟਿਸ ਪੈਲੇਸ ਦੇ ਨੇੜੇ ਇੱਕ ਕੈਫੇ ਵਿੱਚ ਹੋਏ ਧਮਾਕੇ ਵਿੱਚ ਘੱਟੋ-ਘੱਟ 10 ਲੋਕਾਂ ਦੀ ਮੌਤ ਹੋ ਗਈ ਸੀ ਅਤੇ 20 ਹੋਰ ਜ਼ਖਮੀ ਹੋ ਗਏ ਸਨ। ਇਸ ਤੋਂ ਬਾਅਦ, ਇੱਕ ਹੋਰ ਧਮਾਕੇ ਦੀ ਖ਼ਬਰ ਸਾਹਮਣੇ ਆਈ ਹੈ। ਜਾਂਚ ਏਜੰਸੀਆਂ ਇਸ ਸਮੇਂ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਹਾਲਾਂਕਿ, ਇਹ ਅਜੇ ਸਪੱਸ਼ਟ ਨਹੀਂ ਹੈ ਕਿ ਇਹ ਹਮਲਾ ਕਿਸ ਸੰਗਠਨ ਨੇ ਕੀਤਾ ਹੈ। ਇਸ ਘਟਨਾ ਤੋਂ ਬਾਅਦ, ਫਰਾਂਸੀਸੀ ਰਾਸ਼ਟਰਪਤੀ ਦੀ ਸੁਰੱਖਿਆ ਵਿੱਚ ਇੱਕ ਵੱਡੀ ਕਮੀ ਮੰਨੀ ਜਾ ਰਹੀ ਹੈ।



## ਰੂਸ-ਯੂਕਰੇਨ ਜੰਗ ਖ਼ਤਮ ਹੋਣ ਦੇ ਕੰਢੇ : ਟਰੰਪ

**ਵਾਸ਼ਿੰਗਟਨ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਚਾਰ ਸਾਲਾਂ ਦੇ ਵੱਧ ਸਮੇਂ ਤੋਂ ਚੱਲ ਰਹੀ ਰੂਸ-ਯੂਕਰੇਨ ਜੰਗ ਦੇ ਖਾਤਮੇ ਨੂੰ ਲੈ ਕੇ ਇੱਕ ਵਾਰ ਫਿਰ ਆਸ ਦੀ ਕਿਰਨ ਨਜ਼ਰ ਆਈ ਹੈ। ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਨਾਟੋ ਸੰਮੇਲਨ ਤੋਂ ਇਲਾਵਾ ਕਿਹਾ ਕਿ ਯੂਕਰੇਨ ਵਿੱਚ ਸੰਘਰਸ਼ ਦਾ ਅੰਤ ਲੋਕਾਂ ਦੇ ਸੋਚਣ ਨਾਲੋਂ ਕਿਤੇ ਜ਼ਿਆਦਾ ਨੇੜੇ ਹੈ। ਰਾਸ਼ਟਰਪਤੀ ਟਰੰਪ ਨੇ ਪੱਤਰਕਾਰਾਂ ਨੂੰ ਕਿਹਾ, ÷ਮੈਨੂੰ ਲੱਗਦਾ ਹੈ ਕਿ ਅਸੀਂ ਯੂਕਰੇਨ ਵਿੱਚ ਸੰਘਰਸ਼ ਨੂੰ ਹੱਲ ਕਰਨ ਲਈ ਲੋਕਾਂ ਦੇ ਸੋਚਣ ਨਾਲੋਂ ਕਿਤੇ ਜ਼ਿਆਦਾ ਨੇੜੇ ਪਹੁੰਚ ਰਹੇ ਹਾਂ।" ਉਨ੍ਹਾਂ ਕਿਹਾ ਕਿ ਰੂਸ ਅਤੇ ਯੂਕਰੇਨ ਵਿਚਕਾਰ ਚੱਲ ਰਹੇ ਟਕਰਾਅ 'ਤੇ 7-8 ਜੁਲਾਈ ਨੂੰ ਤੁਰਕੀ ਦੇ ਅੰਕਾਰਾ ਵਿੱਚ ਹੋਣ ਵਾਲੇ ਨਾਟੋ ਸੰਮੇਲਨ ਵਿੱਚ ਚਰਚਾ ਕੀਤੀ ਜਾਵੇਗੀ। ਰਾਸ਼ਟਰਪਤੀ ਟਰੰਪ ਨੇ ਕਿਹਾ ਕਿ ਅਮਰੀਕਾ ਚੱਲ ਰਹੇ ਹਥਿਆਰਬੰਦ ਟਕਰਾਅ ਨੂੰ ਖਤਮ ਕਰਨ ਲਈ ਰੂਸ ਅਤੇ ਯੂਕਰੇਨ ਦੇ ਸੰਪਰਕ ਵਿੱਚ ਹੈ। ਟਰੰਪ ਨੇ ਕਿਹਾ, "ਉਹ (ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ) ਇਸ ਟਕਰਾਅ ਨੂੰ ਖਤਮ ਕਰਨਾ ਚਾਹੁੰਦੇ ਹਨ ਅਤੇ ਯੂਕਰੇਨ ਵੀ ਇਸਨੂੰ ਖਤਮ ਕਰਨਾ ਚਾਹੁੰਦਾ ਹੈ। ਸਾਡੀਆਂ ਗੱਲਬਾਤਾਂ ਚੱਲ ਰਹੀਆਂ ਹਨ ਅਤੇ ਅਸੀਂ ਦੇਖਾਂਗੇ ਕਿ ਕੀ ਅਸੀਂ ਇਸਨੂੰ ਹੱਲ ਕਰ ਸਕਦੇ ਹਾਂ। ਇਹ ਬਹੁਤ ਹੀ ਦੁਖਦਾਈ ਸਥਿਤੀ ਹੈ।" ਮਾਹਿਰਾਂ ਦਾ ਕਹਿਣਾ ਹੈ ਕਿ ਟਰੰਪ ਦੇ ਬਿਆਨ ਨਾਲ ਉਮੀਦ ਤਾਂ ਜ਼ਰੂਰ ਜਗੀ ਹੈ, ਪਰ ਅਸਲ ਸ਼ਾਂਤੀ ਲਈ ਦੋਵੇਂ ਦੇਸ਼ਾਂ ਨੂੰ ਕਈ ਔਖੇ ਮੁੱਦਿਆਂ 'ਤੇ ਸਹਿਮਤੀ ਬਣਾਉਣੀ ਪਵੇਗੀ। ਇਨ੍ਹਾਂ ਵਿੱਚ ਕਬਜ਼ੇ ਵਾਲੇ ਇਲਾਕੇ, ਸੁਰੱਖਿਆ ਦੀਆਂ ਗਾਰੰਟੀਆਂ, ਪਾਬੰਦੀਆਂ ਅਤੇ ਭਵਿੱਖ ਦੇ ਰਾਜਨੀਤਿਕ ਪ੍ਰਬੰਧ ਵਰਗੇ ਮੁੱਦੇ ਸ਼ਾਮਲ ਹਨ। ਜਦੋਂ ਤੱਕ ਇਨ੍ਹਾਂ ਮਸਲਿਆਂ 'ਤੇ ਸਮਝੌਤਾ ਨਹੀਂ ਹੁੰਦਾ, ਉਦੋਂ ਤੱਕ ਜੰਗ ਪੂਰੀ ਤਰ੍ਹਾਂ ਖ਼ਤਮ ਹੋਣ ਦੀ ਸੰਭਾਵਨਾ ਬਾਰੇ ਕੁਝ ਵੀ ਪੱਕਾ ਨਹੀਂ ਕਿਹਾ ਜਾ ਸਕਦਾ।



## ਸੰਜੀਵ ਅਰੋੜਾ ਦੀ ਜ਼ਮਾਨਤ ਅਰਜ਼ੀ 'ਤੇ ਸੁਣਵਾਈ ਟਲ਼ੀ, ਹਾਈ ਕੋਰਟ ਨੇ ਈ. ਡੀ. ਤੋਂ ਮੰਗੀ ਰਿਪੋਰਟ

**ਚੰਡੀਗੜ੍ਹ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਜ਼ਮਾਨਤ ਅਰਜ਼ੀ 'ਤੇ ਸੁਣਵਾਈ ਫ਼ਿਲਹਾਲ ਟਲ਼ ਗਈ ਹੈ। ਜਾਣਕਾਰੀ ਮੁਤਾਬਕ, ਹਾਈ ਕੋਰਟ ਨੇ 54 ਤੋਂ ਸਟੇਟਸ ਰਿਪੋਰਟ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ ਤੇ ਉਸ ਤੋਂ ਬਾਅਦ ਹੀ ਜ਼ਮਾਨਤ ਅਰਜ਼ੀ 'ਤੇ ਫ਼ੈਸਲਾ ਸੁਣਾਇਆ ਜਾਵੇਗਾ। ਰਿਪੋਰਟ ਮਿਲਣ ਤੋਂ ਬਾਅਦ ਹੀ ਕੋਰਟ ਫ਼ੈਸਲਾ ਲਵੇਗਾ ਕਿ ਮੰਤਰੀ ਸੰਜੀਵ ਅਰੋੜਾ ਨੂੰ ਜੇਲ੍ਹ ਵਿਚ ਰੱਖਣਾ ਹੈ ਜਾਂ ਫ਼ਿਰ ਜ਼ਮਾਨਤ ਦਿੱਤੀ ਜਾਵੇਗੀ। ਦੱਸ ਦਈਏ ਕਿ 54 ਵੱਲੋਂ 9 ਮਈ ਨੂੰ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਵਿਚ ਛਾਪਾ ਮਾਰ ਕੇ ਭ੍ਰਿਸ਼ਟਾਚਾਰ ਤੇ ਮਨੀ ਲਾਂਡਰਿੰਗ ਮਾਮਲੇ ਵਿਚ ਗ੍ਰਿਫ਼ਤਾਰ ਕੀਤਾ ਸੀ। ਇਸ ਵੇਲੇ ਉਹ ਗੁਰੂਗ੍ਰਾਮ ਦੀ ਜੇਲ੍ਹ ਵਿਚ ਬੰਦ ਹਨ। ਉਨ੍ਹਾ ਦੀ ਜ਼ਮਾਨਤ ਅਰਜ਼ੀ ਨੂੰ ਪਹਿਲਾਂ ਗੁਰੂਗ੍ਰਾਮ ਦੀ ਵਿਸ਼ੇਸ਼ ਕੋਰਟ ਨੇ ਖਾਰਿਜ ਕਰ ਦਿੱਤਾ ਸੀ।



## ਨਹੀਂ ਰਹੇ ਭਾਰਤ ਦੇ 'ਬ੍ਰਿਜ ਮੈਨ' ਗਿਰੀਸ਼ ਭਾਰਦਵਾਜ

**ਮੰਗਲੂਰੂ, 7 ਜੁਲਾਈ (ਸਟਿੰਗ ਆਪ੍ਰੇਸ਼ਨ ਬਿਊਰੋ)**-ਪਦਮਸ਼੍ਰੀ ਪੁਰਸਕਾਰ ਨਾਲ ਸਨਮਾਨਿਤ ਤੇ ਦੂਰ-ਦੁਰਾਡੇ ਦੇ ਪਿੰਡਾਂ 'ਚ ਘੱਟ ਲਾਗਤ ਵਾਲੇ ਸਸਪੈਂਸ਼ਨ ਪੁਲ ਬਣਾਉਣ ਲਈ ਪ੍ਰਸਿੱਧ 'ਸੇਤੂ ਪੁਰਸ਼' ਗਿਰੀਸ਼ ਭਾਰਦਵਾਜ (76) ਦਾ ਮੰਗਲਵਾਰ ਸਵੇਰੇ ਕਰਨਾਟਕ ਦੇ ਦੱਖਣੀ ਕੰਨੜ ਜ਼ਿਲੇ ਦੇ ਸੁਲੀਆ 'ਚ ਇਕ ਨਿੱਜੀ ਹਸਪਤਾਲ 'ਚ ਦਿਹਾਂਤ ਹੋ ਗਿਆ। ਇਕ ਮਕੈਨੀਕਲ ਇੰਜੀਨੀਅਰ ਭਾਰਦਵਾਜ ਨੇ ਪੂਰੇ ਦੇਸ਼ 'ਚ ਪਿਛਲੇ 3 ਦਹਾਕਿਆਂ ਦਰਾਨ 140 ਤੋਂ ਵੱਧ ਸਸਪੈਂਸ਼ਨ ਫੁੱਟਬ੍ਰਿਜ ਬਣਵਾਏ। ਇਸ ਨਾਲ ਦੂਰ-ਦੁਰਾਡੇ ਦੇ ਪੇਂਡੂ ਲੋਕਾਂ ਨੂੰ ਲਾਭ ਹੋਇਆ। ਉਨ੍ਹਾਂ ਦੇ ਵਿਲੱਖਣ ਤੇ ਘੱਟ ਲਾਗਤ ਵਾਲੇ ਪੁਲਾਂ ਨੇ ਸਕੂਲਾਂ, ਹਸਪਤਾਲਾਂ ਤੇ ਬਾਜ਼ਾਰਾਂ ਤੱਕ ਪੂਰਾ ਸਾਲ ਪਹੁੰਚ ਪ੍ਰਦਾਨ ਕਰ ਕੇ ਹਜ਼ਾਰਾਂ ਲੋਕਾਂ ਦੀ ਜ਼ਿੰਦਗੀ ਬਦਲ ਦਿੱਤੀ। ਭਾਰਦਵਾਜ ਨੇ 1989 'ਚ ਪਯਾਸਵਿਨੀ ਨਦੀ 'ਤੇ ਆਪਣਾ ਪਹਿਲਾ ਸਸਪੈਂਸ਼ਨ ਪੁਲ ਬਣਾਇਆ। ਉਨ੍ਹਾਂ ਦਾ ਕੰਮ ਬਾਅਦ 'ਚ ਕਰਨਾਟਕ, ਕੇਰਲਮ ਤੇ ਕਈ ਹੋਰ ਸੂਬਿਆਂ 'ਚ ਫੈਲ ਗਿਆ ਜਿਸ ਨਾਲ ਉਨ੍ਹਾਂ ਨੂੰ ਭਾਰਤ ਦੇ 'ਬ੍ਰਿਜ ਮੈਨ' ਜਾਂ 'ਸੇਤੂ ਪੁਰਸ਼' ਵਜੋਂ ਮਾਨਤਾ ਮਿਲੀ।



## 'ਸਤਲੁਜ' ਫਿਲਮ 'ਤੇ ਪਾਬੰਦੀ ਵਿਰੁੱਧ ਨਿਤਰੀ ਪੰਜਾਬੀ ਫਿਲਮ ਇੰਡਸਟਰੀ

**ਨਵੀਂ ਦਿੱਲੀ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਦਾਕਾਰ ਦਿਲਜੀਤ ਦੋਸਾਂਝ ਦੀ ਫਿਲਮ 'ਸਤਲੁਜ' ਨੂੰ ਭਾਰਤ ਵਿੱਚ ਜੀ-5 ਤੋਂ ਹਟਾਏ ਜਾਣ ਤੋਂ ਬਾਅਦ ਪੰਜਾਬੀ ਫਿਲਮ ਇੰਡਸਟਰੀ ਦੇ ਕਲਾਕਾਰਾਂ ਵੱਲੋਂ ਇਸ ਦਾ ਵਿਰੋਧ ਕੀਤਾ ਜਾ ਰਿਹਾ ਹੈ। ਪੰਜਾਬੀ ਗਾਇਕ ਜਸਬੀਰ ਜੱਸੀ ਨੇ ਕਿਹਾ ਕਿ ਭਾਵੇਂ ਭਾਰਤ ਵਿੱਚ ਜੀ-5 ਤੋਂ ਫਿਲਮ 'ਸਤਲੁਜ' ਨੂੰ ਹਟਾ ਦਿੱਤਾ ਗਿਆ ਹੈ, ਪਰ ਅਮਰੀਕਾ ਸਮੇਤ ਦੁਨੀਆ ਦੇ ਹੋਰ ਦੇਸ਼ਾਂ ਵਿੱਚ ਦਰਸ਼ਕ ਅਜੇ ਵੀ ਇਸ ਨੂੰ ਦੇਖ ਸਕਦੇ ਹਨ। ਉਨ੍ਹਾਂ ਕਿਹਾ, "ਅਮਰੀਕਾ ਵਿੱਚ ਲੋਕ ਇਹ ਫਿਲਮ ਦੇਖ ਸਕਦੇ ਹਨ ਅਤੇ ਦੁਨੀਆ ਦੇ ਹੋਰ ਹਿੱਸਿਆਂ ਵਿੱਚ ਵੀ ਇਹ ਉਪਲਬਧ ਹੈ। ਇੰਨਾ ਹੀ ਨਹੀਂ, ਲੋਕਾਂ ਨੇ ਇਸ ਫਿਲਮ ਨੂੰ ਵਟਸਐਪ 'ਤੇ ਇੰਨਾ ਜ਼ਿਆਦਾ ਸਾਂਝਾ ਕੀਤਾ ਅਤੇ ਡਾਊਨਲੋਡ ਕੀਤਾ ਹੈ ਕਿ ਮੈਨੂੰ ਨਹੀਂ ਲੱਗਦਾ ਪਹਿਲਾਂ ਕਦੇ ਕਿਸੇ ਫਿਲਮ ਦੀਆਂ ਕਾਪੀਆਂ ਕਿਸੇ ਦੇ ਵਟਸਐਪ 'ਤੇ 10, 12 ਜਾਂ 15 ਵਾਰ ਵੀ ਆਈਆਂ ਹੋਣ।" ਜੱਸੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੂੰ ਸਮਝ ਨਹੀਂ ਆ ਰਹੀ ਕਿ ਭਾਰਤ ਵਿੱਚ ਇਸ ਫਿਲਮ ਨੂੰ ਪਲੇਟਫਾਰਮ ਤੋਂ ਕਿਉਂ ਹਟਾਇਆ ਗਿਆ। ਉਨ੍ਹਾਂ ਦਾ ਕਹਿਣਾ ਸੀ ਕਿ ਫਿਲਮ ਵਿੱਚ ਅਜਿਹਾ ਕੁਝ ਵੀ ਨਹੀਂ ਹੈ ਜਿਸ ਦੇ ਆਧਾਰ 'ਤੇ ਇਸ ਨੂੰ ਹਟਾਉਣ ਦਾ ਫ਼ੈਸਲਾ ਜਾਇਜ਼ ਠਹਿਰਾਇਆ ਜਾ ਸਕੇ। ਪੰਜਾਬੀ ਗਾਇਕ ਸੁਖੀ ਬਰਾੜ ਨੇ ਕਿਹਾ ਕਿ ਇਹ ਬਹੁਤ ਹੀ ਦੁੱਖਦਾਈ ਗੱਲ ਹੈ। ਉਨ੍ਹਾਂ ਦੱਸਿਆ ਕਿ ਉਹ ਅੱਜ ਫਿਲਮ ਦੇਖਣ ਦੀ ਯੋਜਨਾ ਬਣਾ ਰਹੇ ਸਨ, ਪਰ ਇਸ ਤੋਂ ਪਹਿਲਾਂ ਹੀ ਇਸ ਨੂੰ ਓ. ਟੀ. ਟੀ. ਪਲੇਟਫਾਰਮ ਤੋਂ ਹਟਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਫਿਲਮ ਦੇਖ ਲਈ ਹੈ, ਉਨ੍ਹਾਂ ਦੇ ਦਿਲਾਂ ਵਿੱਚ ਇਹ ਫਿਲਮ ਦੋ ਦਿਨਾਂ ਵਿੱਚ ਹੀ ਆਪਣੀ ਜਗ੍ਹਾ ਬਣਾ ਚੁੱਕੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਭਾਰਤ ਤੋਂ ਇਲਾਵਾ ਅਮਰੀਕਾ ਅਤੇ ਹੋਰ ਦੇਸ਼ਾਂ ਵਿੱਚ ਇਹ ਫਿਲਮ ਅਜੇ ਵੀ ਦੇਖੀ ਜਾ ਸਕਦੀ ਹੈ। ਸੁਖੀ ਬਰਾੜ ਮੁਤਾਬਕ, ਫਿਲਮ ਨੂੰ ਲੋਕਾਂ ਨੇ ਇੰਨੀ ਵੱਡੀ ਗਿਣਤੀ ਵਿੱਚ ਡਾਊਨਲੋਡ ਕਰਕੇ ਵਟਸਐਪ 'ਤੇ ਸਾਂਝਾ ਕੀਤਾ ਹੈ ਕਿ ਸ਼ਾਇਦ ਹੀ ਪਹਿਲਾਂ ਕਿਸੇ ਫਿਲਮ ਨਾਲ ਅਜਿਹਾ ਹੋਇਆ ਹੋਵੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸਮਝ ਨਹੀਂ ਆ ਰਹੀ ਕਿ ਆਖ਼ਿਰ ਭਾਰਤ ਵਿੱਚ ਇਸ ਫਿਲਮ ਨੂੰ ਕਿਉਂ ਹਟਾਇਆ ਗਿਆ, ਜਦਕਿ ਫਿਲਮ ਵਿੱਚ ਅਜਿਹਾ ਕੁਝ ਵੀ ਨਹੀਂ ਹੈ ਜੋ ਇਸ ਤਰ੍ਹਾਂ ਦੀ ਕਾਰਵਾਈ ਨੂੰ ਜਾਇਜ਼ ਠਹਿਰਾਵੇ। ਇਸ ਮਾਮਲੇ 'ਤੇ ਪੰਜਾਬੀ ਅਦਾਕਾਰ ਦੇਵ ਖਰੋੜ ਨੇ ਵੀ ਸਖ਼ਤ ਪ੍ਰਤੀਕਿਰਿਆ ਦਿੱਤੀ। ਉਨ੍ਹਾਂ ਫਿਲਮ 'ਤੇ ਪਾਬੰਦੀ ਦੀ ਨਿੰਦਾ ਕਰਦਿਆਂ ਕਿਹਾ ਕਿ "ਇਹ ਸਰਕਾਰ ਦਾ ਸ਼ਰੇਆਮ ਧੱਕਾ ਹੈ। ਫਿਲਮ ਆਉਣੀ ਚਾਹੀਦੀ ਹੈ, ਕਿਉਂਕਿ ®"" ਪਲੇਟਫਾਰਮ 'ਤੇ ਕੋਈ ਸੈਂਸਰ ਨਹੀਂ ਹੁੰਦਾ। ਜੇ ਹੁਣ ਸਰਕਾਰ ਓ. ਟੀ. ਟੀ. 'ਤੇ ਵੀ ਸੈਂਸਰ ਲਗਾਉਣ ਲੱਗ ਪਈ ਤਾਂ ਇਹ ਚਿੰਤਾ ਦੀ ਗੱਲ ਹੈ। ਇਨ੍ਹਾਂ ਤੋਂ ਇਲਾਵਾ ਪੰਜਾਬੀ ਸੰਗੀਤ ਜਗਤ ਦੇ ਗਾਇਕ ਤੇ ਅਦਾਕਾਰ ਜੈਜੀ ਬੀ, ਅਮਰਿੰਦਰ ਗਿੱਲ, ਤਰਸੇਮ ਜੱਸੜ, ਮਨਿੰਦਰ ਬੁੱਟਰ, ਜੈ ਰੰਧਾਵਾ, ਬੀਰ ਸਿੰਘ, ਕਾਕਾ, ਨੇ ਵੀ ਫਿਲਮ ਉਪਰ ਲਾਈ ਰੋਕ ਲਾਉਣ ਦੀ ਨਿਖੇਧੀ ਕੀਤੀ ਹੈ।



## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਸਤਲੁਜ ਫ਼ਿਲਮ 'ਤੇ ਪਾਬੰਦੀ ਦੀ ਕੀਤੀ ਨਿੰਦਾ

**ਦਿੱਲੀ/ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਉੱਤੇ ਬਣੀ ਫ਼ਿਲਮ ਸਤਲੁਜ ਦਾ ਪ੍ਰਸਾਰਣ ਭਾਰਤ ਅੰਦਰ ਰੋਕਣ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਨੂੰ ਵਿਚਾਰਾਂ ਦੀ ਅਜ਼ਾਦੀ ਨੂੰ ਦਬਾਉਣ ਵਾਲੀ ਕਾਰਵਾਈ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਸੰਸਾਰ ਵਿੱਚ ਵਿਚਾਰ ਦੇਣ ਦੀ ਖੁੱਲ੍ਹ ਹੈ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦੀ ਗੱਲ ਵੀ ਵੱਡੇ ਪੱਧਰ ਉੱਤੇ ਹੁੰਦੀ ਹੈ ਤਾਂ ਦੇਸ਼ ਅੰਦਰ ਘੱਟ-ਗਿਣਤੀ ਸਿੱਖਾਂ ਵਿਰੁੱਧ ਕੀਤੇ ਗਏ ਤਸ਼ੱਦਦ ਨੂੰ ਦੁਨੀਆ ਦੇ ਸਾਹਮਣੇ ਆਉਣ ਤੋਂ ਰੋਕਣਾ ਗ਼ੈਰ-ਸੰਵਿਧਾਨਕ ਅਤੇ ਧੱਕੇ ਵਾਲੀ ਕਾਰਵਾਈ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ 1990 ਦੇ ਦਹਾਕੇ ਅੰਦਰ ਜਦੋਂ ਸਿੱਖ ਨੌਜਵਾਨਾਂ ਦਾ ਕਤਲੇਆਮ ਅਤੇ ਝੂਠੇ ਪੁਲਿਸ ਮੁਕਾਬਲੇ ਕੀਤੇ ਗਏ ਤਾਂ ਮਨੁੱਖੀ ਅਧਿਕਾਰਾਂ ਦੇ ਰਾਖੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਨੇ ਸੰਘਰਸ਼ ਅਤੇ ਮਿਹਨਤ ਨਾਲ ਕਤਲ ਕੀਤੇ ਨੌਜਵਾਨਾਂ ਦੇ ਵੇਰਵੇ ਇਕੱਤਰ ਕਰਕੇ ਦੁਨੀਆ ਦੇ ਸਾਹਮਣੇ ਰੱਖੇ। ਉਨ੍ਹਾਂ ਕਿਹਾ ਕਿ ਭਾਈ ਖਾਲੜਾ ਦੀ ਕਹਾਣੀ ਮਨੁੱਖੀ ਅਧਿਕਾਰਾਂ ਦੀ ਹੋਈ ਵੱਡੀ ਉਲੰਘਣਾ ਨੂੰ ਉਜਾਗਰ ਕਰਦੀ ਹੈ ਅਤੇ ਸੱਚ ਨੂੰ ਕਦੇ ਵੀ ਦਬਾਇਆ ਨਹੀਂ ਜਾ ਸਕਦਾ ਉਹ ਹਮੇਸ਼ਾ ਸਾਹਮਣੇ ਆ ਕੇ ਹੀ ਰਹਿੰਦਾ ਹੈ। ਉਨ੍ਹਾਂ ਜ਼ੋਰ ਦੇ ਕਿ ਕਿਹਾ ਅੱਜ ਜਦੋਂ ਦੇਸ਼ ਅੰਦਰ ਵੱਖ-ਵੱਖ ਭਾਈਚਾਰਿਆਂ ਖ਼ਾਸਕਰ ਬਹੁ-ਗਿਣਤੀ ਉੱਤੇ ਹੋਏ ਤਸ਼ੱਦਦ ਬਾਰੇ ਫ਼ਿਲਮਾਂ ਅਜ਼ਾਦੀ ਨਾਲ ਦਿਖਾਈਆਂ ਜਾ ਸਕਦੀਆਂ ਹਨ ਤਾਂ ਘੱਟ-ਗਿਣਤੀ ਸਿੱਖਾਂ ਉੱਤੇ ਹੋਏ ਤਸ਼ੱਦਦ ਬਾਰੇ ਫ਼ਿਲਮ ਦੀ ਅਵਾਜ਼ ਦਬਾਉਣਾ ਬਿਲਕੁਲ ਉਚਿਤ ਨਹੀਂ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਰਕਾਰ ਨੂੰ ਦਿਲ ਵੱਡਾ ਕਰਦਿਆਂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਉਜਾਗਰ ਕੀਤਾ ਸੱਚ ਦੇਸ਼ ਵਾਸੀਆਂ ਦੇ ਸਾਹਮਣੇ ਆਉਣ ਦੇਣਾ ਚਾਹੀਦਾ ਹੈ ਅਤੇ ਸਤਲੁਜ ਫ਼ਿਲਮ ਦਾ ਪ੍ਰਸਾਰਣ ਹੋਣ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੱਚ ਤੋਂ ਜਿਤਨਾ ਦੂਰ ਭੱਜਿਆ ਜਾਵੇ ਸੱਚ ਉਤਨਾ ਹੀ ਜ਼ੋਰ ਨਾਲ ਦੁਨੀਆ ਦੇ ਸਾਹਮਣੇ ਪ੍ਰਤੱਖ ਹੁੰਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਪਤਾ ਲੱਗਣਾ ਚਾਹੀਦਾ ਹੈ ਕਿ ਜੁਰਮ ਕਰਨ ਵਾਲਾ ਕਦੇ ਵੀ ਬਚ ਨਹੀਂ ਸਕਦਾ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲਿਆਂ ਦਾ ਸੱਚ ਸਮੇਂ-ਸਮੇਂ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੁਹਾਲੀ ਦੀ ਸੀ.ਬੀ.ਆਈ. ਅਦਾਲਤ ਰਾਹੀਂ ਸਾਹਮਣੇ ਆ ਰਿਹਾ ਹੈ।




ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ . ਕੇ .
ਪਰਮਿੰਦਰ ਸਿੰਘ ਬੱਲ — ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ
ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਕ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।



ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
✓ Full & Interim Servicing
✓ Diagnostics & Fault Finding
✓ Clutches & Gearboxes
✓ Timing Chains & Cambelts
✓ DPF & Engine Repairs
✓ Brakes, Suspension & Exhausts
✓ Experienced mechanics
✓ (7–10 years)
✓ Honest advice & fair pricing
✓ Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731
+1 209 624 6549
+1 209 624 91




**ਫ਼ਿਲਮ "ਸਤਲੁਜ" ਨੂੰ ਜੀ-5 ਤੋਂ ਹਟਾਉਣਾ ਇਤਿਹਾਸਕ ਸੱਚ ਅਤੇ ਮਨੁੱਖੀ ਅਧਿਕਾਰਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ : ਅਕਾਲੀ ਦਲ ਵਾਰਿਸ ਪੰਜਾਬ ਦੇ**

# ਬਾਪੂ ਤਰਸੇਮ ਸਿੰਘ, ਮਨਪ੍ਰੀਤ ਸਿੰਘ ਇਆਲੀ ਅਤੇ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਵਿੱਚ ਡੀ ਸੀ ਤਰਨਤਾਰਨ ਰਾਹੀਂ ਰਾਜਪਾਲ ਨੂੰ ਭੇਜਿਆ ਮੰਗ-ਪੱਤਰ






**ਤਰਨਤਾਰਨ 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ ਅਤੇ ਸੰਘਰਸ਼ 'ਤੇ ਆਧਾਰਿਤ ਫ਼ਿਲਮ "ਸਤਲੁਜ" ਨੂੰ ਜੀ-5 ਓ. ਟੀ. ਟੀ. ਪਲੇਟਫਾਰਮ ਤੋਂ ਹਟਾਏ ਜਾਣ ਦੇ ਵਿਰੋਧ ਵਿੱਚ ਅੱਜ ਇੱਕ ਵਿਸ਼ਾਲ ਰੋਸ ਮਾਰਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ, ਸ੍ਰ ਮਨਪ੍ਰੀਤ ਸਿੰਘ ਇਆਲੀ ਐਮ ਐਲ ਏ ਹਲਕਾ ਦਾਖਾਂ ਅਤੇ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਵਿੱਚ ਕੱਢਿਆ ਗਿਆ ਉਪਰੰਤ ਪੰਜਾਬ ਦੇ ਰਾਜਪਾਲ ਦੇ ਨਾਮ ਇੱਕ ਮੰਗ-ਪੱਤਰ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੀਂ ਭੇਜਿਆ ਗਿਆ। ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿੱਚੋਂ ਹਲਕਾ ਦਾਖਾ ਤੋਂ ਵਿਧਾਇਕ ਸ੍ਰ. ਮਨਪ੍ਰੀਤ ਸਿੰਘ ਇਆਲੀ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਐਡਵੋਕੇਟ ਕਰਮਵੀਰ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜਸਕਰਨ ਸਿੰਘ ਰਿਆੜ, ਭਾਈ ਸਰਬਜੀਤ ਸਿੰਘ ਖਾਨਪੁਰ, ਭਾਈ ਦਲਜੀਤ ਸਿੰਘ ਮਿਆਦੀਆ, ਭਾਈ ਰਛਪਾਲ ਸਿੰਘ ਸੋਸਣ, ਸਰਪੰਚ ਹਰਜਿੰਦਰ ਸਿੰਘ ਜੀਰਾ, ਭਾਈ ਦਯਾ ਸਿੰਘ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਅਮਨਦੀਪ ਸਿੰਘ ਨਾਰਲੀ, ਬਾਬਾ ਹਰਪ੍ਰੀਤ ਸਿੰਘ, ਬਾਬਾ ਜਰਮਨਜੀਤ ਸਿੰਘ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਨਾਥਵਿੰਦਰ ਸਿੰਘ ਅਲਕੜੇ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਪਰਮਜੀਤ ਸਿੰਘ ਵਣੀਏਕੇ, ਭਾਈ ਮਨਵਿੰਦਰ ਸਿੰਘ ਦਕੋਹਾ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਸੁਰਜੀਤ ਸਿੰਘ ਭੂਰਾ, ਬਾਬਾ ਬਿਬੇਕ ਸਿੰਘ, ਭਾਈ ਅਮਰੀਕ ਸਿੰਘ ਬਿੱਟਾ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਜਗਜੀਤ ਸਿੰਘ ਰਾਮੂਵਾਲ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਗਨੰਦਨ ਸਿੰਘ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਨੇ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਸੱਚ ਨੂੰ ਦੁਨੀਆ ਸਾਹਮਣੇ ਲਿਆਉਣ ਲਈ ਆਪਣਾ ਜੀਵਨ ਕੁਰਬਾਨ ਕੀਤਾ। ਉਨ੍ਹਾਂ ਦੇ ਜੀਵਨ 'ਤੇ ਆਧਾਰਿਤ ਫ਼ਿਲਮ ਨੂੰ ਪਹਿਲਾਂ ਲੰਬੇ ਸਮੇਂ ਤੱਕ ਰਿਲੀਜ਼ ਤੋਂ ਰੋਕਿਆ ਗਿਆ ਅਤੇ ਬਾਅਦ ਵਿੱਚ "ਸਤਲੁਜ" ਨਾਮ ਹੇਠ ਰਿਲੀਜ਼ ਹੋਣ ਤੋਂ ਕੇਵਲ ਦੋ ਦਿਨ ਬਾਅਦ ਹੀ ➢555 ਤੋਂ ਹਟਾ ਦੇਣਾ ਬੇਹੱਦ ਨਿੰਦਣਯੋਗ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਕਦਮ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਇਹ ਪ੍ਰਭਾਵ ਪੈਦਾ ਕਰਦੀਆਂ ਹਨ ਕਿ ਸਿੱਖ ਕੌਮ ਨਾਲ ਜੁੜੇ ਇਤਿਹਾਸਕ ਅਤੇ ਮਨੁੱਖੀ ਅਧਿਕਾਰਾਂ ਦੇ ਸੰਵੇਦਨਸ਼ੀਲ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਤਿਹਾਸਕ ਸੱਚ ਨੂੰ ਦਬਾਉਣ ਦੀ ਬਜਾਏ ਲੋਕਾਂ ਸਾਹਮਣੇ ਆਉਣ ਦੇਣਾ ਹੀ ਲੋਕਤੰਤਰ ਦੀ ਅਸਲ ਭਾਵਨਾ ਹੈ। ਪਾਰਟੀ ਆਗੂਆਂ ਨੇ ਮੰਗ ਕੀਤੀ ਕਿ ਫ਼ਿਲਮ "ਸਤਲੁਜ" ਨੂੰ ਤੁਰੰਤ ਜੀ-5 ਓ. ਟੀ. ਟੀ. ਪਲੇਟਫਾਰਮ 'ਤੇ ਮੁੜ ਬਹਾਲ ਕੀਤਾ ਜਾਵੇ, ਇਸ ਨੂੰ ਹਟਾਉਣ ਦੇ ਅਸਲ ਕਾਰਨਾਂ ਬਾਰੇ ਜਨਤਕ ਤੌਰ 'ਤੇ ਸਪੱਸ਼ਟੀਕਰਨ ਦਿੱਤਾ ਜਾਵੇ ਅਤੇ ਭਵਿੱਖ ਵਿੱਚ ਕਿਸੇ ਵੀ ਮਨੁੱਖੀ ਅਧਿਕਾਰਾਂ ਨਾਲ ਸਬੰਧਿਤ ਫਿਲਮ ਨੂੰ ਇਸ ਤਰ੍ਹਾਂ ਰੋਕਣ ਦੀ ਪ੍ਰਵਿਰਤੀ ਤੋਂ ਗੁਰੇਜ਼ ਕੀਤਾ ਜਾਵੇ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ‘ਸਤਲੁਜ’ ’ਤੇ ਪਾਬੰਦੀ ਸੱਚ ਨੂੰ ਕੈਦ ਕਰਨ ਦੀ ਨਾਕਾਮ ਕੋਸ਼ਿਸ਼

# 18 ਜੁਲਾਈ ਨੂੰ ਵੈਨਕੂਵਰ ਭਾਰਤੀ ਅੰਬੈਸੀ ਅੱਗੇ ਹੋਵੇਗਾ ਵਿਸ਼ਾਲ ਰੋਸ ਪ੍ਰਦਰਸ਼ਨ: ਟੀਮ ਨਿੱਝਰ



**ਨਵੀਂ ਦਿੱਲੀ, 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਟੀਮ ਨਿੱਝਰ ਕੈਨੇਡਾ ਨੇ ਭਾਰਤ ਸਰਕਾਰ ਵੱਲੋਂ ‘ਸਤਲੁਜ’ ਫ਼ਿਲਮ ’ਤੇ ਪਾਬੰਦੀ ਲਗਾਉਣ ਦੇ ਫ਼ੈਸਲੇ ਨੂੰ ਸਖ਼ਤ ਸ਼ਬਦਾਂ ਵਿੱਚ ਰੱਦ ਕਰਦਿਆਂ ਕਿਹਾ ਹੈ ਕਿ ਇਤਿਹਾਸ ਨਾਲ ਜੁੜੇ ਸੰਵੇਦਨਸ਼ੀਲ ਵਿਸ਼ਿਆਂ ਨੂੰ ਸੈਂਸਰਸ਼ਿਪ ਰਾਹੀਂ ਦਬਾਉਣਾ ਲੋਕਤੰਤਰੀ ਕਦਰਾਂ-ਕੀਮਤਾਂ, ਪ੍ਰਗਟਾਵੇ ਦੀ ਆਜ਼ਾਦੀ ਅਤੇ ਸੱਚ ਸਾਹਮਣੇ ਲਿਆਉਣ ਦੇ ਹੱਕ ’ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਟੀਮ ਦਾ ਕਹਿਣਾ ਹੈ ਕਿ ਕਿਸੇ ਵੀ ਇਤਿਹਾਸਕ ਘਟਨਾ ਬਾਰੇ ਬਣੀ ਫ਼ਿਲਮ ਨੂੰ ਪਾਬੰਦੀ ਰਾਹੀਂ ਰੋਕਣਾ ਚਰਚਾ ਨੂੰ ਦਬਾਉਣ ਦਾ ਰਸਤਾ ਨਹੀਂ ਹੋ ਸਕਦਾ। ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ ਅਤੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ 1980-90 ਦੇ ਦਹਾਕੇ ਨਾਲ ਜੁੜੇ ਮਨੁੱਖੀ ਅਧਿਕਾਰਾਂ ਦੇ ਮੁੱਦਿਆਂ ਅਤੇ ਉਨ੍ਹਾਂ ਨਾਲ ਸੰਬੰਧਿਤ ਇਤਿਹਾਸਕ ਘਟਨਾਵਾਂ ’ਤੇ ਖੁੱਲ੍ਹੀ, ਨਿਰਪੱਖ ਅਤੇ ਪਾਰਦਰਸ਼ੀ ਚਰਚਾ ਹੋਣੀ ਚਾਹੀਦੀ ਹੈ। ਸੱਚ ਨੂੰ ਰੋਕਣ ਦੀ ਹਰ ਕੋਸ਼ਿਸ਼ ਨਾਲ ਇਨ੍ਹਾਂ ਸਵਾਲਾਂ ਨੂੰ ਹੋਰ ਬਲ ਮਿਲਦਾ ਹੈ। ਟੀਮ ਨੇ ਸੰਯੁਕਤ ਰਾਸ਼ਟਰ, ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਸੰਸਥਾਵਾਂ, ਲੋਕਤੰਤਰੀ ਦੇਸ਼ਾਂ ਦੀਆਂ ਸਰਕਾਰਾਂ ਅਤੇ ਵਿਸ਼ਵ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦਾ ਨੋਟਿਸ ਲੈਣ ਅਤੇ ਪ੍ਰਗਟਾਵੇ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ। ਟੀਮ ਨਿੱਝਰ ਕੈਨੇਡਾ ਨੇ ਐਲਾਨ ਕੀਤਾ ਕਿ 18 ਜੁਲਾਈ ਨੂੰ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੇ ਵਿਰੋਧ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਵੈਨਕੂਵਰ ਭਾਰਤੀ ਅੰਬੈਸੀ ਦੇ ਸਾਹਮਣੇ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਟੀਮ ਨੇ ਸਮੂਹ ਸੰਗਤਾਂ, ਮਨੁੱਖੀ ਅਧਿਕਾਰਾਂ ਦੇ ਹਮਾਇਤੀਆਂ ਅਤੇ ਇਨਸਾਫ਼ ਪਸੰਦ ਲੋਕਾਂ ਨੂੰ ਇਸ ਰੋਸ ਪ੍ਰਦਰਸ਼ਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ, ਤਾਂ ਜੋ ਇਹ ਸੁਨੇਹਾ ਵਿਸ਼ਵ ਭਾਈਚਾਰੇ ਤੱਕ ਪਹੁੰਚ ਸਕੇ ਕਿ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਅੱਜ ਵੀ ਕਾਇਮ ਹੈ। ਇਸ ਮੌਕੇ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ ਦੇ ਨਾਲ ਭਾਈ ਮਨਜਿੰਦਰ ਸਿੰਘ ਐਸਐਫਜੇ, ਭਾਈ ਜਸਕੀਰਤ ਸਿੰਘ ਸਿੱਧੂ, ਭਾਈ ਇੰਦਰਜੀਤ ਸਿੰਘ ਬੈਂਸ, ਭਾਈ ਦਲਜੀਤ ਸਿੰਘ, ਭਾਈ ਅਜੈਪਾਲ ਸਿੰਘ, ਭਾਈ ਰਣਜੀਤ ਸਿੰਘ, ਭਾਈ ਜਰਨੈਲ ਸਿੰਘ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਪਵਨਦੀਪ ਸਿੰਘ ਅਤੇ ਭਾਈ ਚਰਨਜੀਤ ਸਿੰਘ ਹਾਜ਼ਰ ਸਨ।

**ਸਿੱਖ ਇਤਿਹਾਸ ਨਹੀਂ ਦਬੇਗਾ— ‘ਸਤਲੁਜ’ ’ਤੇ ਭਾਰਤੀ ਪਾਬੰਦੀ ਦਾ ਦੁਨੀਆ ਭਰ ਵਿੱਚ ਹੋਵੇਗਾ ਵਿਰੋਧ**

## ‘ਪੰਜਾਬ 95’ (ਸਤਲੁਜ) ਫ਼ਿਲਮ ਨੂੰ ਹਟਾਉਣਾ

# ਸੱਚ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ : ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ



**ਚੌਕ ਮਹਿਤਾ, 7 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ, ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਵਾਲਿਆਂ ਨੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਜੀਵਨ ’ਤੇ ਆਧਾਰਿਤ ਫ਼ਿਲਮ ’ਪੰਜਾਬ 95’, ਜੋ ਬਾਅਦ ਵਿੱਚ ’ਸਤਲੁਜ’ ਨਾਮ ਨਾਲ ਰਿਲੀਜ਼ ਕੀਤੀ ਗਈ, ਨੂੰ ਉਟੀਟੀ,ਪਲੇਟਫਾਰਮ ਤੋਂ ਹਟਾਏ ਜਾਣ ਨੂੰ ਮੰਦਭਾਗਾ ਕਰਾਰ ਦਿੰਦਿਆਂ ਇਸ ਦੀ ਸਖ਼ਤ ਨਿਖੇਧੀ ਕੀਤੀ ਹੈ। ਜਾਰੀ ਬਿਆਨ ਵਿੱਚ ਸੰਤ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਇਹ ਫ਼ਿਲਮ ਕਰੀਬ ਤਿੰਨ ਤੋਂ ਚਾਰ ਸਾਲ ਤੱਕ ਰਿਲੀਜ਼ ਸਬੰਧੀ ਕਾਨੂੰਨੀ ਅਤੇ ਸੈਂਸਰ ਪ੍ਰਕਿਰਿਆਵਾਂ ਵਿੱਚ ਉਲਝੀ ਰਹੀ। ਬਾਅਦ ਵਿੱਚ ਨਾਮ ਬਦਲ ਕੇ ਇਸ ਨੂੰ ਓਟੀਟੀ ਪਲੇਟਫਾਰਮ ’ਤੇ ਰਿਲੀਜ਼ ਕੀਤਾ ਗਿਆ, ਪਰ ਉਨ੍ਹਾਂ ਦੇ ਦਾਅਵੇ ਅਨੁਸਾਰ ਰਿਲੀਜ਼ ਤੋਂ ਲਗਭਗ 48 ਘੰਟਿਆਂ ਦੇ ਅੰਦਰ ਹੀ ਇਸ ਨੂੰ ਉਥੋਂ ਹਟਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ, ਕੌਮੀ ਮਸਲਿਆਂ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਵਿਸ਼ਿਆਂ ਨੂੰ ਸਾਹਮਣੇ ਲਿਆਉਣ ਵੇਲੇ ਅਕਸਰ ਰੁਕਾਵਟਾਂ ਖੜ੍ਹੀਆਂ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਇਤਿਹਾਸਕ ਜਾਂ ਸਮਾਜਿਕ ਵਿਸ਼ੇ ’ਤੇ ਬਣੀ ਫ਼ਿਲਮ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣਾ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ’ਤੇ ਸਵਾਲ ਖੜ੍ਹੇ ਕਰਦਾ ਹੈ। ਸੰਤ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਸੱਚ ਨੂੰ ਸੈਂਸਰਸ਼ਿਪ ਦੀਆਂ ਬੇੜੀਆਂ ਵਿੱਚ ਹਮੇਸ਼ਾ ਲਈ ਕੈਦ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਤੇ ਭਾਈ ਜਤਿੰਦਰ ਸਿੰਘ ਸਹਾਇਕ ਸਕੱਤਰ ਮਹਿਤਾ, ਬਚਿੱਤਰ ਸਿੰਘ ਤਰਸਿੱਕਾ, ਜਰਮਨਜੀਤ ਸਿੰਘ ਤਰਸਿੱਕਾ, ਭਾਈ ਸੁਖਜਿੰਦਰ ਸਿੰਘ ਨਿਜ਼ਾਮਪੁਰ, ਭਾਈ ਜਸਪਾਲ ਸਿੰਘ ਨਵਾ ਪਿੰਡ, ਭਾਈ ਦਿਲਬਾਗ ਸਿੰਘ, ਰਾਣਾ ਬੰਡਾਲਾ ਕਿਸਾਨ ਯੂਨੀਅਨ, ਮਾਸਟਰ ਕੁਲਵੰਤ ਸਿੰਘ, ਗੁਰਦੇਵ ਸਿੰਘ, ਸਿਮਰਨਜੀਤ ਸਿੰਘ ਜੰਡਿਆਲਾ ਗੁਰੂ, ਸਕੱਤਰ ਸਿੰਘ,ਕੇਵਲ ਮਹਿਤਾ, ਭਾਈ ਗੁਰਦਿਆਲ ਸਿੰਘ ਟਾਂਗਰਾ, ਬਿਕਰਮਜੀਤ ਸਿੰਘ ਗਹਿਰੀ, ਸਰਪੰਚ ਬਲਬੀਰ ਸਿੰਘ ਗੁਨੋਵਾਲ, ਬਿਕਰਮਜੀਤ ਸਿੰਘ ਨਰੈਣਗੜ, ਕੰਵਲਪ੍ਰੀਤ ਸਿੰਘ ਰਵੀ,ਮੰਗਲ ਸਿੰਘ, ਮਨਿੰਦਰ ਸਿੰਘ ਹਨੀ, ਜਸਪਾਲ ਸਿੰਘ,ਭਾਪੂ ਜਸਬੀਰ ਸਿੰਘ, ਬਾਬਾ ਮਨੋਜ ਸਿੰਘ,ਲੱਕੀ ਸਿੰਘ, ਗੁਰਪ੍ਰੀਤ ਸਿੰਘ ਢਪੱਈਆ, ਸੁਖਦੇਵ ਸਿੰਘ, ਬਾਬਾ ਲੱਖਾ ਸਿੰਘ, ਸਰਦੂਲ ਸਿੰਘ ਸਰਜਾ ਆਦਿ ਆਗੂ ਹਾਜਰ ਸਨ


# ਤਲਵੰਡੀ ਸਾਬੋ ਦਾ ਥਾਣੇਦਾਰ 20 ਹਜਾਰ ਰੁਪਏ ਦੀ ਰਿਸ਼ਵਤ ਲੈਂਦਾ ਵਿਜੀਲੈਂਸ ਵੱਲੋਂ ਰੰਗੇ ਹੱਥੀ ਕਾਬੂ



**ਤਲਵੰਡੀ ਸਾਬੋ, 07 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਪੁਲਿਸ ਦੇ ਇੱਕ ਥਾਣੇਦਾਰ ਨੂੰ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਮੰਗਲਵਾਰ ਬਾਅਦ ਦੁਪਹਿਰ ਰਿਸ਼ਵਤ ਲੈਂਦੇ ਹੋਏ ਰੰਗੇ ਹਾਥੀ ਕਾਬੂ ਕਰਨ ਦੀ ਸੂਚਨਾ ਸਾਹਮਣੇ ਆਈ ਹੈ। ਜਾਣਕਾਰੀ ਮੁਤਾਬਕ ਥਾਣਾ ਤਲਵੰਡੀ ਸਾਬੋ ਵਿਖੇ ਤੈਨਾਤ ਏਐਸਆਈ ਬਲਜੀਤ ਸਿੰਘ ਦੇ ਵੱਲੋਂ ਇਹ ਰਿਸ਼ਵਤ ਲਈ ਜਾ ਰਹੀ ਸੀ। ਜਿਸ ਦੀ ਸ਼ਿਕਾਇਤ ਮਿਲਣ ‘ਤੇ ਡੀਐਸਪੀ ਸੰਦੀਪ ਸਿੰਘ ਦੀ ਅਗਵਾਈ ਹੇਠ ਵਿਜੀਲੈਂਸ ਦੀ ਟੀਮ ਵੱਲੋਂ ਇਹ ਵੱਡੀ ਕਾਰਵਾਈ ਕੀਤੀ ਗਈ। ਮਿਲੀ ਜਾਣਕਾਰੀ ਮੁਤਾਬਕ ਥਾਣਾ ਤਲਵੰਡੀ ਸਾਬੋ ਦੇ ਅਧੀਨ ਆਉਂਦੇ ਪਿੰਡ ਬਹਿਮਣ ਜੱਸਾ ਸਿੰਘ ਵਿਖੇ ਕੁਝ ਦਿਨ ਪਹਿਲਾਂ ਦੋ ਧਿਰਾਂ ਵਿਚਕਾਰ ਲੜਾਈ ਹੋ ਗਈ ਸੀ। ਜਿਸ ਦੇ ਵਿੱਚ ਇੱਕ ਧਿਰ ਦੇ ਸੱਟਾਂ ਲੱਗੀਆਂ ਸਨ ਅਤੇ ਹੁਣ ਉਕਤ ਧਿਰ ਵੱਲੋਂ ਪਰਚਾ ਦਰਜ ਕਰਾਉਣ ਲਈ ਥਾਣੇ ਤੱਕ ਪਹੁੰਚ ਕੀਤੀ ਸੀ। ਇਸ ਮਾਮਲੇ ਦੀ ਜਾਂਚ ਏਐਸਆਈ ਬਲਜੀਤ ਸਿੰਘ ਵੱਲੋਂ ਕੀਤੀ ਜਾ ਰਹੀ ਸੀ। ਦੋਸ਼ਾਂ ਦੇ ਮੁਤਾਬਕ ਉਕਤ ਥਾਣੇਦਾਰ ਵੱਲੋਂ ਪੀੜਤ ਪਾਰਟੀ ਕੋਲੋਂ ਪਰਚਾ ਦਰਜ ਕਰਨ ਦੇ ਬਦਲੇ 50 ਹਜਾਰ ਰੁਪਏ ਦੀ ਰਿਸ਼ਵਤ ਮੰਗੀ ਜਾ ਰਹੀ ਸੀ। ਬਾਅਦ ਵਿੱਚ ਇਹ ਸੌਦਾ 20 ਵਿੱਚ ਹੋ ਗਿਆ ਪ੍ਰੰਤੂ ਪੀੜਤ ਧਿਰ ਵੱਲੋਂ ਇਸ ਦੀ ਸ਼ਿਕਾਇਤ ਵਿਜੀਲੈਂਸ ਨੂੰ ਕਰ ਦਿੱਤੀ ਗਈ। ਵਿਜੀਲੈਂਸ ਨੇ ਦਿੱਤੇ ਸਬੂਤਾਂ ਦੀ ਪੜਤਾਲ ਤੋਂ ਬਾਅਦ ਅੱਜ ਇਹ ਕਾਰਵਾਈ ਕਰਦਿਆਂ ਥਾਣੇਦਾਰ ਬਲਜੀਤ ਸਿੰਘ ਨੂੰ ਰਿਸ਼ਵਤ ਦੇ 20 ਰੁਪਏ ਸਮੇਤ ਗਿਰਫਤਾਰ ਕਰ ਲਿਆ। ਇਸ ਸੰਬੰਧ ਵਿੱਚ ਵਿਜੀਲੈਂਸ ਵੱਲੋਂ ਪਰਚਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ‘ਸਤਲੁਜ’ ਫਿਲਮ ਦਾ ਓ.ਟੀ.ਟੀ ਪਲੇਟਫਾਰਮ ’ਤੇ ਰੋਕਿਆ ਜਾਣਾ ਅਣਐਲਾਨੀ ਸੈਂਸਰਸ਼ਿਪ ਦਾ ਪ੍ਰਤੀਕ- ਸ ਢੀਂਡਸਾ, ਸ ਫਿਲੌਰ

**ਚੰਡੀਗੜ੍ਹ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸ ਪਰਮਿੰਦਰ ਸਿੰਘ ਢੀਂਡਸਾ ਅਤੇ ਸ ਸਰਵਣ ਸਿੰਘ ਫਿਲੌਰ ਨੇ ਇਕ ਸਾਂਝੇ ਪ੍ਰੈੱਸ ਬਿਆਨ ਵਿੱਚ ਦੋਸ਼ ਲਾਇਆ ਕਿ ’ਸਤਲੁਜ’ ਫਿਲਮ ਦਾ ਰੋਕਿਆ ਜਾਣਾ ਦੇਸ਼ ਵਿੱਚ ਅਣਐਲਾਨੀ ਸੈਂਸਰਸ਼ਿਪ ਦਾ ਪ੍ਰਤੀਕ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ’ਪੰਜਾਬ 95’ ਨਾਂ ਹੇਠ ਬਣੀ ਫਿਲਮ ਪੰਜਾਬ ਵਿੱਚ ਵਾਪਰੀਆਂ ਸੱਚੀਆਂ ਘਟਨਾਵਾਂ ’ਤੇ ਆਧਾਰਿਤ ਹੈ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਮਨੁੱਖ ਅਧਿਕਾਰ ਵਿੰਗ ਦੇ ਜਰਨਲ ਸਕੱਤਰ ਸ ਜਸਵੰਤ ਸਿੰਘ ਖਾਲੜਾ ਦੇ ਜੀਵਨ ਸੰਘਰਸ਼ ਨੂੰ ਬਿਆਨਿਆ ਗਿਆ ਹੈ।2022 ਤੋਂ ਲੈ ਕੇ ਹੁਣ ਤੱਕ ਸੈਂਸਰ ਬੋਰਡ ਕੋਲ ਪਈ ਇਹ ਫਿਲਮ ਸਿਨੇਮਾ ਘਰਾਂ ਵਿੱਚ ਇਸ ਲਈ ਰਿਲੀਜ ਨਹੀਂ ਹੋ ਸਕੀ ਕਿਉਂਕਿ ਬੋਰਡ ਫਿਲਮ ਵਿੱਚ 127 ਬਦਲਾਅ ਚਾਹੁੰਦਾ ਸੀ। ਇਸ ਗੱਲ ਦਾ ਸਹਿਜੇ ਹੀ ਅੰਦਾਜਾ ਲਗਾਇਆ ਜਾ ਸਕਦਾ ਹੈ ਕਿ ਜੇ ਫਿਲਮ ਵਿੱਚ ਏਨੀ ਵੱਡੀ ਪੱਧਰ ’ਤੇ ਬਦਲਾਅ ਕੀਤੇ ਜਾਣ ਤਾਂ ਉਸਦਾ ਮੂਲ ਤੱਤ ਹੀ ਨਸ਼ਟ ਹੋ ਜਾਵੇਗਾ। ਹੁਣ ਜੇ ਨਾਂ ਬਦਲ ਕੇ ਫਿਲਮ ਓ.ਟੀ.ਟੀ ’ਤੇ ਰਿਲੀਜ ਕੀਤੀ ਗਈ ਸੀ ਤਾਂ ਉਸ ਨੂੰ ਅਠਤਾਲੀ ਘੰਟਿਆਂ ਵਿੱਚ ਹੀ ਮਿਟਾ ਦੇਣਾ ਸਾਬਤ ਕਰਦਾ ਹੈ ਕਿ ਜੋ ਸਰਕਾਰਾਂ ਸਾਡੇ ’ਤੇ ਹੋਏ ਜੁਲਮ ਨੂੰ ਸਾਹਮਣੇ ਵੀ ਨਹੀਂ ਆਉਣ ਦੇਣਾ ਚਾਹੁੰਦੀਆਂ, ਉਹ ਸਾਡੇ ਜਖਮਾਂ ’ਤੇ ਇਨਸਾਫ ਦਾ ਮੱਲ੍ਹਮ ਕਦੋਂ ਲਾਉਣਗੀਆਂ ? ਇਸ ਪਾਬੰਦੀ ਤੋਂ ਪਤਾ ਲੱਗਦਾ ਹੈ ਕਿ ਦੇਸ਼ ਵਿੱਚ ਸਿੱਖਾਂ ਲਈ ਕਾਨੂੰਨ ਹੋਰ ਤਰੀਕੇ ਨਾਲ ਕੰਮ ਕਰਦਾ ਹੈ। ਇੱਥੇ ’ਕਸ਼ਮੀਰ ਫਾਈਲ’ ਅਤੇ ’ਐਮਰਜੈਂਸੀ’ ਵਰਗੀਆਂ ਪ੍ਰਾਪੇਗੰਡਾ ਫਿਲਮਾਂ ਤਾਂ ਰਿਲੀਜ ਹੋ ਸਕਦੀਆਂ ਹਨ, ਪਰ ਸਿੱਖਾਂ ’ਤੇ ਹੋਏ ਤਸ਼ੱਦਦ ਦੀਆਂ ਸੱਚੀਆਂ ਘਟਨਾਵਾਂ ਵੀ ਨਹੀਂ ਵਿਖਾਈਆਂ ਜਾ ਸਕਦੀਆਂ। ਦੋਹਾਂ ਆਗੂਆਂ ਨੇ ਫਿਲਮ ਨੂੰ ਆਪਣੇ ਅਸਲੀ ਨਾਮ ’ਪੰਜਾਬ 95’ ਨਾਲ ਬਿਨਾ ਕਿਸੇ ਬਦਲਾਅ ਤੋਂ ਤੁਰੰਤ ਰਿਲੀਜ ਕਰਨ ਦੀ ਮੰਗ ਕੀਤੀ। ਪ੍ਰੈੱਸ ਦੇ ਨਾਂ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।









## ਜਨਮ ਦਿਨ ਮੁਬਾਰਕ

**ਹਰਕੀਰਤ ਸਿੰਘ**

ਪਿਤਾ ਸਮਾਜ਼ ਸੇਵਕ ਗਿਆਨੀ ਬਿਕਰਮਜੀਤ ਸਿੰਘ, ਪਿੰਡ ਟਕਾਪੁਰ

( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

### ਐਚਐਮਈਐਲ ਅਤੇ ਏਮਜ਼ ਬਠਿੰਡਾ ਦੀ ਸਾਂਝੀ ਪਹਿਲ ਨਾਲ

# ਪੇਂਡੂ ਸਿਹਤ ਸੇਵਾਵਾਂ ਨੂੰ ਮਿਲੀ ਮਜ਼ਬੂਤੀ






ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਅਤੇ ਹਰਿਆਣਾ ਦੇ 59 ਪਿੰਡਾਂ ਵਿੱਚ ਮੋਬਾਈਲ ਮੈਡੀਕਲ ਯੂਨਿਟ ਵੱਲੋਂ 168 ਕੈਂਪ ਲਗਾ ਕੇ 9814 ਮਰੀਜ਼ਾਂ ਦਾ ਇਲਾਜ, 212 ਮਰੀਜ਼ ਏਮਜ਼ ਲਈ ਰੈਫਰ, ਟੈਲੀਮੇਡੀਸਿਨ ਰਾਹੀਂ ਪਿੰਡਾਂ ਵਿੱਚੋਂ ਹੀ ਮਾਹਿਰ ਡਾਕਟਰਾਂ ਨਾਲ ਸਲਾਹ-ਮਸ਼ਵਰਾ

ਤਲਵੰਡੀ ਸਾਬੋ, 07 ਜੁਲਾਈ (ਗੁਰਜੰਟ ਸਿੰਘ ਨਥੇ ਹਾ)- ਪੇਂਡੂ ਖੇਤਰਾਂ ਵਿੱਚ ਗੁਣਵੱਤਾਪੂਰਨ ਅਤੇ ਆਸਾਨੀ ਨਾਲ ਉਪਲਬਧ ਸਿਹਤ ਸੇਵਾਵਾਂ ਯਕੀਨੀ ਬਣਾਉਣ ਦੇ ਉਦੇਸ਼ ਨਾਲ ਐਚਪੀਸੀਐਲ-ਮਿੱਤਲ ਐਨਰਜੀ ਲਿਮਿਟੇਡ (ਐਚਐਮਈਐਲ) ਵੱਲੋਂ ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਟੈਲੀਮੇਡੀਸਿਨ ਸਹੂਲਤ ਵਾਲਾ ਇੰਟੀਗ੍ਰੇਟਿਡ ਮੋਬਾਈਲ ਮੈਡੀਕਲ ਯੂਨਿਟ ਪ੍ਰੋਜੈਕਟ ਪੇਂਡੂ ਸਿਹਤ ਸੇਵਾਵਾਂ ਨੂੰ ਨਵੀਂ ਮਜ਼ਬੂਤੀ ਦੇ ਰਿਹਾ ਹੈ। ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਆਲੇ-ਦੁਆਲੇ ਸਥਿਤ ਪੰਜਾਬ ਅਤੇ ਹਰਿਆਣਾ ਦੇ 59 ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰ-ਦੁਆਰ 'ਤੇ ਹੀ ਪ੍ਰਾਇਮਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਕੇ ਇਲਾਜ ਦੀ ਪਹੁੰਚ ਅਤੇ ਗੁਣਵੱਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਪ੍ਰੋਜੈਕਟ ਅਧੀਨ ਚੱਲ ਰਹੀਆਂ ਦੋ ਮੋਬਾਈਲ ਮੈਡੀਕਲ ਯੂਨਿਟਾਂ ਵੱਲੋਂ 30 ਜੂਨ 2026 ਤੱਕ 168 ਮੁਫ਼ਤ ਸਿਹਤ ਕੈਂਪ ਲਗਾ ਕੇ 9,814 ਪੇਂਡੂ ਮਰੀਜ਼ਾਂ ਨੂੰ ਡਾਕਟਰੀ ਸੇਵਾਵਾਂ ਦਿੱਤੀਆਂ ਗਈਆਂ। ਇਨ੍ਹਾਂ ਵਿੱਚੋਂ 20 ਕੈਂਪ ਹਰਿਆਣਾ ਦੇ ਸਰਹੱਦੀ 8 ਪਿੰਡਾਂ ਤਿਗੜੀ, ਦੇਸੂ ਮਲਕਾਣਾ, ਆਸੀਰ, ਖੋਖਰ, ਨੌਰੰਗ, ਹੱਸੂ, ਚੱਠਾ ਅਤੇ ਮਾਖਾ ਵਿੱਚ ਲਗਾਏ ਗਏ, ਜਿੱਥੇ 1,247 ਮਰੀਜ਼ਾਂ ਦਾ ਇਲਾਜ ਕੀਤਾ ਗਿਆ। ਲਾਭਪਾਤਰੀਆਂ ਵਿੱਚ 57 ਫੀਸਦੀ ਮਹਿਲਾਵਾਂ, 40 ਫੀਸਦੀ ਪੁਰਸ਼ ਅਤੇ 3 ਫੀਸਦੀ ਬੱਚੇ ਸ਼ਾਮਲ ਸਨ, ਜੋ ਇਸ ਪਹਿਲ ਦੀ ਪੇਂਡੂ ਪਰਿਵਾਰਾਂ, ਖ਼ਾਸ ਕਰਕੇ ਮਹਿਲਾਵਾਂ ਤੱਕ ਪ੍ਰਭਾਵਸ਼ਾਲੀ ਪਹੁੰਚ ਨੂੰ ਦਰਸਾਉਂਦਾ ਹੈ। ਸਿਹਤ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਮਾਹਿਰਾਂ ਦੀ ਸਲਾਹ ਨਾਲ ਜੋੜਨ ਲਈ ਪ੍ਰੋਜੈਕਟ ਅਧੀਨ ਟੈਲੀਮੇਡੀਸਿਨ ਸਲਾਹ-ਮਸ਼ਵਰਾ ਸੈਸ਼ਨਾਂ ਦਾ ਸਫ਼ਲ ਆਯੋਜਨ ਕੀਤਾ ਗਿਆ, ਜਿਸ ਨਾਲ ਪੇਂਡੂ ਮਰੀਜ਼ਾਂ ਨੂੰ ਏਮਜ਼ ਬਠਿੰਡਾ ਜਾਣ ਦੀ ਲੋੜ ਤੋਂ ਬਿਨਾਂ ਆਪਣੇ ਹੀ ਪਿੰਡ ਵਿੱਚ ਮਾਹਿਰ ਡਾਕਟਰਾਂ ਨਾਲ ਸਲਾਹ ਲੈਣ ਦੀ ਸਹੂਲਤ ਮਿਲੀ। ਇਸ ਨਾਲ ਮਰੀਜ਼ਾਂ ਦਾ ਸਮਾਂ, ਯਾਤਰਾ ਖ਼ਰਚ ਅਤੇ ਇਲਾਜ 'ਤੇ ਆਉਣ ਵਾਲਾ ਆਰਥਿਕ ਬੋਝ ਕਾਫ਼ੀ ਘੱਟ ਹੋਇਆ ਹੈ। ਪ੍ਰੋਜੈਕਟ ਅਧੀਨ ਗੰਭੀਰ ਅਤੇ ਵਿਸ਼ੇਸ਼ ਇਲਾਜ ਦੀ ਲੋੜ ਵਾਲੇ 212 ਮਰੀਜ਼ਾਂ ਨੂੰ ਇਨ੍ਹਾਂ ਕੈਂਪਾਂ ਰਾਹੀਂ ਏਮਜ਼ ਬਠਿੰਡਾ ਦੇ ਵੱਖ-ਵੱਖ ਮਾਹਿਰ ਵਿਭਾਗਾਂ ਵਿੱਚ ਰੈਫਰ ਕੀਤਾ ਗਿਆ। ਸਭ ਤੋਂ ਵੱਧ ਰੈਫਰਲ ਨੇਤਰ ਰੋਗ ਵਿਭਾਗ ਲਈ ਕੀਤੇ ਗਏ। ਇਸ ਤੋਂ ਇਲਾਵਾ ਆਰਥੋਪੀਡਿਕਸ, ਈਐਨਟੀ, ਜਨਰਲ ਸਰਜਰੀ, ਗਾਇਨੀਕੋਲੋਜੀ, ਜਨਰਲ ਮੈਡੀਸਿਨ, ਮਨੋਚਿਕਿਤਸਾ, ਡੈਂਟਲ, ਦਿਲ ਦੇ ਰੋਗ, ਨਿਊਰੋਲੋਜੀ, ਯੂਰੋਲੋਜੀ ਅਤੇ ਐਂਡੋਕ੍ਰਾਈਨੋਲੋਜੀ ਸਮੇਤ ਹੋਰ ਵਿਭਾਗਾਂ ਵਿੱਚ ਵੀ ਸਮੇਂ ਸਿਰ ਮਾਹਿਰ ਇਲਾਜ ਯਕੀਨੀ ਬਣਾਇਆ ਗਿਆ। ਐਮਰਜੈਂਸੀ ਸਥਿਤੀਆਂ ਵਿੱਚ ਮੁੱਢਲੀ ਸਹਾਇਤਾ ਬਾਰੇ ਜਾਗਰੂਕਤਾ ਵਧਾਉਣ ਲਈ ਰਾਮਾਂ, ਕਮਾਲੂ, ਤਿਉਣਾ ਪੁਜਾਰੀਆ, ਬੰਗੀ ਨਿਹਾਲ ਅਤੇ ਮੱਲਵਾਲਾ ਪਿੰਡਾਂ ਵਿੱਚ ਸੀਪੀਆਰ (ਕਾਰਡੀਓ ਪਲਮੋਨਰੀ ਰੀਸਸਿਟੇਸ਼ਨ) ਸਿਖਲਾਈ ਪ੍ਰੋਗਰਾਮ ਕਰਵਾਏ ਗਏ, ਜਿਨ੍ਹਾਂ ਵਿੱਚ 115 ਤੋਂ ਵੱਧ ਪੇਂਡੂਆਂ ਨੂੰ ਜ਼ਿੰਦਗੀ ਬਚਾਉਣ ਵਾਲੀਆਂ ਤਕਨੀਕਾਂ ਦੀ ਟ੍ਰੇਨਿੰਗ ਦਿੱਤੀ ਗਈ। ਇਹ ਸਿਖਲਾਈ ਐਮਰਜੈਂਸੀ ਹਾਲਾਤਾਂ ਵਿੱਚ ਭਾਈਚਾਰੇ ਦੀ ਤੁਰੰਤ ਅਤੇ ਪ੍ਰਭਾਵਸ਼ਾਲੀ ਪ੍ਰਤੀਕਿਰਿਆ ਸਮਰੱਥਾ ਨੂੰ ਮਜ਼ਬੂਤ ਕਰ ਰਹੀ ਹੈ ।ਇਸ ਤੋਂ ਇਲਾਵਾ 13 ਸਿਹਤ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ, ਜਿਨ੍ਹਾਂ ਵਿੱਚ 250 ਤੋਂ ਵੱਧ ਪੇਂਡੂਆਂ, ਮਰੀਜ਼ਾਂ ਅਤੇ ਸਕੂਲੀ ਵਿਦਿਆਰਥੀਆਂ ਨੇ ਹਿੱਸਾ ਲਿਆ। ਇਨ੍ਹਾਂ ਦੌਰਾਨ ਸ਼ੂਗਰ ਦੀ ਰੋਕਥਾਮ, ਹਾਈ ਬਲੱਡ ਪ੍ਰੈਸ਼ਰ ਕੰਟਰੋਲ, ਲੂ ਤੋਂ ਬਚਾਅ, ਹੱਥਾਂ ਦੀ ਸਫ਼ਾਈ, ਡੇਂਗੂ ਤੋਂ ਬਚਾਅ, ਸਿਹਤਮੰਦ ਜੀਵਨ ਲਈ ਯੋਗਾ ਅਤੇ ਜੂਨੋਟਿਕ (ਪਸ਼ੂਆਂ ਤੋਂ ਫੈਲਣ ਵਾਲੇ) ਰੋਗਾਂ ਬਾਰੇ ਮਾਹਿਰਾਂ ਨੇ ਜਾਣਕਾਰੀ ਦਿੱਤੀ। ਪਿੰਡ ਬੰਗੀ ਨਿਹਾਲ ਦੇ ਸਰਪੰਚ ਕੁਲਦੀਪ ਸਿੰਘ ਨੇ ਕਿਹਾ ਕਿ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੇਡੀਸਿਨ ਸਹੂਲਤ ਨੇ ਪੇਂਡੂ ਸਿਹਤ ਸੇਵਾਵਾਂ ਵਿੱਚ ਮਹੱਤਵਪੂਰਨ ਬਦਲਾਅ ਲਿਆਂਦਾ ਹੈ। ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਮਿਲ ਰਿਹਾ ਹੈ। ਖ਼ਾਸ ਕਰਕੇ ਗੰਭੀਰ ਮਰੀਜ਼ਾਂ ਨੂੰ ਕੈਂਪਾਂ ਰਾਹੀਂ ਮਿਲ ਰਹੀ ਰੈਫਰਲ ਸਹੂਲਤ ਨਾਲ ਅੱਗੇ ਦੇ ਇਲਾਜ ਵਿੱਚ ਬਹੁਤ ਮਦਦ ਮਿਲ ਰਹੀ ਹੈ। ਇਹ ਪਹਿਲ ਪੇਂਡੂ ਸਿਹਤ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਇੱਕ ਪ੍ਰਭਾਵਸ਼ਾਲੀ ਮਾਡਲ ਹੈ। ਪਿੰਡ ਚੱਠਾ ਦੇ ਸਰਪੰਚ ਸੁਖਰਾਜ ਸਿੰਘ ਨੇ ਦੱਸਿਆ ਕਿ ਮੋਬਾਈਲ ਮੈਡੀਕਲ ਯੂਨਿਟ ਕਾਰਨ ਪੇਂਡੂਆਂ ਨੂੰ ਵੱਡਾ ਲਾਭ ਹੋ ਰਿਹਾ ਹੈ। ਮਾਹਿਰ ਸਲਾਹ, ਮੁਫ਼ਤ ਦਵਾਈਆਂ ਅਤੇ ਪਿੰਡ ਵਿੱਚ ਹੀ ਇਲਾਜ ਦੀ ਸਹੂਲਤ ਮਿਲਣ ਨਾਲ ਲੋਕਾਂ ਨੂੰ ਕਾਫ਼ੀ ਰਾਹਤ ਮਿਲੀ ਹੈ। ਸਮੇਂ ਸਿਰ ਰੈਫਰਲ, ਐਮਰਜੈਂਸੀ ਜੀਵਨ ਰੱਖਿਆ ਸਿਖਲਾਈ ਅਤੇ ਸਿਹਤ ਜਾਗਰੂਕਤਾ ਪ੍ਰੋਗਰਾਮਾਂ ਨੇ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵੀ ਵਧਾਈ ਹੈ। ਮੌਕੇ 'ਤੇ ਦਵਾਈਆਂ ਮਿਲਣ ਨਾਲ ਉਨ੍ਹਾਂ ਨੂੰ ਤੁਰੰਤ ਇਲਾਜ ਮਿਲ ਜਾਂਦਾ ਹੈ ਅਤੇ ਦੂਰ-ਦੁਰਾਡੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਵੀ ਨਹੀਂ ਪੈਂਦੀ।

### ਅੱਜ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ ਵਿਖੇ

# ਸੁਖਵਿੰਦਰ ਸਿੰਘ ਭੁੱਲਰ ਦੀ ਹੋਵੇਗੀ ਅੰਤਿਮ ਅਰਦਾਸ

**ਫ਼ਿਰੋਜ਼ਪੁਰ, 07 ਜੁਲਾਈ (ਮਨੋਹਰ ਲਾਲ)** :— ਇਲਾਕੇ ਦੀ ਸਿਰਕੱਢ ਸਖਸ਼ੀਅਤ ਸ: ਸੁਖਵਿੰਦਰ ਸਿੰਘ ਭੁੱਲਰ ਆੜਤੀਆ ਨਿਊ ਸਤੀਏਵਾਲਾ ਫ਼ਿਰੋਜ਼ਪੁਰ ਦੀ ਅੰਤਿਮ ਅਰਦਾਸ ਅੱਜ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ ਵਿਖੇ ਹੋਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਪਿਛਲੇ ਦਿਨੀਂ ਸ: ਸੁਖਵਿੰਦਰ ਸਿੰਘ ਭੁੱਲਰ ਪ੍ਰਮਾਤਮਾ ਵੱਲੋਂ ਬਖਸ਼ੀ ਹੋਈ ਉਮਰ ਭੋਗ ਕੇ ਇਸ ਦੁਨਿਆ ਤੋਂ ਰੁਖਸਤ ਹੋ ਗਏ ਸਨ, ਜਿਨ੍ਹਾਂ ਦੀ ਅੰਤਿਮ ਅਰਦਾਸ ਅੱਜ ਮਿਤੀ 8 ਜੁਲਾਈ ਦਿਨ ਬੁੱਧਵਾਰ ਨੂੰ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ ਮੋਗਾ ਰੋਡ ਫਿਰੋਜਪੁਰ ਵਿਖੇ 11 ਵਜੇ ਤੋਂ ਇਕ ਵਜੇ ਵਿਚਕਾਰ ਹੋਵੇਗੀ ਗੱਲਬਾਤ ਕਰਦਿਆਂ ਉਨ੍ਹਾਂ ਦੇ ਭਰਾ ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਫਿਰੋਜਪੁਰ ਅਤੇ ਪੀ.ਏ.ਸੀ ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਕਾਬਲ ਸਿੰਘ ਭੁੱਲਰ, ਕੁਲਬੀਰ ਸਿੰਘ ਭੁੱਲਰ, ਲਖਬੀਰ ਸਿੰਘ ਭੁੱਲਰ, ਗੁਰਬਚਨ ਸਿੰਘ ਭੁੱਲਰ, ਫਕੀਰ ਸਿੰਘ, ਨੱਥਾ ਸਿੰਘ, ਅਜਾਦਇੰਦਰ ਸਿੰਘ ਭੁੱਲਰ ਵਕੀਲ, ਹਰਮੀਤ ਸਿੰਘ ਭੁੱਲਰ, ਬੂਟਾ ਸਿੰਘ ਮਾਸਟਰ, ਰਘਬੀਰ ਸਿੰਘ, ਪਿੱਪਲ ਸਿੰਘ, ਜਸਵਿੰਦਰ ਸਿੰਘ, ਮਨਜੀਤ ਸਿੰਘ, ਬਲਰਾਜ ਸਿੰਘ, ਅਵੀਨਾਸ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



# ਭਾਈ ਜਸਵੰਤ ਸਿੰਘ ਖਾਲੜਾ ਜੀ ਦੀ ਜੀਵਨੀ ਤੇ ਬਣੀ ਫਿਲਮ ਹੋਵੇ ਟੈਕਸ ਫਰੀ



ਫ਼ਿਰੋਜ਼ਪੁਰ, 07 ਜੁਲਾਈ (ਮਨੋਹਰ ਲਾਲ) :— ਭਾਰਤ ਦੇਸ਼ ਨੂੰ ਆਜ਼ਾਦ ਕਰਾਉਣ ਵਿੱਚ ਜਿਸ ਤਰ੍ਹਾਂ ਸਭ ਤੋਂ ਵੱਧ ਕੁਰਬਾਨੀਆਂ ਸਿੱਖ ਕੌਮ ਨੇ ਦਿੱਤੀਆਂ ਹਨ ਅੱਜ ਉਸ ਕੌਮ ਨੂੰ ਹੀ ਆਪਣੇ ਹੱਕਾਂ ਦੀ ਆਵਾਜ਼ ਨੂੰ ਦੱਬਿਆ ਜਾ ਰਿਹਾ ਹੈ ਜਿਸ ਦੀ ਮਿਸਾਲ ਪਿਛਲੇ ਦਿਨੀ ਰਿਲੀਜ਼ ਹੋਈ ਭਾਈ ਜਸਵੰਤ ਸਿੰਘ ਖਾਲੜਾ ਜੀ ਦੀ ਜੀਵਨੀ ਤੇ ਬਣੀ ਫਿਲਮ ਸਤਲੁਜ ਹੈ ਜਿਸ ਨੂੰ ਜੀ5 ਓਟੀਟੀ ਤੇ ਰਿਲੀਜ਼ ਕਰਨ ਤੋਂ ਕਰੀਬ ਦੋ ਦਿਨ ਵਿੱਚ ਹੀ ਹਟਾ ਦਿੱਤਾ ਗਿਆ ਜੋ ਕਿ ਕਾਫੀ ਨਿੰਦਨਯੋਗ ਗੱਲ ਹੈ ਇਥੇ ਬੋਲਦੇ ਹੋਏ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਨੇ ਕਿਹਾ ਭਾਈ ਜਸਵੰਤ ਸਿੰਘ ਜੀ ਖਾਲੜਾ ਜਿਸ ਤਰ੍ਹਾਂ ਕਰੀਬ 25 ਹਜਾਰ ਲਾਸ਼ਾਂ ਦੇ ਵਾਰਸਾਂ ਨੂੰ ਲੱਭਦੇ ਲੱਭਦੇ ਖ਼ੁਦ ਹੀ ਗਾਇਬ ਕਰ ਦਿੱਤੇ ਗਏ ਉਨ੍ਹਾਂ ਦੀ ਜੀਵਨੀ ਉੱਤੇ ਬਣੀ ਫਿਲਮ ਦੇ ਪ੍ਰੋਡਿਊਸਰ ਹਨੀ ਤ੍ਰਿਹਨ ਨੇ ਜਿਸ ਤਰ੍ਹਾਂ ਸੱਚਾਈ ਨੂੰ ਪਰਦੇ ਦੇ ਲਿਆਂਦਾ ਹੈ ਕੀ ਕਿਸ ਤਰਾਂ ਨੌਜਵਾਨਾਂ ਉੱਤੇ ਤਸ਼ਦਦ ਕੀਤਾ ਗਿਆ ਅਤੇ ਉਨ੍ਹਾਂ ਨੂੰ ਝੂਠੇ ਮੁਕਾਬਲਿਆਂ ਵਿੱਚ ਮਾਰਿਆ ਗਿਆ ਉਹ ਵੀ ਵਧਾਈ ਦੇ ਪਾਤਰ ਹਨ ਪਰ ਜਿਸ ਤਰ੍ਹਾਂ ਉਨ੍ਹਾਂ ਨੂੰ ਇਹ ਫਿਲਮ ਰਿਲੀਜ਼ ਕਰਾਉਣ ਲਈ ਕਰੀਬ ਚਾਰ ਸਾਲ ਲੱਗ ਗਏ ਅਤੇ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ ਸੋਸਾਇਟੀ ਦੇ ਪ੍ਰਧਾਨ ਨੇ ਅੱਗੇ ਬੋਲਦੇ ਹੋਏ ਕਿਹਾ ਕੀ ਜੇਕਰ ਇਸ ਦੇਸ਼ ਵਿੱਚ ਕਸ਼ਮੀਰ ਫਾਈਲ ਕੇਰਲ ਸਟੋਰੀ ਵਰਗੀਆਂ ਫਿਲਮਾਂ ਟੈਕਸ ਫਰੀ ਹੋ ਕੇ ਚੱਲ ਸਕਦੀਆਂ ਹਨ ਤਾਂ ਫਿਰ ਸਤਲੁਜ ਫਿਲਮ ਵਿੱਚ ਕੀ ਦਿੱਕਤ ਹੈ ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਫਿਲਮ ਨੂੰ ਜਲਦੀ ਤੋਂ ਜਲਦੀ ਦੁਬਾਰਾ ਰਿਲੀਜ਼ ਕੀਤਾ ਜਾਵੇ ਇਸ ਮੌਕੇ ਸਵਰਨ ਸਿੰਘ ਐਸਜੀਪੀਸੀ ਅਮਰ ਸਿੰਘ ਗਾਬੜੀਆ, ਹਰਜਿੰਦਰ ਸਿੰਘ ਦੜਿਆਲਾ, ਬਲਕਾਰ ਸਿੰਘ ਰਾਜਪੂਤ, ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਗੁਰਦੇਵ ਸਿੰਘ ਖਾਲਸਾ ਕੁਲਦੀਪ ਸਿੰਘ ਲੋਕੋ ਸੇਵਾ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਨਿਲ ਬਾਗੀ ਹਸਪਤਾਲ ਵੱਲੋਂ ਮੁਫ਼ਤ ਮੈਗਾ ਮੈਡੀਕਲ ਕੈਂਪ ਦਾ ਸਫਲ ਆਯੋਜਨ, ਲਗਭਗ 300 ਮਰੀਜ਼ਾਂ ਨੇ ਲਿਆ ਲਾਭ



**ਫ਼ਿਰੋਜ਼ਪੁਰ, 07 ਜੁਲਾਈ (ਮਨੋਹਰ ਲਾਲ)** :— ਸਵਰਗਵਾਸੀ ਸ੍ਰੀਮਤੀ ਸਵਦੇਸ਼ ਚੋਪੜਾ ਦੀ ਪੁੰਨ ਤਿਥੀ ਮੌਕੇ ਅਨਿਲ ਬਾਗੀ ਹਸਪਤਾਲ ਵਿਖੇ ਉਨ੍ਹਾਂ ਨੂੰ ਫੁੱਲ ਮਾਲਾ ਅਰਪਿਤ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਡਾ: ਕਮਲ ਬਾਗੀ, ਡਾ: ਸੌਰਭ ਬਾਗੀ, ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਅਤੇ ਭਾਰਤ ਪ੍ਰਕਾਸ਼ ਪਰਿਸ਼ਦ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕਰਦਿਆਂ ਸਵਰਗਵਾਸੀ ਸ੍ਰੀਮਤੀ ਸਵਦੇਸ਼ ਚੋਪੜਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।

ਇਸ ਉਪਰੰਤ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਵੱਲੋਂ ਉਨ੍ਹਾਂ ਦੀ ਪਵਿੱਤਰ ਯਾਦ ਵਿੱਚ ਮੰਗਲਵਾਰ ਨੂੰ ਇੱਕ ਮੁਫ਼ਤ ਮੈਗਾ ਮੈਡੀਕਲ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਇਲਾਕੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ ਲਗਭਗ 300 ਮਰੀਜ਼ਾਂ ਨੇ ਵੱਖ—ਵੱਖ ਮਾਹਿਰ ਡਾਕਟਰਾਂ ਤੋਂ ਸਲਾਹ ਅਤੇ ਸਿਹਤ ਜਾਂਚ ਦਾ ਲਾਭ ਪ੍ਰਾਪਤ ਕੀਤਾ। ਇਸ ਸਿਹਤ ਕੈਂਪ ਵਿੱਚ ਡਾ: ਕਮਲ ਬਾਗੀ (ਇੰਟਰਨਲ ਮੈਡੀਸਿਨ), ਡਾ: ਸੌਰਭ ਬਾਗੀ (ਕਾਰਡੀਓਲੋਜੀ ਅਤੇ ਇੰਟਰਨਲ ਮੈਡੀਸਿਨ), ਡਾ: ਵੈਸ਼ਾਲੀ ਬਾਗੀ (ਨਿਊਰੋਲੋਜੀ), ਡਾ: ਹਰਸ਼ਾ ਭੋਲਾ (ਜਨਰਲ ਸਰਜਰੀ), ਡਾ: ਕਵਿਨ ਸਿੰਗਲਾ (ਐਮਰਜੈਂਸੀ ਮੈਡੀਸਿਨ), ਡਾ: ਰਿਚਾ ਅਰੋੜਾ (ਸਤ੍ਰੀ ਅਤੇ ਪ੍ਰਸੂਤੀ ਰੋਗ), ਡਾ: ਰਾਹੁਲ ਸਿੰਗਲਾ (ਆਰਥੋਪੀਡਿਕਸ), ਡਾ: ਹਰਮੀਤ ਸਿੰਘ (ਨੇਫਰੋਲੋਜੀ), ਡਾ: ਰਾਹੁਲ ਨੇਮਾ (ਕਾਰਡੀਓਲੋਜੀ), ਡਾ: ਸ਼ਿਹਨਵਾਜ਼ ਅਕਰਮ (ਯੂਰੋਲੋਜੀ), ਡਾ: ਵਜਾਹਤ ਅਹਿਮਦ (ਓਨਕੋਲੋਜੀ), ਡਾ: ਤੇਜਸਵੀ ਐਮ. (ਮੈਡੀਕਲ ਗੈਸਟਰੋਐਂਟਰੋਲੋਜੀ), ਡਾ: ਸੁਦੇਸ਼ ਕੁਮਾਰ (ਪਲਮੋਨੋਲੋਜੀ), ਡਾ: ਆਦਿਲ ਬਸ਼ੀਰ (ਈਐਨਟੀ), ਡਾ: ਸ਼ਿਖਾ ਅਸੀਜਾ (ਬਾਲ ਰੋਗ), ਡਾ: ਮੁਦਾਸਿਰ ਅਹਿਮਦ ਮੀਰ (ਕ੍ਰਿਟੀਕਲ ਕੇਅਰ), ਮੈਡੀਕਲ ਸੁਪਰਿੰਟੈਂਡੈਂਟ ਡਾ: ਆਰ.ਐਲ. ਤਨੇਜਾ ਤੇ ਡਾ: ਦੀਕਸ਼ਿਤਾ ਗੋਇਲ (ਚਮੜੀ ਰੋਗ ਵਿਸ਼ੇਸ਼ਿਗਆ) ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ।

ਕੈਂਪ ਦੌਰਾਨ ਮਰੀਜ਼ਾਂ ਲਈ ਬੋਨ ਮਿਨਰਲ ਡੈਂਸਿਟੀ, ਈਸੀਜੀ ਅਤੇ ਬਲੱਡ ਸ਼ੂਗਰ ਦੀ ਜਾਂਚ ਮੁਫ਼ਤ ਕੀਤੀ ਗਈ। ਇਸ ਤੋਂ ਇਲਾਵਾ ਸਾਰੀਆਂ ਡਾਇਗਨੋਸਟਿਕ ਅਤੇ ਰੇਡੀਓਲੋਜੀਕਲ ਜਾਂਚਾਂ 'ਤੇ 20 ਫ਼ੀਸਦੀ ਦੀ ਵਿਸ਼ੇਸ਼ ਛੂਟ ਵੀ ਦਿੱਤੀ ਗਈ। ਹਸਪਤਾਲ ਪ੍ਰਬੰਧਨ ਨੇ ਦੱਸਿਆ ਕਿ ਇਸ ਸਿਹਤ ਕੈਂਪ ਦਾ ਉਦੇਸ਼ ਲੋਕਾਂ ਨੂੰ ਇੱਕੋ ਥਾਂ 'ਤੇ ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਉਪਲਬਧ ਕਰਵਾਉਣਾ, ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨਾ ਅਤੇ ਸਿਹਤ ਪ੍ਰਤੀ ਜਾਗਰੂਕਤਾ ਵਧਾਉਣਾ ਹੈ। ਮਾਹਿਰ ਡਾਕਟਰਾਂ ਨੇ ਮਰੀਜ਼ਾਂ ਨੂੰ ਉਨ੍ਹਾਂ ਦੀਆਂ ਸਿਹਤ ਸਮੱਸਿਆਵਾਂ ਅਨੁਸਾਰ ਸਲਾਹ ਅਤੇ ਇਲਾਜ ਸੰਬੰਧੀ ਮਾਰਗਦਰਸ਼ਨ ਵੀ ਦਿੱਤਾ। ਹਸਪਤਾਲ ਦੇ ਚੇਅਰਮੈਨ ਅਤੇ ਪ੍ਰਬੰਧਨ ਨੇ ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਡਾਕਟਰਾਂ, ਨਰਸਿੰਗ ਸਟਾਫ, ਪੈਰਾਮੈਡੀਕਲ ਟੀਮ, ਤਕਨੀਕੀ ਕਰਮਚਾਰੀਆਂ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਨਿਲ ਬਾਗੀ ਹਸਪਤਾਲ ਭਵਿੱਖ ਵਿੱਚ ਵੀ ਸਮਾਜ ਭਲਾਈ ਲਈ ਅਜਿਹੇ ਮੁਫ਼ਤ ਸਿਹਤ ਕੈਂਪ ਅਤੇ ਜਨ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕਰਦਾ ਰਹੇਗਾ ।ਇਸ ਮੈਗਾ ਮੈਡੀਕਲ ਕੈਂਪ ਵਿੱਚ ਲਗਭਗ 300 ਮਰੀਜ਼ਾਂ ਨੇ ਮਾਹਿਰ ਡਾਕਟਰਾਂ ਤੋਂ ਸਲਾਹ ਲਈ ਅਤੇ ਮੁਫ਼ਤ ਸਿਹਤ ਜਾਂਚਾਂ ਅਤੇ ਹੋਰ ਸਹੂਲਤਾਂ ਦਾ ਲਾਭ ਪ੍ਰਾਪਤ ਕੀਤਾ। ਇਸ ਮੌਕੇ ਮਨੋਹਰ ਲਾਲ, ਸੰਨੀ ਚੋਪੜਾ, ਮੈਡਮ ਪਰਮਜੀਤ ਕੌਰ ਸੋਢੀ, ਨੰਬਰਦਾਰ ਐਸੋਸੀਏਸ਼ਨ ਦੇ ਰਜੇਸ਼ ਕੁਮਾਰ, ਦੀਵਾਨ ਚੰਦ ਸੁਖੀਜਾ ਆਦਿ ਹਾਜ਼ਰ ਸਨ, ਜਿਨ੍ਹਾਂ ਨੇ ਹਸਪਤਾਲ ਦੀ ਕਾਰਗੁਜਾਰੀ ਦੀ ਪ੍ਰਸੰਸਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਲੇਲੇਵਾਲਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾ ਕੇ

# ਆਧੁਨਿਕ ਖੇਤੀ ਤਕਨੀਕਾਂ ਬਾਰੇ ਕੀਤਾ ਜਾਗਰੂਕ






**ਤਲਵੰਡੀ ਸਾਬੋ, 7 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਡਾ. ਹਰਪ੍ਰੀਤਪਾਲ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਖੇਤੀਬਾੜੀ ਅਫ਼ਸਰ ਤਲਵੰਡੀ ਸਾਬੋ ਡਾ. ਮਨੋਜ ਕੁਮਾਰ ਦੀ ਯੋਗ ਅਗਵਾਈ ਹੇਠ ਖੇਤੀਬਾੜੀ ਵਿਕਾਸ ਅਫ਼ਸਰ ਡਾ. ਗੌਰਵ ਜੈਨ ਵੱਲੋਂ ਸਰਕਲ ਸ਼ੇਖਪੁਰਾ ਦੇ ਪਿੰਡ ਲੇਲੇਵਾਲਾ ਵਿਖੇ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕਰਕੇ ਆਧੁਨਿਕ ਖੇਤੀ ਤਕਨੀਕਾਂ ਅਤੇ ਸਰਕਾਰੀ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਕੈਂਪ ਨੂੰ ਸੰਬੋਧਨ ਕਰਦਿਆਂ ਡਾ. ਗੌਰਵ ਜੈਨ ਨੇ ਕਿਸਾਨਾਂ ਨੂੰ ਫਾਰਮਰ ਰਜਿਸਟਰੀ ਦੀ ਮਹੱਤਤਾ ਅਤੇ ਇਸ ਨਾਲ ਮਿਲਣ ਵਾਲੇ ਲਾਭਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਫਾਰਮਰ ਰਜਿਸਟਰੀ ਭਵਿੱਖ ਵਿੱਚ ਸਰਕਾਰੀ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਪ੍ਰਾਪਤ ਕਰਨ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ (ਡੀ.ਐੱਸ.ਆਰ.), ਸਾਉਣੀ ਦੀ ਮੱਕੀ ਅਤੇ ਨਰਮੇ ਦੀ ਫ਼ਸਲ ਲਈ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਬਸਿਡੀਆਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਸਾਉਣੀ ਦੀਆਂ ਫ਼ਸਲਾਂ ਵਿੱਚ ਆਉਣ ਵਾਲੀਆਂ ਬਿਮਾਰੀਆਂ ਅਤੇ ਕੀੜਿਆਂ ਦੀ ਰੋਕਥਾਮ ਲਈ ਵਿਗਿਆਨਕ ਸਿਫ਼ਾਰਸ਼ਾਂ ਸਾਂਝੀਆਂ ਕਰਦਿਆਂ ਸਮੇਂ ਸਿਰ ਸਹੀ ਪ੍ਰਬੰਧਨ ਅਪਣਾਉਣ ਦੀ ਅਪੀਲ ਕੀਤੀ। ਕੈਂਪ ਦੌਰਾਨ ਮਿੱਟੀ ਅਤੇ ਪਾਣੀ ਦੀ ਜਾਂਚ ਦੀ ਅਹਿਮੀਅਤ ਬਾਰੇ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ। ਡਾ. ਜੈਨ ਨੇ ਕਿਹਾ ਕਿ ਮਿੱਟੀ ਅਤੇ ਪਾਣੀ ਦੀ ਜਾਂਚ ਦੇ ਆਧਾਰ ’ਤੇ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਨਾਲ ਲਾਗਤ ਘਟਦੀ ਹੈ, ਮਿੱਟੀ ਦੀ ਉਪਜਾਊ ਸ਼ਕਤੀ ਬਣੀ ਰਹਿੰਦੀ ਹੈ ਅਤੇ ਫ਼ਸਲ ਦੀ ਪੈਦਾਵਾਰ ਤੇ ਗੁਣਵੱਤਾ ਵਿੱਚ ਵਾਧਾ ਹੁੰਦਾ ਹੈ। ਇਸ ਮੌਕੇ ਕਿਸਾਨਾਂ ਵੱਲੋਂ ਲਿਆਂਦੇ ਮਿੱਟੀ ਅਤੇ ਪਾਣੀ ਦੇ ਸੈਂਪਲ ਵੀ ਇਕੱਠੇ ਕੀਤੇ ਗਏ। ਕੈਂਪ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਕੀਮ ਸਬੰਧੀ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਨਾਲ ਹੀ ਹਾਜ਼ਰ ਕਿਸਾਨਾਂ ਦੀ ਫਾਰਮਰ ਆਈ.ਡੀ. ਬਣਾਉਣ ਅਤੇ ਈ-ਕੇਵਾਈਸੀ ਦੀ ਪ੍ਰਕਿਰਿਆ ਵੀ ਪੂਰੀ ਕੀਤੀ ਗਈ, ਤਾਂ ਜੋ ਉਹ ਸਰਕਾਰੀ ਯੋਜਨਾਵਾਂ ਦਾ ਲਾਭ ਆਸਾਨੀ ਨਾਲ ਪ੍ਰਾਪਤ ਕਰ ਸਕਣ। ਇਸ ਦੌਰਾਨ ਜਸਪ੍ਰੀਤ ਸਿੰਘ ਬੇਲਦਾਰ ਵੱਲੋਂ ਕੈਂਪ ਵਿੱਚ ਹਾਜ਼ਰ ਕਿਸਾਨਾਂ ਦੀ ਹਾਜ਼ਰੀ ਲਗਵਾਉਣ ਦੇ ਨਾਲ-ਨਾਲ ਮਿੱਟੀ ਅਤੇ ਪਾਣੀ ਦੀ ਜਾਂਚ ਲਈ ਸੈਂਪਲ ਇਕੱਠੇ ਕਰਨ ਦਾ ਕੰਮ ਵੀ ਕੀਤਾ ਗਿਆ। ਕੈਂਪ ਦੇ ਅੰਤ ਵਿੱਚ ਕਿਸਾਨਾਂ ਨੇ ਖੇਤੀਬਾੜੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਅਜਿਹੇ ਜਾਗਰੂਕਤਾ ਕੈਂਪ ਨਿਯਮਿਤ ਤੌਰ ’ਤੇ ਲਗਾਉਣ ਦੀ ਮੰਗ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਇਆ ਜਾਗਰੂਕਤਾ ਸੈਮੀਨਾਰ

ਫ਼ਿਰੋਜ਼ਪੁਰ, 07 ਜੁਲਾਈ (ਮਨੋਹਰ ਲਾਲ):— ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਨਿਗਰਾਨੀ ਹੇਠ ਪਲਾਸਟਿਕ ਬੈਗਾਂ ਨੂੰ ਨਾਂਹ ਕਹੋ, ਕਾਗਜ਼ੀ ਬੈਗਾਂ ਨੂੰ ਵਰਤੋ ਵਿਸ਼ੇ ਤੇ ਇੱਕ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਪੁਰਾਣੇ ਅਖ਼ਬਾਰਾਂ ਅਤੇ ਰਸਾਲਿਆਂ ਵਰਗੀਆਂ ਰਹਿੰਦ ਖੂੰਹਦ ਸਮੱਗਰੀਆਂ ਦੀ ਵਰਤੋਂ ਕਰਕੇ ਕਾਗਜ਼ੀ ਬੈਗ ਬਣਾਉਣ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਸ ਵਿਹਾਰਕ ਗਤੀਵਿਧੀ ਰਾਹੀਂ ਉਨ੍ਹਾਂ ਨੇ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ, ਰੀਸਾਈਕਲਿੰਗ ਅਤੇ ਵਾਤਾਵਰਣ ਦੀ ਰੱਖਿਆ ਦੀ ਮਹੱਤਤਾ ਬਾਰੇ ਸਿੱਖਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਗਤੀਵਿਧੀ ਦਾ ਉਦੇਸ਼ ਇਹ ਸੰਦੇਸ਼ ਫੈਲਾਉਣਾ ਸੀ ਕਿ ਘਰ ਵਿੱਚ ਛੋਟੇ ਵਾਤਾਵਰਣ ਅਨੁਕੂਲ ਕਦਮ ਸਾਡੀ ਧਰਤੀ ਤੇ ਵੱਡਾ ਪ੍ਰਭਾਵ ਪਾ ਸਕਦੇ ਹਨ, ਜਿਸ ਨਾਲ ਹਰ ਜੀਵ ਸਿਹਤਮੰਦ ਜੀਵਨ ਜੀ ਸਕਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਕੀ ਪਾਕਿਸਤਾਨ ਔਰਤਾਂ ਲਈ ਨਰਕ ਬਣਦਾ ਜਾ ਰਿਹਾ ਹੈ ?

# ਲਾਹੌਰ ’ਚ ਵਿਦੇਸ਼ੀ ਮਹਿਲਾਵਾਂ ਨਾਲ ਗੈਂਗਰੇਪ ਕਾਰਨ ਪਾਕਿਸਤਾਨ ਫਿਰ ਕਟਹਿਰੇ ’ਚ

**ਪਾਕਿਸਤਾਨ** ਵਿੱਚ ਸੱਤਾ ਦੇ ਸਿਖਰ ਨਾਲ ਜੁੜੇ ਵਿਅਕਤੀਆਂ ’ਤੇ ਵਿਦੇਸ਼ੀ ਮਹਿਲਾਵਾਂ ਨਾਲ ਕਥਿਤ ਸਮੂਹਿਕ ਜਬਰ ਜਨਾਹ ਦੇ ਦੋਸ਼ਾਂ ਨੇ ਪਾਕਿਸਤਾਨ ਦੀ “ਇੱਜ਼ਤ” ਦਾ ਨਕਾਬ ਉਤਾਰਦਿਆਂ ਉਸ ਨੂੰ ਇੱਕ ਵਾਰ ਫਿਰ ਦੁਨੀਆ ਭਰ ਵਿੱਚ ਸ਼ਰਮਸਾਰ ਕਰ ਦਿੱਤਾ ਹੈ। ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ

ਆਵਾਜ਼ਿ ਕੌਮ AWAZE QAUM International Newspaper & WEB TV

ਇਸਹਾਕ ਡਾਰ ਦੇ ਪੋਤੇ ਮੁਹੰਮਦ ਰਜ਼ਾ ਡਾਰ ਦਾ ਨਾਮ ਲਾਹੌਰ ਵਿੱਚ ਦੋ ਵਿਦੇਸ਼ੀ ਕਾਰੋਬਾਰੀ ਮਹਿਲਾਵਾਂ ਦੇ ਕਥਿਤ ਅਗਵਾ, ਸਮੂਹਿਕ ਜਬਰ ਜਨਾਹ ਅਤੇ ਕ੍ਰਿਪਟੋਕਰੰਸੀ ਦੇ ਨਾਮ ’ਤੇ ਕਰੋੜਾਂ ਰੁਪਏ ਦੀ ਕਥਿਤ ਫਿਰੌਤੀ ਮੰਗਣ ਦੇ ਮਾਮਲੇ ਵਿੱਚ ਮੁੱਖ ਮੁਲਜ਼ਮ ਵਜੋਂ ਸਾਹਮਣੇ ਆਉਣ ਨਾਲ ਪਾਕਿਸਤਾਨ ਦੇ ਸੁਰੱਖਿਅਤ ਅਤੇ ਜ਼ਿੰਮੇਵਾਰ ਰਾਜ ਹੋਣ ਦੇ ਦਾਅਵਿਆਂ ਦੀ ਪੋਲ ਖੁੱਲ੍ਹ ਗਈ ਹੈ ਅਤੇ ਉਸ ਦੀ ਅੰਤਰਰਾਸ਼ਟਰੀ ਛਵੀ ਨੂੰ ਵੀ ਗੰਭੀਰ ਝਟਕਾ ਲੱਗਿਆ ਹੈ।

ਅੰਤਰਰਾਸ਼ਟਰੀ ਮੀਡੀਆ ਇਸ ਮਾਮਲੇ ਨੂੰ ਬੇਹੱਦ ਗੰਭੀਰਤਾ ਨਾਲ ਲੈ ਰਿਹਾ ਹੈ। ਜਦੋਂ ਕਿਸੇ ਦੇਸ਼ ਦੇ ਸਭ ਤੋਂ ਪ੍ਰਭਾਵਸ਼ਾਲੀ ਰਾਜਨੀਤਿਕ ਪਰਿਵਾਰ ਨਾਲ ਜੁੜੇ ਵਿਅਕਤੀ ਉੱਤੇ ਇੰਨੇ ਸੰਗੀਨ ਦੋਸ਼ ਲੱਗਣ, ਤਾਂ ਦੁਨੀਆ ਦਾ ਧਿਆਨ ਸਿਰਫ਼ ਅਪਰਾਧ ਵੱਲ ਨਹੀਂ, ਸਗੋਂ ਉਸ ਦੇਸ਼ ਦੀਆਂ ਕਦਰਾਂ ਕੀਮਤਾਂ, ਕਾਨੂੰਨ-ਵਿਵਸਥਾ, ਜਵਾਬਦੇਹੀ ਅਤੇ ਨਿਆਂ ਪ੍ਰਣਾਲੀ ਵੱਲ ਜਾਣਾ ਸੁਭਾਵਿਕ ਹੈ। ਇਸੇ ਕਾਰਨ ਪਾਕਿਸਤਾਨ ਦੇ ਅੰਦਰ ਵੀ ਇਸਹਾਕ ਡਾਰ ਦੇ ਅਸਤੀਫ਼ੇ ਦੀ ਮੰਗ ਜ਼ੋਰ ਫੜ ਰਹੀ ਹੈ।

ਨੀਦਰਲੈਂਡ ਅਤੇ ਵੇਨੇਜ਼ੁਏਲਾ ਦੀਆਂ ਪੀੜਤ ਮਹਿਲਾਵਾਂ ਐਸਟ੍ਰਿਡ ਗੈਬਰੀਏਲਾ ਰੌਬਿਨਸਨ ਬ੍ਰਾਚੋ ਅਤੇ ਸਟੈਫ਼ਨੀ ਐਡਰੀਆਨਾ ਨੇ ਮੈਜਿਸਟ੍ਰੇਟ ਸਾਹਮਣੇ ਦਰਜ ਬਿਆਨ ਵਿੱਚ ਦੋਸ਼ ਲਗਾਇਆ ਕਿ ਕਾਰੋਬਾਰੀ ਵੀਜ਼ੇ ’ਤੇ ਪਾਕਿਸਤਾਨ ਪਹੁੰਚਦੇ ਹੀ ਉਨ੍ਹਾਂ ਨੂੰ ਹਥਿਆਰਬੰਦ ਵਿਅਕਤੀਆਂ ਨੇ ਅਗਵਾ ਕਰ ਲਿਆ। ਕ੍ਰਿਪਟੋਕਰੰਸੀ ਸੰਪਤੀ ਹਾਸਲ ਕਰਨ ਲਈ ਉਨ੍ਹਾਂ ਨਾਲ ਕੁੱਟਮਾਰ ਕੀਤੀ ਗਈ, ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ ਅਤੇ ਸਮੂਹਿਕ ਜਬਰ ਜਨਾਹ ਕੀਤਾ ਗਿਆ। ਪੀੜਤਾਂ ਦੇ ਅਨੁਸਾਰ ਮੁੱਖ ਮੁਲਜ਼ਮ ਰਜ਼ਾ ਡਾਰ ਨੇ ਉਨ੍ਹਾਂ ਦੇ ਜਾਣਕਾਰਾਂ ਤੋਂ ਇੱਕ ਲੱਖ ਅਮਰੀਕੀ ਡਾਲਰ ਦੀ ਮੰਗ ਕੀਤੀ। ਰਕਮ ਮਿਲਣ ਤੋਂ ਬਾਅਦ ਦੋਵਾਂ ਨੂੰ ਹਵਾਈ ਅੱਡੇ ਵੱਲ ਲਿਜਾਂਦੇ ਸਮੇਂ ਗੱਡੀ ਹਾਦਸਾਗ੍ਰਸਤ ਹੋ ਗਈ, ਜਿਸ ਦਾ ਫ਼ਾਇਦਾ ਉਠਾ ਕੇ ਉਹ ਭੱਜ ਨਿਕਲੀਆਂ ਅਤੇ ਪੁਲਿਸ ਤੱਕ ਪਹੁੰਚੀਆਂ। ਦੋਵਾਂ ਮਹਿਲਾਵਾਂ ਦੀ ਰਜ਼ਾ ਡਾਰ ਨਾਲ ਮੁਲਾਕਾਤ 2025 ਵਿੱਚ ਸਿੰਗਾਪੁਰ ਵਿੱਚ ਇੱਕ ਕ੍ਰਿਪਟੋਕਰੰਸੀ ਪ੍ਰੋਜੈਕਟ ਦੌਰਾਨ ਹੋਈ ਸੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਕਾਰੋਬਾਰੀ ਵੀਜ਼ੇ ’ਤੇ ਪਾਕਿਸਤਾਨ ਬੁਲਾਇਆ ਗਿਆ ਅਤੇ ਘਿਨੌਣੇ ਅਪਰਾਧ ਨੂੰ ਅੰਜਾਮ ਦਿਤਾ ਗਿਆ।

ਸਭ ਤੋਂ ਵੱਡੀ ਵਿਡੰਬਣਾ ਇਹ ਹੈ ਕਿ ਇੱਕ ਪਾਸੇ ਪਾਕਿਸਤਾਨ ਵਿਦੇਸ਼ੀ ਨਿਵੇਸ਼ਕਾਂ ਅਤੇ ਕ੍ਰਿਪਟੋਕਰੰਸੀ ਕਾਰੋਬਾਰ ਨੂੰ ਆਕਰਸ਼ਿਤ ਕਰਨ ਦੇ ਦਾਅਵੇ ਕਰਦਾ ਹੈ, ਜਦਕਿ ਦੂਜੇ ਪਾਸੇ ਵਿਦੇਸ਼ੀ ਕਾਰੋਬਾਰੀ ਮਹਿਲਾਵਾਂ ਹੀ ਉੱਥੇ ਆਪਣੀ ਜਾਨ ਅਤੇ ਇੱਜ਼ਤ ਦੀ ਹੀ ਸੁਰੱਖਿਆ ਸਵਾਲਾਂ ਦੇ ਘੇਰੇ ਵਿੱਚ ਹੋਵੇ, ਇਹ ਕਿਸੇ ਵੀ ਦੇਸ਼ ਲਈ ਬਹੁਤ ਗੰਭੀਰ ਸੰਦੇਸ਼ ਹੈ। ਇਹ ਆਰਥਿਕ ਭਰੋਸੇਯੋਗਤਾ ਨੂੰ ਗੰਭੀਰ ਝਟਕਾ ਹੈ ?



ਇਸ ਮਾਮਲੇ ਦਾ ਇੱਕ ਹੋਰ ਚਿੰਤਾਜਨਕ ਪੱਖ ਇਹ ਹੈ ਕਿ ਪਾਕਿਸਤਾਨ ਸਾਲਾਂ ਤੋਂ ਆਪਣੇ ਆਪ ਨੂੰ ਇਸਲਾਮੀ ਕਦਰਾਂ-ਕੀਮਤਾਂ ਦਾ ਰਾਖਾ ਦੱਸਦਾ ਆਇਆ ਹੈ, ਜੇ ਵਿਦੇਸ਼ੀ ਮਹਿਲਾਵਾਂ ਨੂੰ ਕਾਰੋਬਾਰੀ ਸੱਦੇ ਦੇ ਬਹਾਨੇ ਪਾਕਿਸਤਾਨ ਬੁਲਾਇਆ ਗਿਆ ਅਤੇ ਉੱਥੇ ਹੀ ਉਹ ਕਥਿਤ ਤੌਰ ’ਤੇ ਅਜਿਹੇ ਅਪਰਾਧ ਦਾ ਸ਼ਿਕਾਰ ਬਣੀਆਂ, ਤਾਂ ਇਹ ਸਿਰਫ਼ ਅੰਤਰਰਾਸ਼ਟਰੀ ਭਰੋਸੇ ਨਾਲ ਧੋਖਾ ਹੀ ਨਹੀਂ, ਸਗੋਂ ਪਾਕਿਸਤਾਨ ਵੱਲੋਂ ਕੀਤੇ ਜਾਂਦੇ ਇਸਲਾਮੀ ਕਦਰਾਂ-ਕੀਮਤਾਂ ਦੇ ਦਾਅਵਿਆਂ ’ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ।”

## ਵਿਚਾਰ ਆਪੋ-ਆਪਣਾ

ਨਾਲ ਹੀ ਇਹ ਪਾਕਿਸਤਾਨ ਦੇ ਸੱਤਾ ਢਾਂਚੇ, ਕਾਨੂੰਨ-ਵਿਵਸਥਾ ਅਤੇ ਰਾਜਨੀਤਿਕ ਜਵਾਬਦੇਹੀ ਭਾਵ ਕੂਟਨੀਤਿਕ ਭਰੋਸੇਯੋਗਤਾ ’ਤੇ ਲੱਗਿਆ ਗੰਭੀਰ ਸਵਾਲ ਹੈ। ਜਦੋਂ ਸੱਤਾ ਦੇ ਸਿਖਰ ਨਾਲ ਜੁੜੇ ਪਰਿਵਾਰਾਂ ਦੇ ਨਾਮ ਅਜਿਹੇ ਸੰਗੀਨ ਦੋਸ਼ਾਂ ਨਾਲ ਜੁੜਨ ਲੱਗਣ, ਤਾਂ ਦੁਨੀਆ ਇਹ ਪੁੱਛਣ ਲਈ ਮਜਬੂਰ ਹੋ ਜਾਂਦੀ ਹੈ ਕਿ ਕੀ ਉੱਥੇ ਕਾਨੂੰਨ ਆਮ ਨਾਗਰਿਕਾਂ ਅਤੇ ਪ੍ਰਭਾਵਸ਼ਾਲੀ ਲੋਕਾਂ ਲਈ ਇੱਕੋ ਜਿਹਾ ਹੈ ?

ਕਿਸੇ ਵੀ ਦੇਸ਼ ਦੀ ਸਭਿਆਚਾਰਕ ਅਤੇ ਲੋਕਤੰਤਰੀ ਪਰਿਪੱਕਤਾ ਦਾ ਸਭ ਤੋਂ ਵੱਡਾ ਮਾਪਦੰਡ ਇਹ ਹੁੰਦਾ ਹੈ ਕਿ ਉੱਥੇ ਔਰਤਾਂ ਕਿੰਨੀ ਸੁਰੱਖਿਅਤ, ਸਨਮਾਨਿਤ ਅਤੇ ਨਿਆਂ ਪ੍ਰਾਪਤ ਕਰਨ ਦੇ ਯੋਗ ਹਨ। ਇਸ ਕਸੌਟੀ ’ਤੇ ਹਕੀਕਤ ਇਹ ਹੈ ਕਿ ਪਾਕਿਸਤਾਨ ’ਚ ਔਰਤਾਂ ਦੀ ਸੁਰੱਖਿਆ, ਧਾਰਮਿਕ ਘੱਟਗਿਣਤੀਆਂ ਦੇ ਹੱਕਾਂ ਅਤੇ ਮਨੁੱਖੀ ਅਧਿਕਾਰਾਂ ਦਾ ਰਿਕਾਰਡ ਲਗਾਤਾਰ ਸਵਾਲਾਂ ਦੇ ਘੇਰੇ ਵਿੱਚ ਰਿਹਾ ਹੈ।

ਪਾਕਿਸਤਾਨ ਦਾ ਸੰਵਿਧਾਨ ਅਨੁਛੇਦ 25 ਤਹਿਤ ਔਰਤਾਂ ਅਤੇ ਮਰਦਾਂ ਲਈ ਬਰਾਬਰੀ ਦੇ ਅਧਿਕਾਰਾਂ ਦੀ ਗਾਰੰਟੀ ਦਿੰਦਾ ਹੈ। ਇਸ ਤੋਂ ਇਲਾਵਾ ਪਾਕਿਸਤਾਨ ਹਰ ਪਲੇਟਫ਼ਾਰਮ ’ਤੇ ਔਰਤਾਂ ਦੇ ਅਧਿਕਾਰਾਂ ਦੀ ਵਕਾਲਤ ਕਰਨ ਲਈ ਅੰਤਰਰਾਸ਼ਟਰੀ ਦਸਤਾਵੇਜ਼ਾਂ ’ਤੇ ਹਸਤਾਖ਼ਰ ਕਰਨ ਵਾਲਾ ਦੇਸ਼ ਹੈ। ਪਰ ਹਕੀਕਤ ’ਚ ਕੱਟੜਪੰਥੀਆਂ ਦੇ ਪ੍ਰਭਾਵ ਕਾਰਨ ਪਾਕਿਸਤਾਨ ’ਚ ਪਿਛਲੇ ਦੋ ਦਹਾਕਿਆਂ ਵਿਚ ਪਾਸ ਕੀਤੇ ਗਏ ਨਾਰੀਵਾਦੀ ਕਾਨੂੰਨ ਅਤੇ ਅਧਿਕਾਰਾਂ ਨੂੰ ਅਮਲੀ ਰੂਪ ਵਿਚ ਲਾਗੂ ਕਰਨ ਵਾਲਾ ਤੱਤ ਹਮੇਸ਼ਾਂ ਗਾਇਬ ਰਿਹਾ। ਅੱਜ ਪਾਕਿਸਤਾਨ ਔਰਤਾਂ ਦੇ ਰਹਿਣ ਲਈ “ਸਭ ਤੋਂ ਅਸੁਰੱਖਿਅਤ ਦੇਸ਼ਾਂ ਵਿੱਚ ਗਿਣਿਆ ਜਾ ਰਿਹਾ ਹੈ’।

ਸੰਯੁਕਤ ਰਾਸ਼ਟਰ ਦੀਆਂ ਵੱਖ-ਵੱਖ ਏਜੰਸੀਆਂ, ਹਿਊਮਨ ਰਾਈਟਸ ਵਾਚ ਅਤੇ ਐਮਨੈਸਟੀ ਇੰਟਰਨੈਸ਼ਨਲ ਵਰਗੀਆਂ ਸੰਸਥਾਵਾਂ ਵੀ ਸਾਲਾਂ ਤੋਂ ਇਹ ਦਰਸਾਉਂਦੀਆਂ ਆ ਰਹੀਆਂ ਹਨ ਕਿ ਪਾਕਿਸਤਾਨ ਵਿੱਚ ਔਰਤਾਂ ਵਿਰੁੱਧ ਹਿੰਸਾ ਇੱਕ ਗੰਭੀਰ ਸਮਾਜਿਕ ਅਤੇ ਕਾਨੂੰਨੀ ਚੁਣੌਤੀ ਬਣੀ ਹੋਈ ਹੈ। ਪਾਕਿਸਤਾਨ ’ਚ ਔਰਤਾਂ ਵਿਰੁੱਧ ਹਿੰਸਾ, ਜਬਰ ਜਨਾਹ, ਕਥਿਤ “ਆਨਰ ਕਿਲਿੰਗ÷, ਜਬਰੀ ਵਿਆਹ, ਨਾਬਾਲਗ ਲੜਕੀਆਂ ਦੇ ਅਗਵਾ ਅਤੇ ਗੈਰ ਮੁਸਲਮਾਨਾਂ ਦੇ ਜਬਰੀ ਧਰਮ ਪਰਿਵਰਤਨ ਵਰਗੇ ਮੁੱਦੇ ਵਾਰ-ਵਾਰ ਵਿਸ਼ਵ ਪੱਧਰ ’ਤੇ ਚਿੰਤਾ ਦਾ ਕਾਰਨ ਬਣੇ ਹਨ। ਕਈ ਮਾਮਲਿਆਂ ਵਿੱਚ ਸਮਾਜਿਕ ਦਬਾਅ, ਪ੍ਰਭਾਵਸ਼ਾਲੀ ਲੋਕਾਂ ਦਾ ਰੁਤਬਾ, ਡਰ ਅਤੇ ਜਾਂਚ ਪ੍ਰਣਾਲੀ ਦੀਆਂ ਕਮੀਆਂ ਕਾਰਨ ਪੀੜਤਾਂ ਨੂੰ ਪੂਰਾ ਨਿਆਂ ਨਹੀਂ ਮਿਲਦਾ। ਹੁਣ ਜੇ ਵਿਦੇਸ਼ੀ ਮਹਿਲਾਵਾਂ ਵੀ ਪਾਕਿਸਤਾਨ ਵਿੱਚ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਨ ਲੱਗਣ, ਤਾਂ ਇਸ ਦਾ ਸਿੱਧਾ ਅਸਰ ਉਸ ਦੀ ਅੰਤਰਰਾਸ਼ਟਰੀ ਸਾਖ, ਸੈਰ-ਸਪਾਟੇ, ਵਿਦੇਸ਼ੀ ਨਿਵੇਸ਼ ਅਤੇ ਭਰੋਸੇ ’ਤੇ ਪੈਣਾ ਸੁਭਾਵਿਕ ਹੈ।

ਜਦੋਂ ਕਿਸੇ ਦੇਸ਼ ਦਾ ਉਪ ਪ੍ਰਧਾਨ ਮੰਤਰੀ ਵਿਸ਼ਵ ਮੰਚਾਂ ’ਤੇ ਆਪਣੇ ਦੇਸ਼ ਦੀ ਨੁਮਾਇੰਦਗੀ ਕਰ ਰਿਹਾ ਹੋਵੇ ਅਤੇ ਉਸੇ ਸਮੇਂ ਉਸ ਦੇ ਪਰਿਵਾਰ ਨਾਲ ਜੁੜੇ ਵਿਅਕਤੀ ਉੱਤੇ ਅਜਿਹੇ ਸੰਗੀਨ ਦੋਸ਼ਾਂ ਦੀਆਂ ਸੁਰਖ਼ੀਆਂ ਵਿਸ਼ਵ ਮੀਡੀਆ ਵਿੱਚ ਛਾਈਆਂ ਹੋਣ, ਤਾਂ ਉਸ ਦੇਸ਼ ਦੀ ਨੈਤਿਕ ਸਥਿਤੀ ਆਪਣੇ ਆਪ ਕਮਜ਼ੋਰ ਹੋ ਜਾਂਦੀ ਹੈ।

ਪਾਕਿਸਤਾਨ ਵਿੱਚ ਵਿਦੇਸ਼ੀ ਔਰਤਾਂ ਨਾਲ ਹੋਏ ਜਬਰ ਜਨਾਹ ਜਾਂ ਬਦਸਲੂਕੀ ਦਾ ਇਹ ਪਹਿਲਾ ਮਾਮਲਾ ਨਹੀਂ ਹੈ। ਇਸ ਤੋਂ ਪਹਿਲਾਂ ਸਤੰਬਰ 2020 ਵਿੱਚ ਲਾਹੌਰ ਦੇ ਮੋਟਰਵੇਅ ’ਤੇ ਇੱਕ ਫਰਾਂਸੀਸੀ ਮੂਲ ਦੀ ਪਾਕਿਸਤਾਨੀ ਔਰਤ ਨਾਲ ਉਸਦੇ ਬੱਚਿਆਂ ਦੇ ਸਾਹਮਣੇ ਸਮੂਹਿਕ ਜਬਰ ਜਨਾਹ ਦੀ ਖਬਰ ਆਈ। 2018 ਵਿੱਚ ਇਸਲਾਮਾਬਾਦ ਵਿੱਚ ਇੱਕ ਚੀਨੀ ਮਹਿਲਾ ਨਾਲ ਕਥਿਤ ਜਬਰ ਜਨਾਹ ਦਾ ਮਾਮਲਾ ਵੀ ਸਾਹਮਣੇ ਆਇਆ ਸੀ। ਵੱਖ-ਵੱਖ ਸਾਲਾਂ ਦੌਰਾਨ ਕੁਝ ਵਿਦੇਸ਼ੀ ਮਹਿਲਾ ਸੈਲਾਨੀਆਂ, ਪੱਤਰਕਾਰਾਂ ਅਤੇ ਐਨਜੀਓ ਕਰਮਚਾਰੀਆਂ ਨੇ ਵੀ ਪਾਕਿਸਤਾਨ ਵਿੱਚ ਜਿਨਸੀ ਛੇੜਛਾੜ, ਪਰੇਸ਼ਾਨੀ ਅਤੇ ਧਮਕੀਆਂ ਦੀਆਂ ਸ਼ਿਕਾਇਤਾਂ ਕੀਤੀਆਂ ਹਨ। ਵਿਦੇਸ਼ੀ ਮਹਿਲਾਵਾਂ ਨਾਲ ਜੁੜੇ ਅਜਿਹੇ ਉੱਚ-ਪ੍ਰੋਫ਼ਾਈਲ ਮਾਮਲਿਆਂ ਅਤੇ ਅੰਤਰਰਾਸ਼ਟਰੀ ਮਨੁੱਖੀ ਅਧਿਕਾਰ ਰਿਪੋਰਟਾਂ ਨੇ ਪਾਕਿਸਤਾਨ ਵਿੱਚ ਔਰਤਾਂ ਦੀ ਸੁਰੱਖਿਆ ਅਤੇ ਨਿਆਂ ਪ੍ਰਣਾਲੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ।

ਪਾਕਿਸਤਾਨ ਵਿੱਚ ਔਰਤਾਂ ਦੀ ਸਥਿਤੀ ਦਾ ਅੰਦਾਜ਼ਾ ਇਸ ਗੱਲ ਤੋਂ ਵੀ ਲਗਾਇਆ ਜਾ ਸਕਦਾ ਹੈ ਕਿ ਉੱਥੇ ਕਿਸੇ ਮਰਦ ਨੂੰ “ਨਹੀਂ” ਕਹਿਣਾ ਕਈ ਵਾਰ ਮੌਤ ਨੂੰ ਸੱਦਾ ਦੇਣ ਦੇ ਬਰਾਬਰ ਸਾਬਤ ਹੋ ਜਾਂਦਾ ਹੈ। ਚਿਤਰਾਲ ਦੀ 17 ਸਾਲਾ ਟਿਕਟਾਕ ਸਟਾਰ ਸਨਾ ਯੂਸਫ਼ ਲਈ ਉਸ ਦਾ ਜਨਮਦਿਨ ਹੀ ਜ਼ਿੰਦਗੀ ਦਾ ਆਖ਼ਰੀ ਦਿਨ ਸਾਬਤ ਹੋਇਆ। ਇਸਲਾਮਾਬਾਦ ਵਿੱਚ 22 ਸਾਲਾ ਉਮਰ ਹਯਾਤ ਨੇ ਕਥਿਤ ਤੌਰ ’ਤੇ ਉਸ ਦੀ ਇਸ ਲਈ ਹੱਤਿਆ ਕਰ ਦਿੱਤੀ ਕਿਉਂਕਿ ਸਨਾ ਨੇ ਹਰ ਵਾਰ ਉਸ ਦੇ ਰਿਸ਼ਤੇ ਨੂੰ ਠੁਕਰਾ ਕੇ “ਨਹੀਂ” ਕਿਹਾ ਸੀ। ਇਹ ਪਾਕਿਸਤਾਨ ਦੇ ਉਸ ਸਮਾਜਿਕ ਮਨੋਵਿਗਿਆਨ ਦੀ ਤਸਵੀਰ ਹੈ, ਜਿੱਥੇ ਕੁਝ ਮਰਦ ਕਿਸੇ ਔਰਤ ਨੂੰ ਆਪਣੀ “ਮਲਕੀਅਤ” ਸਮਝਣ ਲੱਗ ਪੈਂਦੇ ਹਨ। ਜੇ ਉਹ ਇਨਕਾਰ ਕਰ ਦੇਵੇ ਤਾਂ ਧਮਕੀਆਂ, ਪਿੱਛਾ ਕਰਨਾ, ਤੇਜ਼ਾਬੀ ਹਮਲੇ, ਜਿਨਸੀ ਹਿੰਸਾ ਅਤੇ ਕਤਲ ਵਰਗੀਆਂ ਘਟਨਾਵਾਂ ਸਾਹਮਣੇ ਆ ਜਾਂਦੀਆਂ ਹਨ। ਨੂਰ ਮੁਕੱਦਮ, ਕੰਦੀਲ ਬਲੋਚ ਅਤੇ ਆਇਸ਼ਾ ਅਕਰਮ ਵਰਗੇ ਮਾਮਲੇ ਵੀ ਇਸੇ ਸਮਾਜਿਕ ਸੋਚ ਦੀਆਂ ਮਿਸਾਲਾਂ ਹਨ।

ਇਹ ਵੀ ਇੱਕ ਹਕੀਕਤ ਹੈ ਕਿ ਪਾਕਿਸਤਾਨ ਵਿੱਚ ਬਹੁਤ ਸਾਰੇ ਪੱਤਰਕਾਰ, ਵਕੀਲ, ਮਹਿਲਾ ਅਧਿਕਾਰ ਕਾਰਕੁਨ ਅਤੇ ਸਮਾਜਿਕ ਸੰਸਥਾਵਾਂ ਔਰਤਾਂ ਦੇ ਹੱਕਾਂ ਲਈ ਲਗਾਤਾਰ ਸੰਘਰਸ਼ ਕਰ ਰਹੀਆਂ ਹਨ। ਉਨ੍ਹਾਂ ਦੀਆਂ ਕੋਸ਼ਿਸ਼ਾਂ ਇਹ ਦਰਸਾਉਂਦੀਆਂ ਹਨ ਕਿ ਪਾਕਿਸਤਾਨੀ ਸਮਾਜ ਇਕਸਾਰ ਨਹੀਂ ਹੈ ਅਤੇ ਉੱਥੇ ਸੁਧਾਰ ਦੀ ਮੰਗ ਕਰਨ ਵਾਲੀਆਂ ਮਜ਼ਬੂਤ ਆਵਾਜ਼ਾਂ ਵੀ ਮੌਜੂਦ ਹਨ। ਪਰ ਇਹ ਵੀ ਉਤਨਾ ਹੀ ਸਪੱਸ਼ਟ ਹੈ ਕਿ ਔਰਤਾਂ ਦੀ ਸੁਰੱਖਿਆ, ਨਿਆਂ ਅਤੇ ਜਵਾਬਦੇਹੀ ਨਾਲ ਜੁੜੀਆਂ ਚੁਣੌਤੀਆਂ ਅਜੇ ਵੀ ਬਹੁਤ ਗੰਭੀਰ ਹਨ। ਲਾਹੌਰ ਦਾ ਮੌਜੂਦਾ ਮਾਮਲਾ ਕੇਵਲ ਦੋ ਵਿਦੇਸ਼ੀ ਮਹਿਲਾਵਾਂ ਨਾਲ ਕਥਿਤ ਅਪਰਾਧ ਦਾ ਨਹੀਂ, ਸਗੋਂ ਪਾਕਿਸਤਾਨ ਦੀ ਅੰਤਰਰਾਸ਼ਟਰੀ ਸਾਖ, ਮਨੁੱਖੀ ਅਧਿਕਾਰਾਂ ਪ੍ਰਤੀ ਉਸ ਦੀ ਵਚਨਬੱਧਤਾ ਅਤੇ ਕਾਨੂੰਨ ਦੇ ਰਾਜ ਦੀ ਭਰੋਸੇਯੋਗਤਾ ਦੀ ਕਸੌਟੀ ਬਣ ਚੁੱਕਾ ਹੈ।

ਭਾਵੇਂ ਰਜ਼ਾ ਡਾਰ ਨੂੰ ਸੰਬੰਧਿਤ ਵਿਦੇਸ਼ੀ ਦੂਤਾਵਾਸ ਦੇ ਦਖ਼ਲ ਤੋਂ ਬਾਅਦ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਹੁਣ ਪਾਕਿਸਤਾਨ ਦੀ ਨਿਆਂ ਪ੍ਰਣਾਲੀ ਦੀ ਅਸਲ ਪ੍ਰੀਖਿਆ ਹੈ। ਕੀ ਕਾਨੂੰਨ ਸੱਤਾ ਅਤੇ ਪ੍ਰਭਾਵ ਤੋਂ ਉੱਪਰ ਉੱਠ ਕੇ ਇਨਸਾਫ਼ ਕਰੇਗਾ, ਜਾਂ ਇਹ ਮਾਮਲਾ ਵੀ ਸਿਆਸੀ ਦਬਾਅ ਦੀ ਭੇਟ ਚੜ੍ਹ ਜਾਵੇਗਾ ? ਇਸ ਦਾ ਜਵਾਬ ਸਿਰਫ਼ ਪਾਕਿਸਤਾਨ ਨਹੀਂ, ਸਾਰੀ ਦੁਨੀਆ ਉਡੀਕ ਰਹੀ ਹੈ।

**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ, ਪੰਜਾਬ ਭਾਜਪਾ, ਮੋ.: 9781355522**

### ਅਕਾਲ ਯੂਨੀਵਰਸਿਟੀ ਵਿਖੇ ਨਵੇਂ ਦਾਖ਼ਲ ਵਿਦਿਆਰਥੀਆਂ ਲਈ

# 'ਸਟੂਡੈਂਟ ਇੰਡਕਸ਼ਨ ਪ੍ਰੋਗਰਾਮ 2026' ਦੀ ਸ਼ਾਨਦਾਰ ਸ਼ੁਰੂਆਤ



**ਤਲਵੰਡੀ ਸਾਬੋ, 07 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਵਿਖੇ ਅੱਜ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਦਿਆਂ 'ਸਟੂਡੈਂਟ ਇੰਡਕਸ਼ਨ ਪ੍ਰੋਗਰਾਮ 2026' ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੀ ਅਕਾਦਮਿਕ ਪ੍ਰਣਾਲੀ, ਸੰਸਥਾਗਤ ਕਦਰਾਂ-ਕੀਮਤਾਂ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਉਪਲਬਧ ਮੌਕਿਆਂ ਤੋਂ ਜਾਣੂ ਕਰਵਾਉਣਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਸੰਬੰਧਿਤ ਵਿਭਾਗਾਂ ਵਿੱਚ ਵਿਦਿਆਰਥੀਆਂ ਦੀ ਹਾਜ਼ਰੀ ਨਾਲ ਹੋਈ, ਜਿਸ ਤੋਂ ਬਾਅਦ ਸਾਰੇ ਵਿਦਿਆਰਥੀ ਯੂਨੀਵਰਸਿਟੀ ਦੇ ਸੈਮੀਨਾਰ ਹਾਲ ਵਿੱਚ ਇਕੱਤਰ ਹੋਏ। ਸਮਾਗਮ ਦੀ ਰਸਮੀ ਸ਼ੁਰੂਆਤ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਉਪਿੰਦਰ ਕੌਰ ਦੇ ਸਵਾਗਤੀ ਸ਼ਬਦਾਂ ਨਾਲ ਹੋਈ। ਉਨ੍ਹਾਂ ਨੇ ਨਵੇਂ ਵਿਦਿਆਰਥੀਆਂ ਨੂੰ ਜੀ ਆਇਆਂ ਆਖਦਿਆਂ ਯੂਨੀਵਰਸਿਟੀ ਜੀਵਨ ਵਿੱਚ ਸਹਿਜਤਾ ਨਾਲ ਪ੍ਰਵੇਸ਼ ਕਰਨ ਲਈ ਇਸ ਇੰਡਕਸ਼ਨ ਪ੍ਰੋਗਰਾਮ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਵਿਭਾਗ ਵੱਲੋਂ ਰੂਹਾਨੀ ਸ਼ਬਦ ਗਾਇਨ ਕੀਤਾ ਗਿਆ, ਜਿਸ ਰਾਹੀਂ ਨਵੇਂ ਅਕਾਦਮਿਕ ਸਫ਼ਰ ਦੀ ਸਫ਼ਲਤਾ ਲਈ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵਾਹਿਗੁਰੂ ਦਾ ਓਟ-ਆਸਰਾ ਲਿਆ। ਯੂਨੀਵਰਸਿਟੀ ਦੇ ਮਾਣਯੋਗ ਵਾਈਸ-ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਨਵੇਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਅਨੁਸ਼ਾਸਨ, ਨੈਤਿਕ ਕਦਰਾਂ-ਕੀਮਤਾਂ ਅਤੇ ਨਵੀਨਤਾ ਦੀ ਭਾਵਨਾ ਨੂੰ ਅਪਣਾਉਂਦੇ ਹੋਏ ਅਕਾਦਮਿਕ ਖੇਤਰ ਵਿੱਚ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਯੂਨੀਵਰਸਿਟੀ ਵੱਲੋਂ ਪ੍ਰਦਾਨ ਕੀਤੇ ਗਏ ਮੌਕਿਆਂ ਦਾ ਭਰਪੂਰ ਲਾਹਾ ਲੈਣ ਅਤੇ ਗਿਆਨ, ਖੋਜ ਤੇ ਸੇਵਾ ਰਾਹੀਂ ਸਮਾਜ ਵਿੱਚ ਆਪਣਾ ਸਾਰਥਕ ਯੋਗਦਾਨ ਪਾਉਣ। ਉਨ੍ਹਾਂ ਨੇ ਕਈ ਪੁਰਾਣੇ ਪਾਸ ਹੋ ਚੁਕੇ ਅਤੇ ਵੱਖ ਵੱਖ ਖੇਤਰਾਂ ਵਿਚ ਕੰਮ ਕਰ ਰਹੇ ਸਫਲ ਵਿਦਿਆਰਥੀਆਂ ਦੀ ਜਾਣਕਾਰੀ ਵੀ ਰੋਚਕ ਅੰਦਾਜ਼ ਵਿਚ ਸਾਂਝੀ ਕੀਤੀ। ਮੁੱਖ ਸੈਸ਼ਨ ਦੌਰਾਨ ਡੀਨ ਅਕਾਦਮਿਕ ਮੇਜਰ ਜਨਰਲ ਡਾ. ਜੀ. ਐੱਸ. ਲਾਂਬਾ ਨੇ 'ਅਕਾਦਮਿਕ ਫਰੇਮਵਰਕ ਅਤੇ ਉੱਤਮਤਾ' ਵਿਸ਼ੇ 'ਤੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਨਿਯਮਾਂ, ਕ੍ਰੈਡਿਟ-ਅਧਾਰਿਤ ਪਾਠਕ੍ਰਮ, ਪ੍ਰੀਖਿਆ ਪ੍ਰਣਾਲੀ ਅਤੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਤੱਥਾਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਚੁਣੇ ਹੋਏ ਖੇਤਰਾਂ ਵਿੱਚ ਮੋਹਰੀ ਬਣਨ, ਆਲੋਚਨਾਤਮਕ ਸੋਚ ਬਣਾਉਣ, ਖੋਜ ਰੁਚੀ ਅਤੇ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਉਦਘਾਟਨੀ ਸੈਸ਼ਨ ਤੋਂ ਬਾਅਦ, ਵਿਦਿਆਰਥੀਆਂ ਨੇ ਆਪਣੇ-ਆਪਣੇ ਵਿਭਾਗੀ ਓਰੀਐਂਟੇਸ਼ਨ ਪ੍ਰੋਗਰਾਮਾਂ ਵਿੱਚ ਹਿੱਸਾ ਲਿਆ। ਇੱਥੇ ਫੈਕਲਟੀ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਵਿਭਾਗ ਦੀਆਂ ਗਤੀਵਿਧੀਆਂ ਤੋਂ ਜਾਣੂ ਕਰਵਾਇਆ ਅਤੇ 'ਮੈਂਟਰ-ਮੈਂਟੀ ਨੀਤੀ' ਬਾਰੇ ਦੱਸਿਆ। ਅਧਿਆਪਕਾਂ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ ਅਤੇ ਉਨ੍ਹਾਂ ਦੇ ਭਵਿੱਖ ਦੇ ਟੀਚਿਆਂ ਬਾਰੇ ਖੁੱਲ੍ਹ ਕੇ ਚਰਚਾ ਕੀਤੀ। ਸਮਾਗਮ ਦੇ ਅਖੀਰ ਵਿੱਚ ਗਣਿਤ ਵਿਭਾਗ ਦੇ ਮੁਖੀ ਡਾ. ਸੁਖਪ੍ਰੀਤ ਕੌਰ ਨੇ ਧੰਨਵਾਦ ਦੀ ਰਸਮ ਅਦਾ ਕੀਤੀ। ਉਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਯੂਨੀਵਰਸਿਟੀ ਪ੍ਰਬੰਧਕਾਂ, ਫੈਕਲਟੀ ਮੈਂਬਰਾਂ, ਪ੍ਰਬੰਧਕੀ ਕਮੇਟੀ ਅਤੇ ਵਿਦਿਆਰਥੀਆਂ ਦੇ ਉਤਸ਼ਾਹਪੂਰਨ ਸਹਿਯੋਗ ਲਈ ਸਭ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### 'ਸਤਲੁਜ' 'ਤੇ ਰਿਵਿਊ ਕਮੇਟੀ ਦਾ ਫ਼ੈਸਲਾ

# ਕੇਂਦਰ ਦਾ ਸਕਾਰਾਤਮਿਕ ਕਦਮ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਦੀ ਅਪੀਲ 'ਤੇ ਦਲਜੀਤ ਸਿੰਘ ਦੁਸਾਂਝ ਦੀ ਮਨੁੱਖੀ ਅਧਿਕਾਰ ਕਾਰਕੁਨ ਸ਼ਹੀਦ ਸ. ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਆਧਾਰਿਤ ਫ਼ਿਲਮ 'ਸਤਲੁਜ' ਨੂੰ ਓਟੀਟੀ ਪਲੇਟਫਾਰਮ ਤੋਂ ਹਟਾਏ ਜਾਣ ਦੇ ਫ਼ੈਸਲੇ 'ਤੇ ਮੁੜ ਵਿਚਾਰ ਕਰਨ ਲਈ ਰਿਵਿਊ ਕਮੇਟੀ ਗਠਿਤ ਕਰਨ ਦੇ ਫ਼ੈਸਲੇ ਦਾ ਸਵਾਗਤ ਕੀਤਾ ਹੈ।



ਉਨ੍ਹਾਂ ਕਿਹਾ ਕਿ ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਜੀਵਨ ਗਾਥਾ ਨੂੰ ਸਾਹਮਣੇ ਲਿਆਉਣ ਵਾਲੀਆਂ ਰਚਨਾਵਾਂ ਨੂੰ ਸਮਾਜ ਤੱਕ ਪਹੁੰਚਣ ਦੇਣਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਹ ਸਮਝ ਸਕਣ ਕਿ ਭਾਰਤੀ ਲੋਕਤੰਤਰ ਦੀ ਅਸਲ ਤਾਕਤ ਸੱਚ, ਸੰਵਿਧਾਨ ਅਤੇ ਨਿਆਂ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਨੇ 1980-90 ਦੇ ਦਹਾਕੇ ਦਾ ਉਹ ਕਾਲਾ ਦੌਰ ਦੇਖਿਆ, ਜਦੋਂ ਕਾਂਗਰਸ ਸਰਕਾਰਾਂ ਦੇ ਸਮੇਂ ਅਨੇਕਾਂ ਨੌਜਵਾਨ ਪੁਲਿਸ ਹਿਰਾਸਤ ਵਿੱਚ ਮੌਤਾਂ, ਫ਼ਰਜ਼ੀ ਮੁੱਠਭੇੜਾਂ, ਲਾਪਤਾ ਕੀਤੇ ਜਾਣ ਅਤੇ ਮਨੁੱਖੀ ਅਧਿਕਾਰਾਂ ਦੀਆਂ ਗੰਭੀਰ ਉਲੰਘਣਾਵਾਂ ਦਾ ਸ਼ਿਕਾਰ ਬਣੇ। ਇਹ ਦਰਦਨਾਕ ਅਧਿਆਇ ਅਤੇ ਜ਼ਖ਼ਮ ਅੱਜ ਵੀ ਪੰਜਾਬ ਦੀ ਸਾਂਝੀ ਚੇਤਨਾ ਦਾ ਹਿੱਸਾ ਹਨ।

ਉਸ ਕਾਲੇ ਦੌਰ ਦੇ ਸਮੇਂ ਕਾਂਗਰਸ ਸਰਕਾਰਾਂ ਵੱਲੋਂ ਸਿਆਸੀ ਮੁਫ਼ਾਦ ਲਈ ਰਾਜਸੀ ਸੁਰੱਖਿਆ ਐਕਟ ਵਿੱਚ ਸੋਧ, ਆਰਮਡ ਫੋਰਸ ਪਾਵਰ ਐਕਟ ਅਤੇ ਅੱਤਵਾਦ ਰੋਕੋ ਐਕਟ 'ਟਾਡਾ' ਅਧੀਨ ਪੁਲੀਸ ਬਲ ਨੂੰ ਅਸੀਮ ਤਾਕਤਾਂ ਦਿੱਤੀਆਂ ਗਈਆਂ, ਜਿਨ੍ਹਾਂ ਦੇ ਸਹਾਰੇ ਉਨ੍ਹਾਂ ਇਹ ਸਮਝ ਲਿਆ ਕਿ ਅਸੀਂ ਕਿਸੇ ਨੂੰ ਜਵਾਬ ਦੇ ਨਹੀਂ ਹਾਂ, ਮਨੁੱਖ ਅਧਿਕਾਰਾਂ ਦੀਆਂ ਰੱਜ ਕੇ ਧੱਜੀਆਂ ਉਡਾਈਆਂ ਗਈਆਂ। ਉਸ ਵੇਲੇ ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਲਾਪਤਾ ਕੀਤੇ ਗਏ । ਫ਼ਰਜ਼ੀ ਮੁਕਾਬਲਿਆਂ ਵਿੱਚ ਅਨੇਕਾਂ ਨੂੰ ਖੱਪਾ ਦਿੱਤਾ ਗਿਆ ।

ਉਨ੍ਹਾਂ ਕਿਹਾ ਕਿ ਅਜਿਹੇ ਹਨੇਰੇ ਸਮੇਂ ਵਿੱਚ ਸ. ਜਸਵੰਤ ਸਿੰਘ ਖਾਲੜਾ ਨੇ ਕਾਂਗਰਸ ਸਰਕਾਰਾਂ ਦੀ ਧੱਕੇਸ਼ਾਹੀ ਅਤੇ ਪੁਲਿਸ ਮਸ਼ੀਨਰੀ ਦੇ ਦੁਰਉਪਯੋਗ ਵਿਰੁੱਧ ਨਿਡਰ ਹੋ ਕੇ ਆਵਾਜ਼ ਉਠਾਈ। ਉਨ੍ਹਾਂ ਪੁਲਿਸ ਵੱਲੋਂ ਲਾਵਾਰਸ ਦੱਸ ਕੇ ਸਸਕਾਰ ਕੀਤੀਆਂ ਗਈਆਂ ਲਾਸ਼ਾਂ ਦਾ ਸੱਚ ਦੇਸ਼ ਤੇ ਦੁਨੀਆ ਸਾਹਮਣੇ ਰੱਖਿਆ ਅਤੇ ਇਸ ਸੰਘਰਸ਼ ਲਈ ਆਪਣੀ ਸ਼ਹਾਦਤ ਦਿੱਤੀ । ਇਸੇ ਲਈ ਉਹ ਅੱਜ ਵੀ ਸਿੱਖ ਕੌਮ ਅਤੇ ਮਨੁੱਖੀ ਅਧਿਕਾਰਾਂ 'ਤੇ ਵਿਸ਼ਵਾਸ ਰੱਖਣ ਵਾਲੇ ਹਰ ਵਿਅਕਤੀ ਦੇ ਮਨ ਵਿੱਚ ਉੱਚਾ ਸਥਾਨ ਰੱਖਦੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ 'ਸਤਲੁਜ' ਫ਼ਿਲਮ ਦਾ ਸਭ ਤੋਂ ਮਹੱਤਵਪੂਰਨ ਸੰਦੇਸ਼ ਇਹ ਹੈ ਕਿ ਭਾਵੇਂ ਉਸ ਜਿਨ੍ਹਾਂ ਨੇ ਕਾਨੂੰਨ ਦੀ ਆੜ ਵਿੱਚ ਮਨੁੱਖੀ ਅਧਿਕਾਰਾਂ ਦਾ ਘਾਣ ਕੀਤਾ, ਉਹ ਅੰਤ ਵਿੱਚ ਨਿਆਂਪਾਲਿਕਾ ਦੀ ਪਕੜ ਤੋਂ ਬਚ ਨਹੀਂ ਸਕੇ। ਕਈ ਦੋਸ਼ੀਆਂ ਨੂੰ ਸਜ਼ਾਵਾਂ ਹੋਈਆਂ, ਜਦਕਿ ਕਈ ਮਾਮਲੇ ਅੱਜ ਵੀ ਸੀਬੀਆਈ ਦੀ ਵਿਸ਼ੇਸ਼ ਅਦਾਲਤ, ਮੁਹਾਲੀ ਵਿੱਚ ਵਿਚਾਰ ਅਧੀਨ ਹਨ। ਇਹ ਭਾਰਤੀ ਲੋਕਤੰਤਰ ਦੀ ਤਾਕਤ ਦਾ ਪ੍ਰਮਾਣ ਹੈ ਕਿ ਦੇਰ ਹੋ ਸਕਦੀ ਹੈ, ਪਰ ਨਿਆਂ ਦੀ ਸੰਭਾਵਨਾ ਕਦੇ ਖ਼ਤਮ ਨਹੀਂ ਹੁੰਦੀ।

ਪ੍ਰੋ. ਖਿਆਲਾ ਨੇ ਕਿਹਾ ਕਿ ਜਦੋਂ ਕਾਰਜਪਾਲਿਕਾ ਅਤੇ ਵਿਧਾਨਪਾਲਿਕਾ ਆਪਣੀ ਸੰਵਿਧਾਨਕ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲ ਰਹਿਣ, ਉਦੋਂ ਨਿਆਂਪਾਲਿਕਾ ਲੋਕਾਂ ਦੇ ਅਧਿਕਾਰਾਂ ਦੀ ਆਖ਼ਰੀ ਢਾਲ ਬਣਦੀ ਹੈ। ਭਾਰਤ ਵਿੱਚ ਸਰਵਉੱਚਤਾ ਸੱਤਾ ਜਾਂ ਪੁਲਿਸ ਪ੍ਰਬੰਧ ਦੀ ਨਹੀਂ, ਸਗੋਂ ਸੰਵਿਧਾਨ ਅਤੇ ਕਾਨੂੰਨ ਦੇ ਰਾਜ ਦੀ ਹੈ। ਸੱਤਾ ਦਾ ਦੁਰਉਪਯੋਗ ਕਰਨ ਵਾਲਾ ਭਾਵੇਂ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਅੰਤ ਵਿੱਚ ਉਸ ਨੂੰ ਕਾਨੂੰਨ ਅੱਗੇ ਜਵਾਬਦੇਹ ਹੋਣਾ ਹੀ ਪੈਂਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਸ ਸੰਦਰਭ ਵਿੱਚ ਉਸ ਦੌਰ ਵਿੱਚ ਸੁਪਰੀਮ ਕੋਰਟ 'ਚ ਸੇਵਾ ਨਿਭਾਅ ਰਹੇ ਜੱਜ ਜਸਟਿਸ ਸ. ਕੁਲਦੀਪ ਸਿੰਘ ਨਿਆਂ ਦੀ ਇੱਕ ਮਜ਼ਬੂਤ ਆਵਾਜ਼ ਵਜੋਂ ਉੱਭਰੇ। 1993 ਵਿੱਚ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਤੁਤ ਭੰਗਾਲਾ (ਪੱਟੀ) ਦੇ ਇੱਕ ਨੌਜਵਾਨ ਨੂੰ ਥਾਣਾ ਵਲਟੋਹਾ ਦੇ ਤਤਕਾਲੀ ਐੱਸ.ਐੱਚ.ਓ. ਸੀਤਾ ਰਾਮ ਵੱਲੋਂ ਖਾੜਕੂਆਂ ਨੂੰ ਪਨਾਹ ਦੇਣ ਦੇ ਦੋਸ਼ ਹੇਠ ਕਥਿਤ ਮੁੱਠਭੇੜ ਵਿੱਚ ਮਾਰਿਆ ਹੋਇਆ ਦਰਸਾਇਆ ਗਿਆ। ਚਸ਼ਮਦੀਦਾਂ ਅਨੁਸਾਰ ਜਦੋਂ ਉਸ ਨੂੰ ਪੱਟੀ ਦੇ ਸਰਕਾਰੀ ਹਸਪਤਾਲ ਲਿਆਂਦਾ ਗਿਆ ਤਾਂ ਉਹ ਅਜੇ ਜ਼ਿੰਦਾ ਸੀ। ਇੱਕ ਨਰਸ ਨੇ ਮਨੁੱਖਤਾ ਦੇ ਨਾਤੇ ਉਸ ਨੂੰ ਮੁੱਢਲੀ ਸਹਾਇਤਾ ਦਿੱਤੀ ਅਤੇ ਇਸ ਦੀ ਸੂਚਨਾ ਪਰਿਵਾਰ ਤੱਕ ਪਹੁੰਚੀ। ਪਰ ਬਾਅਦ ਪੁਲਿਸ ਉਸ ਨੌਜਵਾਨ ਨੂੰ ਮੁੜ ਆਪਣੇ ਨਾਲ ਲੈ ਗਈ, ਗੋਲੀ ਮਾਰ ਕੇ ਉਸ ਦੀ ਹੱਤਿਆ ਕੀਤੀ ਅਤੇ ਲਾਸ਼ ਨੂੰ ਦੁਬਾਰਾ ਹਸਪਤਾਲ ਲਿਆਈ। ਇਸ ਘਟਨਾ ਨੇ ਉਸ ਵੇਲੇ ਸੂਬੇ ਭਰ ਵਿੱਚ ਭਾਰੀ ਚਰਚਾ ਛੇੜ ਦਿੱਤੀ। ਇਸ ਮਾਮਲੇ 'ਚ ਜਸਟਿਸ ਸ. ਕੁਲਦੀਪ ਸਿੰਘ ਦੀ ਭੂਮਿਕਾ ਵੀ ਇਤਿਹਾਸਕ ਰਹੀ। ਉਨ੍ਹਾਂ ਮਾਮਲੇ 'ਚ ਸਖ਼ਤ ਨਿਆਇਕ ਦਖ਼ਲ ਦਿੱਤਾ ਤੇ ਦੋਸ਼ੀ ਪੁਲਿਸ ਅਧਿਕਾਰੀ ਨੂੰ 20 ਸਾਲ ਦੀ ਕੈਦ ਦੀ ਸਜ਼ਾ ਹੋਈ। ਇਹ ਫ਼ੈਸਲਾ ਅੱਜ ਵੀ ਪੰਜਾਬ ਵਿੱਚ ਨਿਆਂ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦਾ ਇੱਕ ਮਹੱਤਵਪੂਰਨ ਮੀਲ ਪੱਥਰ ਮੰਨਿਆ ਜਾਂਦਾ ਹੈ। ਜਿਸ ਨੇ ਪੀੜਤ ਪਰਿਵਾਰਾਂ ਨੂੰ ਅਦਾਲਤਾਂ ਵਲ ਰੁਖ਼ ਕਰਨ ਦਾ ਹੌਸਲਾ ਦਿਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਇਨਰ ਵ੍ਹੀਲ ਸੰਸਥਾ ਵੱਲੋਂ ਗੁਰਦੁਆਰਾ ਰਾਜੌਰੀ ਗਾਰਡਨ ਵਿਖੇ ਡਾਇਲਸਿਸ ਮਸ਼ੀਨ ਦੀ ਸੇਵਾ



**ਨਵੀਂ ਦਿੱਲੀ, 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵਿਖੇ ਚੱਲ ਰਹੇ ਡਾਇਲਸਿਸ ਸੈਂਟਰ ਨੂੰ ਰੋਟਰੀ ਕਲੱਬ ਦੀ ਮਹਿਲਾ ਵਿੰਗ ਇਨਰ ਵ੍ਹੀਲ ਸੰਸਥਾ ਦੇ ਡਿਸਟ੍ਰਿਕਟ 301 ਵੱਲੋਂ ਲਗਭਗ 8.5 ਲੱਖ ਰੁਪਏ ਦੀ ਲਾਗਤ ਵਾਲੀ ਇੱਕ ਆਧੁਨਿਕ ਡਾਇਲਸਿਸ ਮਸ਼ੀਨ ਭੇਟ ਕੀਤੀ ਗਈ, ਜਿਸ ਨਾਲ ਮਰੀਜ਼ਾਂ ਦੇ ਇਲਾਜ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ, ਜਨਰਲ ਸਕੱਤਰ ਮਨਜੀਤ ਸਿੰਘ ਖੰਨਾ ਅਤੇ ਅਜੀਤ ਸਿੰਘ ਮੋਂਗਾ ਨੇ ਸੰਸਥਾ ਦੀ ਪ੍ਰਧਾਨ ਦੀਪਾ ਗੋਇਲ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਸਿਰੋਪਾਓ ਭੇਟ ਕਰਕੇ ਸਨਮਾਨ ਕੀਤਾ। ਸਰਦਾਰ ਹਰਮਨਜੀਤ ਸਿੰਘ ਅਤੇ ਸਰਦਾਰ ਮਨਜੀਤ ਸਿੰਘ ਖੰਨਾ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿੱਚ ਚੱਲ ਰਹੇ ਡਾਇਲਸਿਸ ਸੈਂਟਰ ਵਿੱਚ ਇਸ ਸਮੇਂ ਕਰੀਬ 10 ਮਸ਼ੀਨਾਂ ਕਾਰਜਸ਼ੀਲ ਹਨ, ਪਰ ਹੁਣ ਉਨ੍ਹਾਂ ਦੀ ਥਾਂ ਅਤਿ-ਆਧੁਨਿਕ ਤਕਨੀਕ ਨਾਲ ਲੈਸ ਨਵੀਆਂ ਮਸ਼ੀਨਾਂ ਲਗਾਈਆਂ ਜਾ ਰਹੀਆਂ ਹਨ। ਇਸ ਲੜੀ ਤਹਿਤ ਅੱਜ ਇਨਰ ਵ੍ਹੀਲ ਸੰਸਥਾ ਵੱਲੋਂ ਇੱਕ ਨਵੀਂ ਡਾਇਲਸਿਸ ਮਸ਼ੀਨ ਭੇਟ ਕੀਤੀ ਗਈ ਹੈ ਅਤੇ ਭਵਿੱਖ ਵਿੱਚ ਹੋਰ ਮਸ਼ੀਨਾਂ ਮੁਹੱਈਆ ਕਰਵਾਉਣ ਦਾ ਵੀ ਭਰੋਸਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਡਾਇਲਸਿਸ ਸੈਂਟਰ ਵਿੱਚ ਸਭ ਤੋਂ ਘੱਟ ਖਰਚੇ 'ਤੇ ਡਾਇਲਸਿਸ ਦੀ ਸੇਵਾ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਕਾਰਨ ਨਾ ਸਿਰਫ਼ ਸਮੁੱਚੀ ਦਿੱਲੀ ਸਗੋਂ ਦਿੱਲੀ ਤੋਂ ਬਾਹਰਲੇ ਇਲਾਕਿਆਂ ਤੋਂ ਵੀ ਵੱਡੀ ਗਿਣਤੀ ਵਿੱਚ ਮਰੀਜ਼ ਇੱਥੇ ਇਲਾਜ ਲਈ ਆਉਂਦੇ ਹਨ। ਬਾਹਰੋਂ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਲਈ ਗੁਰਦੁਆਰਾ ਸਾਹਿਬ ਵਿੱਚ ਰਹਿਣ ਦੀ ਵੀ ਉਚਿਤ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਇਸ ਮਹੱਤਵਪੂਰਨ ਸੇਵਾ ਲਈ ਇਨਰ ਵ੍ਹੀਲ ਸੰਸਥਾ ਦਾ ਦਿਲੋਂ ਧੰਨਵਾਦ ਪ੍ਰਗਟ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਹਾਈ ਕੋਰਟ 'ਚ ਦਿੱਲੀ ਗੁਰਦੁਆਰਾ ਕਮੇਟੀ ਨੂੰ ਰਾਹਤ, ਵਿਰੋਧੀਆਂ ਦੀਆਂ ਦਲੀਲਾਂ ਨਹੀਂ ਹੋਈਆਂ ਕਬੂਲ: ਕਾਲਕਾ, ਕਾਹਲੋਂ




ਨਵੀਂ ਦਿੱਲੀ, 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਪ੍ਰੈਸ ਕਾਨਫਰੰਸ ਵਿਚ ਕਿਹਾ ਕਿ ਸਿਆਸੀ ਵਿਰੋਧੀਆਂ ਦੇ ਕੂੜ ਪ੍ਰਚਾਰ ਦੇ ਬਾਵਜੂਦ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ 90 ਫੀਸਦੀ ਤੋਂ ਵੱਧ ਮੌਜੂਦਾ ਅਤੇ ਸੇਵਾਮੁਕਤ ਸਟਾਫ ਨੇ 19 ਫਰਵਰੀ 2026 ਨੂੰ ਹੋਏ ਐਮ.ਓ.ਯੂ. 'ਤੇ ਦਸਤਖ਼ਤ ਕਰਕੇ ਕਮੇਟੀ 'ਤੇ ਆਪਣਾ ਭਰੋਸਾ ਪ੍ਰਗਟ ਕੀਤਾ ਹੈ। ਉਨ੍ਹਾਂ ਦੱਸਿਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਬਕਾਇਆ ਭੁਗਤਾਨ ਮਾਮਲੇ ਦੀ ਦਿੱਲੀ ਹਾਈ ਕੋਰਟ ਵਿੱਚ ਸੁਣਵਾਈ ਦੌਰਾਨ ਅਦਾਲਤ ਨੇ ਕਮੇਟੀ ਦੀਆਂ ਦਲੀਲਾਂ ਨੂੰ ਸਵੀਕਾਰ ਕਰਦਿਆਂ ਵਿਰੋਧੀ ਧਿਰ ਵੱਲੋਂ ਗੁਰੂ ਘਰ ਦੀਆਂ ਜਾਇਦਾਦਾਂ ਨੂੰ ਸਕਿਓਰਿਟੀ ਵਜੋਂ ਜ਼ਬਤ ਕਰਨ ਜਾਂ ਮੁਲਾਂਕਣ ਕਰਵਾਉਣ ਦੀ ਮੰਗ ਨੂੰ ਤਵੱਜੋ ਨਹੀਂ ਦਿੱਤੀ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਕਮੇਟੀ 2006 ਤੋਂ 2020 ਤੱਕ ਦੇ ਸੇਵਾਮੁਕਤ ਮੁਲਾਜ਼ਮਾਂ ਦੀ ਬਣਦੀ ਰਕਮ ਅਦਾ ਕਰ ਚੁੱਕੀ ਹੈ, ਜਦਕਿ 2021-22 ਦੇ ਕਰਮਚਾਰੀਆਂ ਲਈ ਤੈਅ ਕੀਤੀਆਂ 14 ਕਿਸ਼ਤਾਂ ਵਿੱਚੋਂ 6 ਜਾਰੀ ਕੀਤੀਆਂ ਜਾ ਚੁੱਕੀਆਂ ਹਨ ਅਤੇ ਬਾਕੀ ਰਕਮ ਵੀ ਐਮ.ਓ.ਯੂ. ਅਨੁਸਾਰ ਸਮੇਂ ਸਿਰ ਅਦਾ ਕਰਨ ਲਈ ਕਮੇਟੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅਦਾਲਤ ਨੇ ਹਰ ਤਿੰਨ ਮਹੀਨਿਆਂ ਬਾਅਦ ਮਾਮਲੇ ਦੀ ਸਮੀਖਿਆ ਕਰਨ ਦੇ ਹੁਕਮ ਦਿੱਤੇ ਹਨ ਅਤੇ ਪਹਿਲਾਂ ਦਿੱਤੇ ਹਲਫ਼ਨਾਮੇ ਤੋਂ ਇਲਾਵਾ ਗੁਰੂ ਘਰ ਦੀਆਂ ਜਾਇਦਾਦਾਂ ਵੇਚਣ ਜਾਂ ਗਹਿਣੇ ਰੱਖਣ ਸਬੰਧੀ ਕੋਈ ਨਵਾਂ ਹਲਫ਼ਨਾਮਾ ਦਾਇਰ ਕਰਨ ਦੀ ਲੋੜ ਨਹੀਂ ਦੱਸੀ। ਉਨ੍ਹਾਂ ਸੰਗਤਾਂ ਵੱਲੋਂ ਮਿਲ ਰਹੇ ਸਹਿਯੋਗ ਲਈ ਧੰਨਵਾਦ ਕਰਦਿਆਂ ਦੇਸ਼-ਵਿਦੇਸ਼ ਦੀ ਸੰਗਤ ਨੂੰ ਦਸਵੰਧ ਰਾਹੀਂ ਸਹਿਯੋਗ ਦੇਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਸ਼ਟਰੀ ਡਾਕਟਰ ਦਿਵਸ ਮੌਕੇ ਲਾਇਨਜ਼ ਕਲੱਬ ਖਰੜ ਉਮੰਗ ਵੱਲੋਂ ਡਾਕਟਰਾਂ ਦਾ ਸਨਮਾਨ

**ਖਰੜ, 6 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਲਾਇਨਜ਼ ਕਲੱਬ ਖਰੜ ਉਮੰਗ ਵੱਲੋਂ ਰਾਸ਼ਟਰੀ ਡਾਕਟਰ ਦਿਵਸ ਦੇ ਮੌਕੇ 'ਤੇ ਹੋਟਲ ਮਿਲਾਰਡ, ਖਰੜ (ਮੋਹਾਲੀ) ਵਿਖੇ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਗਮ ਦਾ ਉਦੇਸ਼ ਸਮਾਜ ਦੀ ਸਿਹਤ ਸੇਵਾ ਵਿੱਚ ਅਹਿਮ ਯੋਗਦਾਨ ਪਾਉਣ ਵਾਲੇ ਡਾਕਟਰਾਂ ਦਾ ਸਨਮਾਨ ਕਰਨਾ ਅਤੇ ਉਨ੍ਹਾਂ ਦੀਆਂ ਨਿਸ਼ਕਾਮ ਸੇਵਾਵਾਂ ਪ੍ਰਤੀ ਧੰਨਵਾਦ ਪ੍ਰਗਟ ਕਰਨਾ ਸੀ।

ਇਸ ਮੌਕੇ ਡਾ. ਗੁਰਸੇਵਕ ਸਿੰਘ, ਡਾ. ਗੌਰਵ ਭੁੱਟਾ, ਡਾ. ਕਮਲਦੀਪ ਬੈਂਸ, ਡਾ. ਸਾਰਿਕਾ, ਡਾ. ਨਿਤਿਨ ਸੇਠੀ, ਡਾ. ਸਵਾਤੀ ਸੈਣੀ ਅਤੇ ਡਾ. ਸਮਿਧੀ ਨੂੰ ਸਿਹਤ ਖੇਤਰ ਵਿੱਚ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਅਤੇ ਮਨੁੱਖਤਾ ਪ੍ਰਤੀ ਸਮਰਪਣ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।

ਸਮਾਰੋਹ ਦੌਰਾਨ ਲਾਇਨਜ਼ ਕਲੱਬ ਖਰੜ ਉਮੰਗ ਦੇ ਪ੍ਰਧਾਨ ਅਮਨਦੀਪ ਨੇ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨਾਲ ਮਿਲ ਕੇ ਡਾਕਟਰਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਡਾਕਟਰ ਸਮਾਜ ਦੇ ਅਸਲ ਨਾਇਕ ਹਨ, ਜੋ ਦਿਨ-ਰਾਤ ਲੋਕਾਂ ਦੀ ਜਾਨ ਬਚਾਉਣ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਦੇਣ ਲਈ ਪੂਰੀ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਡਾਕਟਰਾਂ ਦਾ ਸਮਾਜ ਪ੍ਰਤੀ ਯੋਗਦਾਨ ਬੇਮਿਸਾਲ ਹੈ ਅਤੇ ਅਜਿਹੀਆਂ ਸ਼ਖ਼ਸੀਅਤਾਂ ਦਾ ਸਨਮਾਨ ਕਰਨਾ ਹਰ ਸੰਸਥਾ ਅਤੇ ਹਰ ਨਾਗਰਿਕ ਦਾ ਫਰਜ਼ ਬਣਦਾ ਹੈ।

ਪਿੰਡ ਭਲਵਾਨ ਅਤੇ ਪਲਾਸੌਰ ਵਿਖੇ ਭਗਤ ਰਵਿਦਾਸ ਜੀ ਮਹਾਰਾਜ ਦੇ

# ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਦਿਖਾਈ ਗਈ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਭਗਤ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਅੱਜ ਮੁਹਿੰਮ ਦੇ ਪਹਿਲੇ ਦਿਨ ਧੂਰੀ ਹਲਕੇ ਦੇ ਪਿੰਡ ਭਲਵਾਨ ਅਤੇ ਪਲਾਸੌਰ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫ਼ੇ ਅਤੇ ਪਵਿੱਤਰ ਸਿੱਖਿਆਵਾਂ 'ਤੇ ਆਧਾਰਿਤ 30 ਮਿੰਟ ਦੀ ਦਸਤਾਵੇਜ਼ੀ ਦਿਖਾਈ ਗਈ। ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ ਇਸ ਦਸਤਾਵੇਜ਼ੀ ਨੂੰ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਦੇਖਿਆ ਅਤੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਣਾ ਹਾਸਲ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਸ਼ਰਧਾ ਭਾਵਨਾ ਨਾਲ ਮਨਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਕੜੀ ਤਹਿਤ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀ ਗਈ ਇਹ ਡਾਕੂਮੈਂਟਰੀ ਸੂਬੇ ਦੇ ਹਰ ਕੋਨੇ ਤੱਕ ਗੁਰੂ ਸਾਹਿਬ ਦਾ ਸਦੀਵੀ ਸੰਦੇਸ਼ ਪਹੁੰਚਾ ਰਹੀ ਹੈ। ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਧੂਰੀ ਹਲਕੇ ਦੇ ਹਰੇਕ ਪਿੰਡ ਵਿੱਚ ਇਹ ਡਾਕੂਮੈਂਟਰੀ ਦਿਖਾਈ ਜਾਵੇਗੀ ਤਾਂ ਜੋ ਹਰ ਵਰਗ ਦੇ ਲੋਕ, ਖ਼ਾਸ ਕਰਕੇ ਨੌਜਵਾਨ ਪੀੜ੍ਹੀ, ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਉਨ੍ਹਾਂ ਦੀ ਵਿਚਾਰਧਾਰਾ ਅਤੇ ਬਰਾਬਰੀ ਵਾਲੇ ਸਮਾਜ ਦੇ ਸੰਕਲਪ ਤੋਂ ਜਾਣੂ ਹੋ ਸਕੇ। ਉਨ੍ਹਾਂ ਕਿਹਾ ਕਿ 30 ਮਿੰਟ ਦੀ ਇਹ ਦਸਤਾਵੇਜ਼ੀ ਸੰਖੇਪ ਹੋਣ ਦੇ ਬਾਵਜੂਦ ਬਹੁਤ ਪ੍ਰਭਾਵਸ਼ਾਲੀ ਹੈ, ਜੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਸੌਖੇ, ਸਰਲ ਅਤੇ ਪ੍ਰਭਾਵੀ ਢੰਗ ਨਾਲ ਲੋਕਾਂ ਤੱਕ ਪਹੁੰਚਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਡਾਕੂਮੈਂਟਰੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੂੰ ਸੱਚੀ ਸ਼ਰਧਾਂਜਲੀ ਹੈ, ਜਿਨ੍ਹਾਂ ਨੇ ਆਪਣਾ ਸਾਰਾ ਜੀਵਨ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਅਸਮਾਨਤਾ ਵਰਗੀਆਂ ਕੁਰੀਤੀਆਂ ਨੂੰ ਖ਼ਤਮ ਕਰਨ ਅਤੇ ਭੇਦਭਾਵ ਰਹਿਤ, ਬਰਾਬਰੀ ਅਤੇ ਭਾਈਚਾਰੇ ਵਾਲੇ ਸਮਾਜ ਦੀ ਸਿਰਜਣਾ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਸਦਭਾਵਨਾ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ ਅਤੇ ਆਦਰਸ਼ਾਂ ਨਾਲ ਜੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਪਿੰਡਾਂ ਦੇ ਪੰਚਾਇਤੀ ਨੁਮਾਇੰਦੇ, ਸਮਾਜ ਸੇਵੀ, ਧਾਰਮਿਕ ਸ਼ਖ਼ਸੀਅਤਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ 8 ਜੁਲਾਈ ਨੂੰ ਸ਼ਾਮ 6:00 ਵਜੇ ਪਿੰਡ ਭੋਜੋਵਾਲੀ ਅਤੇ ਸ਼ਾਮ 7:00 ਵਜੇ ਪਿੰਡ ਭੱਦਲਵੜ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

**ਧੂਰੀ ਹਲਕੇ ਦੇ ਹਰੇਕ ਪਿੰਡ 'ਚ ਭਗਤ ਰਵਿਦਾਸ ਜੀ ਮਹਾਰਾਜ ਦਾ ਸੰਦੇਸ਼ ਪਹੁੰਚਾਉਣ ਲਈ ਦਿਖਾਈ ਜਾਵੇਗੀ ਡਾਕੂਮੈਂਟਰੀ: ਚੇਅਰਮੈਨ ਰਾਜਵੰਤ ਸਿੰਘ ਘੁੱਲੀ**

ਜਥੇਦਾਰ ਗੜਗੱਜ ਅੱਗੇ ਪੰਜਾਬ ਦੇ ਹੱਕਾਂ ਦੀ ਉਠੀ ਗੂੰਜ

# ਬਹੁਜਨ ਦ੍ਰਾਵਿੜ ਪਾਰਟੀ ਨੇ ਚੁੱਕੇ 7 ਵੱਡੇ ਗੰਭੀਰ ਮੁੱਦੇ



**ਨਵੀਂ ਦਿੱਲੀ 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਬਹੁਜਨ ਦ੍ਰਾਵਿੜ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਜੀਵਨ ਸਿੰਘ ਤਮਿਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਇਕ ਮੁਲਾਕਾਤ ਦੌਰਾਨ ਪੱਤਰ ਦੇ ਕੇ ਪੰਜਾਬ ਦੇ ਲੰਬੇ ਸਮੇਂ ਦੇ ਹਿੱਤਾਂ, ਲੋਕਤੰਤਰੀ ਜਵਾਬਦੇਹੀ ਅਤੇ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਮਾਰਗਦਰਸ਼ਨ ਦੀ ਬੇਨਤੀ ਕੀਤੀ ਹੈ। ਪੱਤਰ ਵਿੱਚ ਵਿਧਾਇਕਾਂ ਨੂੰ ਦਿੱਤੀ ਗਈ ਹਾਲੀਆ ਤਾੜਨਾ ਦੀ ਸ਼ਲਾਘਾ ਕਰਦਿਆਂ ਇਸ ਨੂੰ ਨਿਆਂ, ਜਵਾਬਦੇਹੀ ਅਤੇ ਲੋਕ-ਹਿੱਤ ਪ੍ਰਤੀ ਦ੍ਰਿੜ੍ਹ ਵਚਨਬੱਧਤਾ ਦਾ ਪ੍ਰਤੀਕ ਕਰਾਰ ਦਿੱਤਾ ਗਿਆ। ਪੱਤਰ ਵਿੱਚ ਜਥੇਦਾਰ ਸਾਹਿਬ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਮੂਹ ਸਿੱਖ ਰਾਜਨੀਤਿਕ ਆਗੂਆਂ, ਵਿਧਾਇਕਾਂ ਅਤੇ ਸੰਸਦ ਮੈਂਬਰਾਂ ਨੂੰ ਚੰਡੀਗੜ੍ਹ 'ਤੇ ਪੰਜਾਬ ਦੇ ਹੱਕ ਦੀ ਪੁਸ਼ਟੀ, ਪੰਜਾਬੀ ਭਾਸ਼ਾ ਦੀ ਸੁਰੱਖਿਆ ਅਤੇ ਲਾਜ਼ਮੀ ਸਿੱਖਿਆ, ਗੁਆਂਢੀ ਦੇਸ਼ਾਂ ਨਾਲ ਸ਼ਾਂਤੀਪੂਰਨ ਵਪਾਰ, ਵੰਸ਼ਵਾਦੀ ਰਾਜਨੀਤੀ ਅਤੇ ਸ਼ਕਤੀ ਦੇ ਕੇਂਦਰੀਕਰਨ 'ਤੇ ਰੋਕ, ਬੰਦੀ ਸਿੰਘਾਂ ਦੀ ਰਿਹਾਈ ਲਈ ਸਰਬਸੰਮਤੀ ਮਤਾ, ਖੇਤੀਬਾੜੀ ਲਈ ਸਥਾਈ ਮਾਹਿਰ ਕਮਿਸ਼ਨ ਦੀ ਸਥਾਪਨਾ ਅਤੇ ਪੰਜਾਬ ਦੇ ਜਲ ਸਰੋਤਾਂ 'ਤੇ ਪੂਰੇ ਅਧਿਕਾਰ ਵਾਲਾ ਖ਼ੁਦਮੁਖ਼ਤਿਆਰ ਜਲ ਨਿਯੰਤਰਣ ਬੋਰਡ ਬਣਾਉਣ ਵਰਗੇ ਮੁੱਦਿਆਂ 'ਤੇ ਇਕਜੁੱਟ ਹੋ ਕੇ ਵਿਧਾਨਕ ਅਤੇ ਪ੍ਰਸ਼ਾਸਕੀ ਕਦਮ ਚੁੱਕਣ ਲਈ ਪ੍ਰੇਰਿਤ ਕਰਨ ਦੀ ਬੇਨਤੀ ਕੀਤੀ ਹੈ। ਜੀਵਨ ਸਿੰਘ ਤਾਮਿਲ ਨੇ ਕਿਹਾ ਕਿ ਪੰਜਾਬ ਦੇ ਭਵਿੱਖ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ ਲਈ ਸਾਰੀਆਂ ਰਾਜਨੀਤਿਕ ਧਿਰਾਂ ਨੂੰ ਪਾਰਟੀਗਤ ਹਿੱਤਾਂ ਤੋਂ ਉੱਪਰ ਉੱਠ ਕੇ ਇਕਸੁਰ ਹੋਣ ਦੀ ਲੋੜ ਹੈ ਤਾਂ ਜੋ "ਸਰਬੱਤ ਦੇ ਭਲੇ" ਦੀ ਭਾਵਨਾ ਅਨੁਸਾਰ ਸੂਬੇ ਦੇ ਹਿੱਤਾਂ ਦੀ ਪ੍ਰਭਾਵਸ਼ਾਲੀ ਰੱਖਿਆ ਕੀਤੀ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# 'ਲੋਕ ਮਿਲਣੀ' ਦੌਰਾਨ ਡਾ.ਅਨਵਰ ਭਸੌੜ ਨੇ ਜਾਤੀਮਾਜਰਾਂ ਵਾਸੀਆਂ ਨਾਲ ਕੀਤਾ ਸਿੱਧਾ ਸੰਵਾਦ

## ਲੋਕਾਂ ਦੀਆਂ ਸ਼ਿਕਾਇਤਾਂ ਸੁਣ ਕੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਦਿੱਤੇ ਲੋੜੀਂਦੇ ਨਿਰਦੇਸ਼



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਜਾਤੀਮਾਜਰਾ ਵਿਖੇ ਸਰਪੰਚ ਅਮਨਦੀਪ ਸਿੰਘ ਦੀ ਅਗਵਾਈ ਹੇਠ 'ਲੋਕ ਮਿਲਣੀ' ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਡਾ ਅਨਵਰ ਭਸੌੜ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣ ਤੋਂ ਰਾਹਤ ਦਿਵਾਉਣਾ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਹੱਲ ਉਨ੍ਹਾਂ ਦੇ ਆਪਣੇ ਪਿੰਡ ਵਿੱਚ ਹੀ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ 'ਲੋਕ ਮਿਲਣੀ' ਵਰਗੇ ਉਪਰਾਲਿਆਂ ਨਾਲ ਪ੍ਰਸ਼ਾਸਨ ਹੋਰ ਵੱਧ ਜਵਾਬਦੇਹ ਅਤੇ ਲੋਕਾਂ ਦੇ ਨੇੜੇ ਹੋਇਆ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਨਾਲ ਸਬੰਧਤ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਅਤੇ ਧੂਰੀ ਹਲਕੇ ਦੇ ਸਰਬਪੱਖੀ ਵਿਕਾਸ ਲਈ ਯਤਨ ਲਗਾਤਾਰ ਜਾਰੀ ਰਹਿਣਗੇ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਰਪੰਚ ਅੰਮ੍ਰਿਤ ਚਹਿਲ , ਅਮਨਦੀਪ ਕੌਰ, ਬਲਵੀਰ ਪੰਚ, ਕਰਮਜੀਤ ਸਿੰਘ ਪੰਚ, ਬਸ਼ੀਰ ਖਾਨ ਪੰਚ, ਮਨਜੀਤ ਸਿੰਘ ਪੰਚ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰਾਂ ਦੀ ਜਿੱਤ ਅਤੇ ਲੋਕਾਂ ਦੀ ਹਾਰ - ਸਿਆਸਤ ਦਾ ਕੌੜਾ ਸੱਚ



ਲੋਕਤੰਤਰ ਦੀ ਬੁਨਿਆਦ ਇਸ ਦਾਅਵੇ 'ਤੇ ਟਿਕੀ ਹੋਈ ਹੈ ਕਿ ਇਹ "ਲੋਕਾਂ ਦੀ, ਲੋਕਾਂ ਦੁਆਰਾ ਅਤੇ ਲੋਕਾਂ ਲਈ" ਚੁਣੀ ਗਈ ਵਿਵਸਥਾ ਹੈ। ਪਰ ਅਜੋਕੇ ਦੌਰ ਦੀ ਸਿਆਸਤ ਨੂੰ ਦੇਖ ਕੇ ਇਹ ਕਹਾਵਤ ਬਦਲਦੀ ਪ੍ਰਤੀਤ ਹੁੰਦੀ ਹੈ। ਅੱਜ ਦਾ ਸੱਚ ਇਹ ਬਣ ਚੁੱਕਾ ਹੈ ਕਿ ਚੋਣਾਂ ਭਾਵੇਂ ਕੋਈ ਵੀ ਪਾਰਟੀ ਜਿੱਤੇ, ਅੰਤ ਵਿੱਚ ਸਰਕਾਰਾਂ ਜਿੱਤ ਜਾਂਦੀਆਂ ਨੇ ਅਤੇ ਆਮ ਲੋਕ ਹਾਰ ਜਾਂਦੇ ਨੇ। ਚੋਣਾਂ ਦਾ ਸੁਧਾਰਵਾਦੀ ਜਸ਼ਨ ਖ਼ਤਮ ਹੁੰਦਿਆਂ ਹੀ ਆਮ ਨਾਗਰਿਕ ਮੁੜ ਹਾਸ਼ੀਏ 'ਤੇ ਧੱਕ ਦਿੱਤਾ ਜਾਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਹਰ ਚੋਣਾਂ ਤੋਂ ਪਹਿਲਾਂ ਵਾਅਦਿਆਂ, ਦਾਅਵਿਆਂ ਅਤੇ ਲਾਲਚਾਂ ਦੀ ਇੱਕ ਅਜਿਹੀ ਖੇਡ ਖੇਡੀ ਜਾਂਦੀ ਹੈ, ਜਿਸ ਵਿੱਚ ਜਨਤਾ ਨੂੰ ਸਰਵਉੱਚ ਦਿਖਾਇਆ ਜਾਂਦਾ ਹੈ। ਸਿਆਸੀ ਆਗੂ ਲੋਕਾਂ ਦੇ ਬੂਹਿਆਂ ਤੱਕ ਪਹੁੰਚ ਕਰਦੇ ਹਨ, ਹੱਥ ਜੋੜਦੇ ਹਨ ਅਤੇ ਇੱਕ ਸੁਹਿਰਦ ਸਮਾਜ ਸਿਰਜਣ ਦਾ ਭਰੋਸਾ ਦਿੰਦੇ ਹਨ। ਪਰ ਜਿਉਂ ਹੀ ਵੋਟਾਂ ਦੀ ਗਿਣਤੀ ਖ਼ਤਮ ਹੁੰਦੀ ਹੈ ਅਤੇ ਸੱਤਾ ਦੀ ਕੁਰਸੀ ਦਾ ਫੈਸਲਾ ਹੁੰਦਾ ਹੈ, ਤਿਉਂ ਹੀ ਆਮ ਲੋਕਾਂ ਦੀ ਹੈਸੀਅਤ ਸਿਰਫ਼ ਇੱਕ 'ਵੋਟਰ' ਤੱਕ ਸੀਮਤ ਹੋ ਕੇ ਰਹਿ ਜਾਂਦੀ ਹੈ।

ਸਰਕਾਰਾਂ ਦੀ ਜਿੱਤ ਤੋਂ ਬਾਅਦ ਨੀਤੀਆਂ ਬਣਦੀਆਂ ਹਨ, ਕਾਨੂੰਨ ਤੈਅ ਹੁੰਦੇ ਹਨ, ਪਰ ਉਹਨਾਂ ਵਿੱਚ ਆਮ ਮਨੁੱਖ ਦੀਆਂ ਬੁਨਿਆਦੀ ਲੋੜਾਂ—ਜਿਵੇਂ ਸਸਤੀ ਤੇ ਮਿਆਰੀ ਸਿੱਖਿਆ, ਸਿਹਤ ਸਹੂਲਤਾਂ ਗਾਇਬ ਹੋ ਜਾਂਦੀਆਂ ਹਨ। ਜਦੋਂ ਮਹਿੰਗਾਈ ਅਸਮਾਨ ਛੂਹਣ ਲੱਗਦੀ ਹੈ, ਬੇਰੁਜ਼ਗਾਰੀ ਕਾਰਨ ਜਵਾਨੀ ਰੁਲਦੀ ਹੈ ਅਤੇ ਹਸਪਤਾਲਾਂ ਵਿੱਚ ਇਲਾਜ ਖੁਣੋਂ ਲੋਕ ਦਮ ਤੋੜਦੇ ਹਨ, ਤਾਂ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਜਨਤਾ ਹਾਰ ਚੁੱਕੀ ਹੈ। ਲੋਕਾਂ ਦੀ ਹਾਰ ਇਸ ਗੱਲ ਵਿੱਚ ਵੀ ਹੈ ਕਿ ਉਹਨਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਉਤਰਨਾ ਪੈਂਦਾ ਹੈ ਅਤੇ ਬਦਲੇ ਵਿੱਚ ਲਾਠੀਆਂ ਜਾਂ ਬੇਰੁਖ਼ੀ ਮਿਲਦੀ ਹੈ।

ਸਭ ਤੋਂ ਵੱਡੀ ਤਰਾਸਦੀ ਇਹ ਹੈ ਕਿ ਸਿਆਸਤ ਨੇ ਲੋਕਾਂ ਨੂੰ ਜਾਤਾਂ, ਧਰਮਾਂ ਅਤੇ ਵਰਗਾਂ ਵਿੱਚ ਇਸ ਤਰ੍ਹਾਂ ਵੰਡ ਦਿੱਤਾ ਹੈ ਕਿ ਉਹ ਆਪਣੀ ਸਾਂਝੀ ਹਾਰ ਨੂੰ ਪਛਾਣ ਹੀ ਨਹੀਂ ਪਾਉਂਦੇ। ਇੱਕ ਧਿਰ ਦੀ ਜਿੱਤ 'ਤੇ ਦੂਜੀ ਧਿਰ ਦੇ ਲੋਕ ਜਸ਼ਨ ਮਨਾਉਂਦੇ ਹਨ, ਜਦਕਿ ਅਸਲ ਵਿੱਚ ਦੋਵੇਂ ਹੀ ਆਮ ਨਾਗਰਿਕ ਹੋਣ ਦੇ ਨਾਤੇ ਇੱਕੋ ਜਿਹੀਆਂ ਸਮੱਸਿਆਵਾਂ ਨਾਲ ਜੂਝ ਰਹੇ ਹੁੰਦੇ ਹਨ। ਸਰਕਾਰਾਂ ਕਾਰਪੋਰੇਟ ਘਰਾਣਿਆਂ ਅਤੇ ਨਿੱਜੀ ਹਿੱਤਾਂ ਦੀਆਂ ਗੁਲਾਮ ਹੋ ਜਾਂਦੀਆਂ ਹਨ, ਜਿੱਥੇ ਆਮ ਲੋਕਾਂ ਦੇ ਜਜ਼ਬਾਤਾਂ ਦੀ ਕੋਈ ਕੀਮਤ ਨਹੀਂ ਹੁੰਦੀ।

ਜੇਕਰ ਲੋਕਤੰਤਰ ਨੂੰ ਅਸਲ ਮਾਇਨੇ ਵਿੱਚ ਜਿਉਂਦਾ ਰੱਖਣਾ ਹੈ, ਤਾਂ ਲੋਕਾਂ ਨੂੰ ਸਿਰਫ਼ ਵੋਟ ਪਾਉਣ ਤੱਕ ਸੀਮਤ ਨਹੀਂ ਰਹਿਣਾ ਪਵੇਗਾ। ਜਨਤਾ ਨੂੰ ਆਪਣੇ ਹੱਕਾਂ, ਜਵਾਬਦੇਹੀ ਅਤੇ ਸਵਾਲ ਪੁੱਛਣ ਦੀ ਮਾਨਸਿਕਤਾ ਨੂੰ ਪ੍ਰਚੰਡ ਕਰਨਾ ਹੋਵੇਗਾ। ਜਦੋਂ ਤੱਕ ਲੋਕ ਸਿਆਸੀ ਪਾਰਟੀਆਂ ਦੇ ਮੁਫ਼ਤ ਦੇ ਲਾਲਚਾਂ ਅਤੇ ਭਾਵੁਕ ਮੁਦਿਆਂ ਤੋਂ ਉੱਪਰ ਉੱਠ ਕੇ ਸਿਹਤ, ਸਿੱਖਿਆ ਅਤੇ ਰੁਜ਼ਗਾਰ 'ਤੇ ਹਿਸਾਬ ਨਹੀਂ ਮੰਗਣਗੇ, ਉਦੋਂ ਤੱਕ ਸਿਆਸਤ ਦੀ ਇਹ ਬੇਰਹਿਮ ਖੇਡ ਚੱਲਦੀ ਰਹੇਗੀ—ਜਿੱਥੇ ਸਰਕਾਰਾਂ ਤਾਂ ਜਿੱਤਦੀਆਂ ਰਹਿਣਗੀਆਂ, ਪਰ ਲੋਕ ਹਮੇਸ਼ਾ ਹਾਰਦੇ ਰਹਿਣਗੇ।

**-ਜਸਵੰਤ ਕੌਰ ਜੱਸ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨਰਿੰਦਰ ਮੋਦੀ ਦੇ 'ਕੀਆ ਓਰਾ ਮੋਦੀ' ਪ੍ਰੋਗਰਾਮ ਨੂੰ ਲੈ ਕੇ ਨਿਊਜ਼ੀਲੈਂਡ ਵਿੱਚ ਵਿਵਾਦ ਭਖਿਆ

# ਸਿੱਖ ਜੱਥੇਬੰਦੀਆਂ ਵੱਲੋਂ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨਾਂ






ਨਵੀਂ ਦਿੱਲੀ, 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੱਖਣੀ ਪ੍ਰਸ਼ਾਂਤ (ਸਾਊਥ ਪੈਸਿਫਿਕ) ਦੌਰੇ ਦੌਰਾਨ ਆਕਲੈਂਡ ਵਿੱਚ ਹੋਣ ਵਾਲੇ 'ਕੀਆ ਓਰਾ ਮੋਦੀ' ਸਮਾਗਮ ਨੂੰ ਲੈ ਕੇ ਵਿਵਾਦ ਗਹਿਰਾ ਗਿਆ ਹੈ। ਆਕਲੈਂਡ ਦੇ ਸਪਾਰਕ ਅਰੀਨਾ ਵਿੱਚ ਭਾਰਤੀ ਹਾਈ ਕਮਿਸ਼ਨ ਵੱਲੋਂ ਕਰਵਾਏ ਜਾ ਰਹੇ 11 ਜੁਲਾਈ ਦੇ ਇਸ ਪ੍ਰੋਗਰਾਮ ਵਿੱਚ 12,000 ਤੋਂ ਵੱਧ ਲੋਕਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ, ਪਰ ਇਸ ਦੇ ਨਾਲ ਹੀ ਸਿੱਖ ਜੱਥੇਬੰਦੀਆਂ ਨੇ ਵੱਡੇ ਪੱਧਰ 'ਤੇ ਸ਼ਾਂਤਮਈ ਰੋਸ ਪ੍ਰਦਰਸ਼ਨਾਂ ਦਾ ਐਲਾਨ ਕਰ ਦਿੱਤਾ ਹੈ। ਮੈਸੀ ਯੂਨੀਵਰਸਿਟੀ ਦੇ ਪ੍ਰੋਫੈਸਰ ਅਤੇ ਖੋਜਕਰਤਾ ਮੋਹਨ ਦੱਤਾ ਨੇ ਸਮਾਗਮ ਨੂੰ ਲੈ ਕੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਹੈ ਕਿ ਇਹ ਪ੍ਰੋਗਰਾਮ ਹਿੰਦੂ ਰਾਸ਼ਟਰਵਾਦੀ ਵਿਚਾਰਧਾਰਾ ਨੂੰ ਉਭਾਰਨ ਦਾ ਮੰਚ ਬਣ ਸਕਦਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸੱਭਿਆਚਾਰਕ ਪੇਸ਼ਕਾਰੀਆਂ ਦੀ ਆੜ ਵਿੱਚ ਭਾਰਤ ਨੂੰ ਇੱਕ ਹਿੰਦੂ ਰਾਸ਼ਟਰ ਵਜੋਂ ਪੇਸ਼ ਕਰਨ ਅਤੇ ਇੱਕ ਖ਼ਾਸ ਸਿਆਸੀ ਵਿਚਾਰਧਾਰਾ ਨੂੰ ਵਿਸ਼ਵ ਪੱਧਰ 'ਤੇ ਪ੍ਰਚਾਰਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਇਸੇ ਦੌਰਾਨ ਭਾਈ ਰਵਿੰਦਰ ਸਿੰਘ ਜੋਹਲ ਨੇ ਦੱਸਿਆ ਕਿ ਨਿਊਜ਼ੀਲੈਂਡ ਦੀਆਂ ਸਿੱਖ ਜੱਥੇਬੰਦੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੌਰੇ ਦੌਰਾਨ ਲੋਕਤੰਤਰੀ ਅਤੇ ਸ਼ਾਂਤਮਈ ਢੰਗ ਨਾਲ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕਰਨ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਉਨ੍ਹਾ ਕਿਹਾ ਸਿੱਖ ਜੱਥੇਬੰਦੀਆਂ ਦਾ ਦੋਸ਼ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਵਿਦੇਸ਼ਾਂ ਵਿੱਚ ਸਿੱਖਾਂ ਦੇ ਕਤਲ ਅਤੇ ਕਥਿਤ ਕਤਲ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ ਜਿਸ ਦਾ ਪ੍ਰਤੱਖ ਪ੍ਰਮਾਣ ਅਮਰੀਕਾ ਅੰਦਰ ਗੁਰਪਤਵੰਤ ਸਿੰਘ ਪਨੂੰ ਦੇ ਕਤਲ ਦੀ ਸਾਜ਼ਿਸ਼ ਦਾ ਖੁਲਾਸਾ ਹੋਇਆ ਹੈ। ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ ਭਾਰਤ ਅੰਦਰ ਸਿੱਖਾਂ ਸਮੇਤ ਹੋਰ ਘੱਟ ਗਿਣਤੀ ਭਾਈਚਾਰਿਆਂ ਦੀ ਸੁਰੱਖਿਆ, ਧਾਰਮਿਕ ਆਜ਼ਾਦੀ ਅਤੇ ਮਨੁੱਖੀ ਅਧਿਕਾਰ ਲਗਾਤਾਰ ਚਿੰਤਾ ਦਾ ਵਿਸ਼ਾ ਬਣੇ ਹੋਏ ਹਨ। ਭਾਈ ਰਵਿੰਦਰ ਸਿੰਘ ਜੋਹਲ, ਹਰਵਿੰਦਰ ਸਿੰਘ, ਅਮਨਦੀਪ ਸਿੰਘ, ਰੁਪਿੰਦਰਪਾਲ ਸਿੰਘ ਅਤੇ ਬਲਜਿੰਦਰ ਸਿੰਘ ਨਿੱਝਰ ਨੇ ਕਿਹਾ ਕਿ ਸਿੱਖ ਜੱਥੇਬੰਦੀਆਂ ਆਪਣਾ ਵਿਰੋਧ ਪੂਰੀ ਤਰ੍ਹਾਂ ਲੋਕਤੰਤਰੀ ਅਤੇ ਸ਼ਾਂਤਮਈ ਢੰਗ ਨਾਲ ਦਰਜ ਕਰਵਾਉਣਗੀਆਂ। ਉਨ੍ਹਾਂ ਕਿਹਾ ਕਿ ਇਸ ਰਾਹੀਂ ਨਿਊਜ਼ੀਲੈਂਡ ਸਰਕਾਰ ਅਤੇ ਅੰਤਰਰਾਸ਼ਟਰੀ ਭਾਈਚਾਰੇ ਦਾ ਧਿਆਨ ਮਨੁੱਖੀ ਅਧਿਕਾਰਾਂ, ਧਾਰਮਿਕ ਆਜ਼ਾਦੀ ਅਤੇ ਘੱਟ ਗਿਣਤੀਆਂ ਦੀ ਸੁਰੱਖਿਆ ਨਾਲ ਜੁੜੇ ਮੁੱਦਿਆਂ ਵੱਲ ਖਿੱਚਿਆ ਜਾਵੇਗਾ।

# ਕਾਂਝਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਬੱਸ ਰਵਾਨਾ ਕਰਵਾਈ




**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਦੌਰਾਨ ਹਲਕੇ ਦੇ ਪਿੰਡ ਕਾਂਝਲਾ ਤੋਂ ਚੇਅਰਮੈਨ ਰਣਜੋਧ ਸਿੰਘ ਕਾਂਝਲਾ ਅਤੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਬੱਸ ਰਵਾਨਾ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਸਲੀ ਪੰਜਾਬ ਦੇ ਸੇਵਾਦਾਰ ਹਨ। ਜਿਨ੍ਹਾਂ ਨੇ ਸਰਕਾਰ ਬਣਨ ਤੋਂ ਬਾਅਦ ਪੰਜਾਬ ਪੱਖੀ ਫੈਸਲਿਆਂ ਨੇ ਪੰਜਾਬ ਦੇ ਲੋਕਾਂ ਦਾ ਦਿਲ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਕੰਮਾਂ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੀਆਂ ਵਿਕਾਸ ਯੋਜਨਾਵਾਂ ਵੀ ਲਾਗੂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਬਾਪੂ ਗੁਰਨਾਮ ਸਿੰਘ ਕਾਂਝਲਾ ਸਾਬਕਾ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ, ਆਪ ਆਗੂ ਗੁਰਜੀਤ ਸਿੰਘ ਕਾਂਝਲਾ , ਆਪ ਆਗੂ ਗੁਰਕਵਲ ਸਿੰਘ ਧੂਰੀ, ਆਪ ਆਗੂ ਅਮਨ ਬੇਨੜਾ, ਆਪ ਆਗੂ ਹਰਦੀਪ ਸਿੰਘ ਧੂਰੀ ਹਾਜ਼ਰ ਸਨ।

# ਪੰਜਾਬ ਯੂਨੀਵਰਸਿਟੀ ਦੇ ਵੀਸੀ ਦੀ ਚੋਣ ਵਿੱਚ ਸਿੱਖਾਂ ਨਾਲ ਖੁੱਲ੍ਹਾ ਵਿਤਕਰਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ: ਪਰਮਜੀਤ ਸਿੰਘ ਸਰਨਾ

ਨਵੀਂ ਦਿੱਲੀ 7 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਆਗੂ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪੰਜਾਬ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਦੀ ਨਿਯੁਕਤੀ ਲਈ ਚੱਲ ਰਹੀ ਚੋਣ ਪ੍ਰਕਿਰਿਆ ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆਉਂਦਿਆਂ ਕਿਹਾ ਕਿ 3 ਜੁਲਾਈ 2026 ਤੋਂ ਸ਼ੁਰੂ ਹੋਈ ਇੰਟਰੈਕਸ਼ਨ ਪ੍ਰਕਿਰਿਆ ਵਿੱਚ ਇੱਕ ਵੀ ਸਿੱਖ ਉਮੀਦਵਾਰ ਨੂੰ ਨਾ ਸੱਦਣਾ ਸਿੱਖ ਭਾਈਚਾਰੇ ਨਾਲ ਸਿੱਧਾ ਅਤੇ ਖੁੱਲ੍ਹਾ ਵਿਤਕਰਾ ਹੈ। ਉਨ੍ਹਾਂ ਕਿਹਾ ਕਿ ਜਦੋਂ ਦੇਸ਼ ਦੀਆਂ ਵੱਕਾਰੀ ਯੂਨੀਵਰਸਿਟੀਆਂ ਦੇ ਮੌਜੂਦਾ ਅਤੇ ਸਾਬਕਾ ਵਾਈਸ-ਚਾਂਸਲਰਾਂ ਸਮੇਤ ਉੱਚ ਯੋਗਤਾ, ਵਿਦਿਅਕ ਪ੍ਰਾਪਤੀਆਂ ਅਤੇ ਪ੍ਰਸ਼ਾਸਨਿਕ ਤਜਰਬਾ ਰੱਖਣ ਵਾਲੇ ਕਈ ਨਾਮਵਰ ਸਿੱਖ ਵਿਦਵਾਨਾਂ ਨੇ ਇਸ ਅਹੁਦੇ ਲਈ ਅਰਜ਼ੀਆਂ ਦਿੱਤੀਆਂ ਸਨ, ਤਾਂ ਇੱਕ ਵੀ ਸਿੱਖ ਉਮੀਦਵਾਰ ਨੂੰ ਇੰਟਰੈਕਸ਼ਨ ਲਈ ਨਾ ਬੁਲਾਉਣਾ ਇਹ ਦਰਸਾਉਂਦਾ ਹੈ ਕਿ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਬਰਾਬਰੀ ਦੇ ਸਿਧਾਂਤਾਂ ਦੀ ਅਣਦੇਖੀ ਕੀਤੀ ਗਈ ਹੈ। ਸ. ਸਰਨਾ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਿਰਫ਼ ਇੱਕ ਵਿੱਦਿਅਕ ਸੰਸਥਾ ਨਹੀਂ, ਸਗੋਂ ਪੰਜਾਬ ਦੀ ਇਤਿਹਾਸਕ, ਭਾਸ਼ਾਈ ਅਤੇ ਸੱਭਿਆਚਾਰਕ ਪਛਾਣ ਦਾ ਪ੍ਰਤੀਕ ਹੈ। ਅਜਿਹੀ ਸੰਸਥਾ ਵਿੱਚ ਸਿੱਖ ਭਾਈਚਾਰੇ ਦੇ ਯੋਗ ਉਮੀਦਵਾਰਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਨਾ ਬਹੁਤ ਗੰਭੀਰ ਅਤੇ ਚਿੰਤਾਜਨਕ ਹੈ। ਉਨ੍ਹਾਂ ਚਾਂਸਲਰ ਦਫ਼ਤਰ ਤੋਂ ਮੰਗ ਕੀਤੀ ਕਿ ਸ਼ਾਰਟਲਿਸਟਿੰਗ ਦੇ ਮਾਪਦੰਡ ਜਨਤਕ ਕੀਤੇ ਜਾਣ, ਪੂਰੀ ਚੋਣ ਪ੍ਰਕਿਰਿਆ ਦੀ ਨਿਰਪੱਖ ਸਮੀਖਿਆ ਕੀਤੀ ਜਾਵੇ ਅਤੇ ਸਾਰੇ ਯੋਗ ਉਮੀਦਵਾਰਾਂ ਨੂੰ ਬਰਾਬਰ ਦਾ ਮੌਕਾ ਦਿੱਤਾ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਸ ਸਪੱਸ਼ਟ ਵਿਤਕਰੇ ਨੂੰ ਤੁਰੰਤ ਦੂਰ ਨਾ ਕੀਤਾ ਗਿਆ ਤਾਂ ਇਹ ਮਾਮਲਾ ਸਿੱਖ ਕੌਮ ਨਾਲ ਇਨਸਾਫ਼ ਅਤੇ ਸੰਵਿਧਾਨਕ ਬਰਾਬਰੀ ਦੇ ਅਧਿਕਾਰਾਂ ਨਾਲ ਜੁੜਿਆ ਗੰਭੀਰ ਮੁੱਦਾ ਬਣੇਗਾ, ਜਿਸ ਨੂੰ ਚੁੱਪਚਾਪ ਸਵੀਕਾਰ ਨਹੀਂ ਕੀਤਾ ਜਾਵੇਗਾ।



# ਆਮ ਆਦਮੀ ਪਾਰਟੀ ਨੇ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਲੋਕ ਭਲਾਈ ਯੋਜਨਾਵਾਂ ਕਾਰਨ ਲੋਕਾਂ ਦਾ ਭਰੋਸਾ ਜਿੱਤਿਆ : ਹਰਭਜਨ ਸਿੰਘ ਈ.ਟੀ.ਓ.

### ਹਲਕੇ ਦੇ ਪਿੰਡ ਖੁਜਾਲਾ, ਨਾਜੋਆਣੀ ਅਤੇ ਮਹਿਨੀਆ ਬ੍ਰਾਹਮਣਾਂ ਵਿਖੇ ਲੋਕ ਮਿਲਣੀ ਪ੍ਰੋਗਰਾਮਾਂ ਨੂੰ ਕੀਤਾ ਸੰਬੋਧਨ





**ਜੰਡਿਆਲਾ ਗੁਰੂ, 7 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਸੂਬੇ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਆਮ ਲੋਕਾਂ ਦੀ ਭਲਾਈ ਲਈ ਇਤਿਹਾਸਕ ਉਪਰਾਲੇ ਕੀਤੇ ਹਨ, ਜਿਸ ਕਾਰਨ ਲੋਕ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰੋਸਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ 'ਤੇ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਖੁਜਾਲਾ, ਨਾਜੋਆਣੀ ਅਤੇ ਮਹਿਨੀਆ ਬ੍ਰਾਹਮਣਾਂ ਵਿਖੇ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਰਕਾਰ ਨੇ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧਤਾ ਨਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਭਲਾਈ ਨੂੰ ਸਮਰਪਿਤ ਯੋਜਨਾਵਾਂ ਦਾ ਲਾਭ ਸੂਬੇ ਦੇ ਹਰ ਵਰਗ ਤੱਕ ਪਹੁੰਚਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸੂਬੇ ਦੀਆਂ ਮਹਿਲਾਵਾਂ ਨੂੰ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ, ਜਿਸ ਨਾਲ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲਿਆ ਹੈ। ਇਸ ਤੋਂ ਇਲਾਵਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ ਅਤੇ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਦਾ ਲਾਭ ਮਿਲ ਰਿਹਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸੇਹਤ ਯੋਜਨਾ ਲੋਕਾਂ ਲਈ ਇੱਕ ਮਹੱਤਵਪੂਰਨ ਭਲਾਈ ਸਕੀਮ ਹੈ, ਜਿਸ ਤਹਿਤ ਯੋਗ ਲਾਭਪਾਤਰੀਆਂ ਨੂੰ ਮਿਆਰੀ ਅਤੇ ਮੁਫ਼ਤ ਇਲਾਜ ਦੀ ਸਹੂਲਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿੱਖਿਆ ਕ੍ਰਾਂਤੀ ਅਤੇ ਸਿਹਤ ਕ੍ਰਾਂਤੀ ਰਾਹੀਂ ਇਨ੍ਹਾਂ ਦੋਵੇਂ ਖੇਤਰਾਂ ਵਿੱਚ ਵੀ ਵਿਆਪਕ ਸੁਧਾਰ ਕਰਕੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਹਨ।ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਦਾ ਜ਼ਿਕਰ ਕਰਦਿਆਂ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਹਲਕੇ ਵਿੱਚ ਰਿਕਾਰਡ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਅੱਜ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਦੇ ਕੰਮ ਜਾਰੀ ਹਨ ਅਤੇ ਬੁਨਿਆਦੀ ਢਾਂਚੇ ਤੋਂ ਲੈ ਕੇ ਲੋਕ ਸਹੂਲਤਾਂ ਤੱਕ ਹਰ ਖੇਤਰ ਵਿੱਚ ਮਹੱਤਵਪੂਰਨ ਤਬਦੀਲੀ ਆਈ ਹੈ। ਉਨ੍ਹਾਂ ਕਿਹਾ ਕਿ ਵਿਕਾਸ ਪੱਖੋਂ ਜੰਡਿਆਲਾ ਗੁਰੂ ਹਲਕੇ ਦੀ ਨੁਹਾਰ ਪੂਰੀ ਤਰ੍ਹਾਂ ਬਦਲ ਚੁੱਕੀ ਹੈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਅਤੇ ਲੋਕ ਭਲਾਈ ਦੀ ਇਸ ਯਾਤਰਾ ਵਿੱਚ ਆਪਣਾ ਸਹਿਯੋਗ ਜਾਰੀ ਰੱਖਣ ਤਾਂ ਜੋ ਪੰਜਾਬ ਨੂੰ ਹੋਰ ਤਰੱਕੀ ਦੀਆਂ ਨਵੀਆਂ ਉਚਾਈਆਂ 'ਤੇ ਲਿਜਾਇਆ ਜਾ ਸਕੇ।

## ਮਾਵਾਂ ਧੀਆਂ ਸਨਮਾਨ ਯੋਜਨਾ ਦੀ ਪਹਿਲੀ ਕਿਸ਼ਤ ਜਾਰੀ ਹੋਣਾ ਇਤਿਹਾਸਿਕ ਕਦਮ-ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ

ਚੌਕ ਮਹਿਤਾ,7 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਮਾਵਾਂ ਧੀਆਂ ਸਨਮਾਨ ਯੋਜਨਾ ਤਹਿਤ ਯੋਗ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਜਾਰੀ ਕਰਨ ਦੀ ਸ਼ੁਰੂਆਤ ਦਾ ਦਿਲੋਂ ਸਵਾਗਤ ਕਰਦਿਆਂ ਇਸ ਨੂੰ ਪੰਜਾਬ ਦੀਆਂ ਮਾਵਾਂ ਭੈਣਾਂ ਅਤੇ ਧੀਆਂ ਦੇ ਸਨਮਾਨ ਆਰਥਿਕ ਸਸਕਤੀਕਰਨ ਤੇ ਸਮਾਜਿਕ ਸੁਰੱਖਿਆ ਵੱਲ ਇਕ ਇਤਿਹਾਸਿਕ ਅਤੇ ਦੂਰ ਅੰਦੇਸੀ ਭਰਿਆ ਕਦਮ ਕਰਾਰ ਦਿੱਤਾ। ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਤਰੱਕੀ ਉਸ ਸਮੇਂ ਹੀ ਸੰਭਵ ਹੁੰਦੀ ਹੈ ਜਦੋਂ ਉਥੋਂ ਦੀਆਂ ਮਹਿਲਾਵਾਂ ਆਰਥਿਕ ਤੌਰ ਤੇ ਮਜਬੂਤ ਸਮਾਜਿਕ ਤੌਰ ਤੇ ਸਨਮਾਨਿਤ ਅਤੇ ਫੈਸਲਾ ਲੈਣ ਦੀ ਪ੍ਰਤੀਕਿਰਿਆ ਵਿੱਚ ਸਮਰੱਥ ਹੋਣ ਇਸ ਯੋਜਨਾ ਰਾਹੀਂ ਲੱਖਾਂ ਯੋਗ ਔਰਤਾਂ ਨੂੰ ਸਿੱਧਾ ਆਰਥਿਕ ਸਹਿਯੋਗ ਪ੍ਰਾਪਤ ਹੋਵੇਗਾ ਜਿਸ ਨਾਲ ਉਹਨਾਂ ਨੂੰ ਆਪਣੀਆਂ ਰੋਜਾਨਾ ਦੀਆਂ ਲੋੜਾਂ ਬੱਚਿਆਂ ਦੀ ਸਿੱਖਿਆ, ਸਿਹਤ ਸੰਭਾਲ, ਪੋਸ਼ਣ ਤੇ ਪਰਿਵਾਰਿਕ ਖਰਚਾ ਨੂੰ ਹੋਰ ਆਤਮ ਵਿਸ਼ਵਾਸ ਨਾਲ ਪੂਰਾ ਕਰਨ ਵਿੱਚ ਮਦਦ ਮਿਲੇਗੀ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਲਾਲ ਉਸਮਾ ਨੇ ਕਿਹਾ ਕਿ ਮਹਿਲਾ ਸਸਕਤੀਕਰਨ ਸਿਰਫ ਨਾਅਰਿਆਂ ਨਾਲ ਨਹੀਂ ਸਗੋਂ ਠੋਸ ਤੇ ਪ੍ਰਭਾਵਸ਼ਾਲੀ ਨੀਤੀਆਂ ਨਾਲ ਸੰਭਵ ਹੁੰਦਾ ਹੈ। ਜਦੋਂ ਸਰਕਾਰੀ ਸਹਾਇਤਾ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤੇ ਵਿੱਚ ਪਹੁੰਚਦੀ ਹੈ ਤਾਂ ਇਸ ਨਾਲ ਪਾਰਦਰਸ਼ਤਾ, ਜਵਾਬਦੇਹੀ ਤੇ ਲੋਕਾਂ ਦਾ ਭਰੋਸਾ ਹੋਰ ਮਜਬੂਤ ਹੁੰਦਾ ਹੈ। ਉਹਨਾਂ ਨੇ ਕਿਹਾ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਅਮਲ ਵਿੱਚ ਬਦਲਣਾ ਹੀ ਜਨਪੱਖੀ ਤੇ ਜਵਾਬ ਦੇ ਸਰਕਾਰ ਦੀ ਪਹਿਚਾਨ ਹੁੰਦੀ ਹੈ। ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਕੇਂਦਰ ਵਿੱਚ ਰੱਖ ਕੇ ਕੀਤੀਆਂ ਜਾ ਰਹੀਆਂ ਪਹਿਲਾਂ ਇਹ ਦਰਸਾਉਂਦੀਆਂ ਹਨ ਕਿ ਆਮ ਪਰਿਵਾਰਾਂ ਖਾਸ ਕਰਕੇ ਔਰਤਾਂ ਦੀ ਆਰਥਿਕ ਹੈ। ਸੁਰੱਖਿਆ ਤੇ ਸਨਮਾਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।



### ਕਿਰਤੀ ਕਿਸਾਨ ਯੂਨੀਅਨ ਜਿਲ੍ਹਾ ਮੋਗਾ ਵੱਲੋਂ ਵਿਸਥਾਰੀ ਮੀਟਿੰਗ ਕੀਤੀ ਗਈ

# ਭਾਰਤ ਅਮਰੀਕਾ ਨਾਲ ਫਰੀ ਟਰੇਡ ਸਮਝੌਤਾ ਕਰਕੇ ਦੇਸ਼ ਦੇ ਕਿਸਾਨਾਂ ਮਜਦੂਰਾਂ ਦੀ ਮੌਤ ਦੇ ਵਰੰਟ ਕੱਢੇ



**ਮੋਗਾ, 7 ਜੂਨ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**- ਅੱਜ ਕਿਰਤੀ ਕਿਸਾਨ ਯੂਨੀਅਨ ਨੇ ਜਿਲ੍ਹਾ ਮੋਗਾ ਵੱਲੋ ਜਿਲ੍ਹੇ ਦੀ ਵਿਸਥਾਰੀ ਮੀਟਿੰਗ ਕੀਤੀ, ਜੋ ਕਿ ਮੋਗੇ ਸੁਤੰਤਰਤਾ ਸੰਘਰਾਮੀ ਹਾਲ ਵਿੱਚ ਕੀਤੀ ਗਈ। ਇਸ ਮੌਕੇ ਸੂਬਾ ਪ੍ਰਧਾਨ ਨਿਰਭੈਅ ਸਿੰਘ ਢੁੱਡੀਕੇ, ਸੂਬਾ ਕਮੇਟੀ ਮੈਂਬਰ ਚਮਕੌਰ ਸਿੰਘ ਰੋਡੇ ਨੇ ਵਿਸ਼ੇਸ਼ ਸ਼ਿਰਕਤ ਕੀਤੀ। ਇਹ ਮੀਟਿੰਗ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਸਾਫੂਵਾਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਸਮੇਂ ਬੁਲਾਰਿਆ ਨੇ ਦੱਸਿਆ ਕਿ ਸੰਸਾਰ ਵਿੱਚ ਅਮਰੀਕਾ ਆਪਣੇ ਮੁਨਾਫ਼ੇ ਲਈ ਭਾਰਤ ਉੱਪਰ ਦਬਾਅ ਪਾ ਕੇ ਇੱਥੋਂ ਦੇ ਖੇਤੀ ਅਤੇ ਡੈਅਰੀ ਸੈਕਟਰ ਨੂੰ ਤਬਾਹ ਕਰਕੇ ਆਪਣੀਆ ਖੇਤੀ ਵਸਤਾਂ ਅਤੇ ਪੈਕਿੰਗ ਵਾਲਾ ਦੁੱਧ ਭਾਰਤ ਵਿੱਚ ਲਿਆ ਕੇ ਸਸਤੇ ਰੇਟਾਂ ਉੱਤੇ ਵੇਚੇਗਾ। ਜਿਸ ਕਰਕੇ ਮਹਿੰਗਾਈ ਦੀ ਮਾਰ ਚੱਲ ਰਹੇ ਲੋਕ ਇੱਕ ਵਾਰ ਤਾ ਸਸਤੇ ਸਮਾਨ ਨੂੰ ਲੈਣ ਲਈ ਜਾਣਗੇ ਪਰ ਜਦੋ ਦੇਸ ਕਿਸਾਨਾ ਦੀ ਖੇਤੀ ਵਸਤਾਂ ਤੇ ਦੁੱਧ ਨਾ ਵਿਕੇਗਾ, ਉਹ ਖਤਮ ਹੋ ਜਾਣਗੇ,ਬਾਅਦ ਵਿੱਚ ਵਿਦੇਸ਼ੀ ਡਕੰਪਨੀਆਂ ਆਪਣੀਆ ਵਸਤਾਂ ਦੀਆਂ ਕੀਮਤਾਂ ਮਨ ਮਰਜ਼ੀ ਨਾਲ ਤੈਅ ਕਰਨਗੇ। ਜਿਸ ਕਰਕੇ ਮਹਿੰਗਾਈ ਬਹੁਤ ਹੱਦ ਤੱਕ ਵੱਧ ਜਾਵੇਗੀ। ਇਸ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ 22 ਜੁਲਾਈ ਨੂੰ ਬੀਜੇਪੀ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਬੀਜੇਪੀ ਦੇ ਲੀਡਰਾਂ ਦੇ ਘਰਾਂ ਦਾ ਘਿਰਾਓ ਅਤੇ ਟੂਲ ਪਲਾਜੇ ਰੋਕ ਕੇ ਕੀਤਾ ਜਾਵੇਗਾ। ਮੋਗੇ ਜਿਲ੍ਹੇ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ 5 ਬਲਾਕ ਹਨ ਜੋ ਕਿ ਵੱਖ-ਵੱਖ ਥਾਂਵਾਂ ਤੇ ਪ੍ਰਦਰਸ਼ਨ ਕਰਨਗੇ, ਮੋਗਾ2 ਬਲਾਕ ਖੁਖਰਾਣਾ ਟੂਲ ਪਲਾਜਾ ਰੋਕੇਗਾ, ਬਲਾਕ ਧਰਮਕੋਟ ਵੱਲੋ ਕਮਾਲਕੇ ਟੋਲ ਪਲਾਜਾ ਰੋਕੇਗਾ, ਬਾਕੀ ਦੇ ਬਲਾਕ ਬੀਜੇਪੀ ਦੇ ਘਿਰਾਓ ਕਰਨ ਲਈ ਉਹਨਾਂ ਦੇ ਘਰ ਅੱਗੇ ਲੱਗਣ ਵਾਲੇ ਧਰਨੇ ਵਿੱਚ ਜੱਥੇਬੰਦੀ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਜਸਪਾਸ ਸਿੰਘ ਪੁਰਾਣੇ ਵਾਲਾ ਜਿਲ੍ਹਾ ਮੀਤ ਪ੍ਰਧਾਨ,ਜ਼ਿਲ੍ਹਾ ਵਿੱਤ ਸਕੱਤਰ ਛਿੰਦਰਪਾਲ ਕੌਰ ਰੋਡੇਖੁਰਦ,ਜ਼ਿਲ੍ਹਾ ਪ੍ਰੈਸ ਸਕੱਤਰ ਤੀਰਥਵਿੰਦਰ ਸਿੰਘ ਘੱਲ ਕਲਾਂ,ਸਹਾਇਕ ਪ੍ਰੈਸ ਸਕੱਤਰ ਜਸਮੇਲਸਿੰਘ ਰਾਜਿਆਣਾ,ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ ਬਲਾਕ ਪ੍ਰਧਾਨ ਮੋਗਾ 2, ਬੇਅੰਤ ਸਿੰਘ ਮੱਲੇਆਣਾ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ,ਬੂਟਾ ਸਿੰਘ ਤਖਾਣਵੱਧ ਬਲਾਕ ਪ੍ਰਧਾਨ ਮੋਗਾ 1,ਅਵਤਾਰ ਸਿੰਘ ਡਾਲਾ,ਅਜਮੇਰ ਸਿੰਘ ਛੋਟਾ ਘਰ ਬਲਾਕ ਪ੍ਰਧਾਨ ਬਾਘਾ ਪੁਰਾਣਾ,ਨਿਰਮਲ ਸਿੰਘ ਕਾਲੀਏ ਵਾਲਾ,ਨਾਜਰ ਸਿੰਘ ਖਾਈ,ਬਲਕਰਨ ਸਿੰਘ ਵੈਰੋਕੇ,ਬਲਵਿੰਦਰ ਸਿੰਘ ਧਰਮ ਸਿੰਘ ਵਾਲਾ, ਜਗਵਿੰਦਰ ਕੌਰ, ਲਖਵੀਰ ਸਿੰਘ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਬਾਘਾ ਪੁਰਾਣਾ ਪੁਲਿਸ ਥਾਣੇ ਅੱਗੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ

# ਵਿਸ਼ਾਲ ਧਰਨਾ; ਦੋ ਦਿਨਾਂ ਵਿੱਚ ਬਾਕੀ ਮੁਲਜ਼ਮ ਨਾ ਫੜੇ ਤਾਂ ਡੀ.ਸੀ. ਦਫ਼ਤਰ ਮੋਗਾ ਦਾ ਹੋਵੇਗਾ ਘਿਰਾਓ



**ਬਾਘਾ ਪੁਰਾਣਾ, 7 ਜੁਲਾਈ ਆਵਾਜਿ ਕੌਮ ਬਿਉਰੋ ਰਿਪੋਰਟ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)** -ਅੱਜ ਬਾਘਾ ਪੁਰਾਣਾ ਵਿਖੇ ਪੁਲਿਸ ਥਾਣੇ ਅੱਗੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਸੂਬਾ ਪ੍ਰਧਾਨ ਸਰਦਾਰ ਫੁਰਮਾਨ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਜਨਰਲ ਸਕੱਤਰ ਭੁਪਿੰਦਰ ਸਿੰਘ ਔਲਖ ਦੀ ਅਗਵਾਈ ਵਿੱਚ ਇੱਕ ਵਿਸ਼ਾਲ ਰੋਸ ਧਰਨਾ ਦੇ ਕੇ ਬਾਘਾਪੁਰਾਣਾ ਥਾਣੇ ਦਾ ਘਿਰਾਓ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਪਿਛਲੇ ਦਿਨੀਂ ਜਸਵੰਤ ਸਿੰਘ ਗੱਗੂ ਨਾਮ ਦੇ ਇੱਕ ਨੌਜਵਾਨ ਦੀ ਰਾਜਾ ਨਾਮ ਦੇ ਸ਼ਰਾਬ ਠੇਕੇਦਾਰ ਅਤੇ ਉਸ ਦੇ ਕਰਿੰਦਿਆਂ ਵੱਲੋਂ ਬੇਰਹਿਮੀ ਨਾਲ ਕੁੱਟਮਾਰ ਕੀਤੀ ਗਈ ਸੀ। ਪੀੜਤ ਨੌਜਵਾਨ ਇਸ ਵੇਲੇ ਗੰਭੀਰ ਹਾਲਤ ਵਿੱਚ ਫਰੀਦਕੋਟ ਵਿਖੇ ਜੇਰੇ ਇਲਾਜ ਹੈ। ਪੁਲਿਸ ਵੱਲੋਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਨਾ ਕੀਤੇ ਜਾਣ ਦੇ ਰੋਸ ਵਜੋਂ ਅੱਜ ਕਿਸਾਨਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਥਾਣੇ ਦਾ ਘਿਰਾਓ ਕਰਕੇ ਨਾਅਰੇਬਾਜ਼ੀ ਕੀਤੀ ਗਈ। ਧਰਨੇ ਦੌਰਾਨ ਡੀ.ਐਸ.ਪੀ. ਬਾਘਾ ਪੁਰਾਣਾ ਨੇ ਮੌਕੇ 'ਤੇ ਪਹੁੰਚ ਕੇ ਧਰਨਾਕਾਰੀਆਂ ਨੂੰ ਭਰੋਸਾ ਦਿੱਤਾ ਕਿ ਇਸ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਬਾਕੀ ਰਹਿੰਦੇ ਦੋ ਵਿਅਕਤੀਆਂ ਨੂੰ ਵੀ ਅਗਲੇ ਦੋ ਦਿਨਾਂ ਦੇ ਅੰਦਰ-ਅੰਦਰ ਗ੍ਰਿਫਤਾਰ ਕਰ ਲਿਆ ਜਾਵੇਗਾ। ਪੁਲਿਸ ਪ੍ਰਸ਼ਾਸਨ ਦੇ ਇਸ ਭਰੋਸੇ ਤੋਂ ਬਾਅਦ ਜੱਥੇਬੰਦੀ ਨੇ ਧਰਨਾ ਸਮਾਪਤ ਕਰਦਿਆਂ ਚੇਤਾਵਨੀ ਦਿੱਤੀ ਕਿ ਜੇਕਰ ਦਿੱਤੇ ਸਮੇਂ ਅਨੁਸਾਰ ਬਾਕੀ ਮੁਲਜ਼ਮਾਂ ਨੂੰ ਗ੍ਰਿਫਤਾਰ ਨਾ ਕੀਤਾ ਗਿਆ, ਤਾਂ ਜੱਥੇਬੰਦੀ ਵੱਲੋਂ ਦੋ ਦਿਨ ਬਾਅਦ ਡੀ.ਸੀ. ਦਫ਼ਤਰ ਮੋਗਾ ਦਾ ਤਿੱਖਾ ਘਿਰਾਓ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੇਵ ਸਿੰਘ ਸਰਪ੍ਰਸਤ ਪੰਜਾਬ, ਜੋਗਿੰਦਰ ਸਿੰਘ ਸਭਰਾ ਮੀਤ ਪ੍ਰਧਾਨ ਪੰਜਾਬ, ਲਖਵਿੰਦਰ ਸਿੰਘ ਸੰਧੂ ਮੀਤ ਪ੍ਰਧਾਨ ਪੰਜਾਬ, ਪ੍ਰਗਟ ਸਿੰਘ ਲਹਿਰਾ ਕੋਰ ਕਮੇਟੀ ਮੈਂਬਰ ਪੰਜਾਬ, ਗੁਰਵਿੰਦਰ ਸਿੰਘ ਢਿੱਲੋਂ ਕੋਰ ਕਮੇਟੀ ਮੈਂਬਰ ਪੰਜਾਬ, ਗੈਰੀ ਸਿੰਘ ਬੰਡਾਲਾ ਸੂਬਾ ਮੀਡੀਆ ਇੰਚਾਰਜ਼, ਹਰਦੀਪ ਸਿੰਘ ਗਿੱਲ ਕਰਮੂੰਵਾਲਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਰਾਜਬੀਰ ਸਿੰਘ ਸੰਧਵਾਂ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਹਰਬੰਸ ਸਿੰਘ ਬ੍ਰਹਮਕੇ ਜ਼ਿਲ੍ਹਾ ਪ੍ਰਧਾਨ ਮੋਗਾ ਅਤੇ ਸੁਰਜੀਤ ਸਿੰਘ ਰੰਧਾਵਾ ਜ਼ਿਲ੍ਹਾ ਪ੍ਰਚਾਰਕ ਸਕੱਤਰ ਮੋਗਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਫ਼ਿਲਮ ਹਟਾਉਣ ਨਾਲ ਸਰਕਾਰ ਇਤਿਹਾਸ ਨਹੀਂ ਬਦਲ ਸਕਦੀ ; ਜਗਜੀਤ ਛੜਬੜ



ਬਨੂੜ - ਸਰਬਜੀਤ ਸਿੰਘ ਬਨੂੜ- ਸਰਕਾਰ ਨੇ ਓ.ਟੀ.ਟੀ. ਪਲੇਟਫਾਰਮ ਜੀ 5 ਤੋਂ 'ਸਤਲੁਜ' ਫ਼ਿਲਮ ਹਟਾ ਕੇ ਆਪਣੇ ਮਨਸੂਬੇ ਜੱਗ ਜ਼ਾਹਿਰ ਕਰ ਦਿੱਤੇ ਹਨ। ਫਿਲਮ ਹਟਾਉਣ ਦਾ ਸਖਤ ਨੋਟਿਸ ਲੈਂਦਿਆਂ ਬਸਪਾ ਦੇ ਸੂਬਾ ਜਨਰਲ ਸਕੱਤਰ ਜਗਜੀਤ ਸਿੰਘ ਛੜਬੜ ਨੇ ਕਿਹਾ ਕਿ ਇਸ ਹਰਕਤ ਨਾਲ ਸਟੇਟ ਇਤਿਹਾਸ ਨਹੀਂ ਬਦਲ ਸਕਦੀ। ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਅਦਾਲਤੀ ਦਸਤਾਵੇਜ਼ਾਂ 'ਤੇ ਆਧਾਰਿਤ ਫਿਲਮ 'ਸਤਲੁਜ' ਨੂੰ ਰਿਲੀਜ਼ ਦੇ ਮਹਿਜ਼ ਦੋ ਦਿਨਾਂ ਬਾਅਦ ਹੀ ਓ.ਟੀ.ਟੀ. ਪਲੇਟਫਾਰਮ ਤੋਂ ਹਟਾਉਣਾ ਬੇਹੱਦ ਨਿੰਦਣਯੋਗ ਹੈ। ਇਹ ਫਿਲਮ ਕੋਈ ਕਲਪਨਾ ਨਹੀਂ, ਬਲਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ 'ਤੇ ਹੋਈ ਸੀ.ਬੀ.ਆਈ. ਜਾਂਚ ਅਤੇ ਅਦਾਲਤੀ ਰਿਪੋਰਟਾਂ ਦਾ ਇਕ ਜਿਉਂਦਾ-ਜਾਗਦਾ ਸੱਚ ਹੈ। ਉਹਨਾਂ ਨੇ ਕਿਹਾ ਕਿ ਸੂਬੇ ਨੂੰ ਕਿਸ ਗੱਲ ਦਾ ਡਰ ਹੈ, ਜਿਸ ਕਰਕੇ ਮਨੁੱਖੀ ਅਧਿਕਾਰਾਂ ਦੇ ਰਾਖੇ ਦੀ ਸ਼ਹਾਦਤ 'ਤੇ ਬਣੀ ਫ਼ਿਲਮ ਹਟਾਉਣੀ ਪਈ। ਪਹਿਲਾਂ ਕਾਂਗਰਸ ਪਾਰਟੀ ਅਤੇ ਬਾਦਲ ਸਰਕਾਰ ਨੇ ਪੰਜਾਬ ਨਾਲ ਧੱਕਾ ਕੀਤਾ ਤੇ ਹੁਣ ਕੇਂਦਰ ਦੀ ਭਾਜਪਾ ਸਰਕਾਰ ਵੀ ਉਸੇ ਰਾਹ ਤੇ ਤੁਰ ਕੇ ਸੱਚ ਨੂੰ ਦਬਾਉਣ ਅਤੇ ਪੰਜਾਬੀਆਂ ਦੇ ਜਖਮਾਂ ਨੂੰ ਕੁਰੇਦਣ ਦਾ ਯਤਨ ਕਰ ਰਹੀ ਹੈ। ਕੇਂਦਰ ਸਰਕਾਰ ਨੂੰ ਸਿੱਧੀ ਚੁਣੌਤੀ ਦਿੰਦਿਆਂ ਫਿਲਮ ਨੂੰ ਹਟਾਉਣ ਦੇ ਅਸਲ ਕਾਰਨ ਜਨਤਕ ਕੀਤੇ ਜਾਣ ਅਤੇ ਸਬਦੇ ਤੇ ਖੁੱਲੀ ਬਹਿਸ ਕੀਤੀ ਜਾਵੇ ਪੰਜਾਬ ਅਜਿਹੀ ਧੱਕੇਸ਼ਾਹੀ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ। ਚਾਰ ਸਾਲ ਬਾਅਦ ਫਿਲਮ ਰਿਲੀਜ਼ ਹੁੰਦੀ ਤੇ ਢਾਈ ਦਿਨ ਬਾਅਦ ਹਟਾ ਦਿੱਤੀ ਜਾਂਦੀ ਹੈ। ਅੱਗੋਂ ਇਹ ਕਹਿੰਦੇ ਹਨ ਕਿ ਮਨੁੱਖੀ ਅਧਿਕਾਰਾਂ ਦੀ ਕਦਰ ਕਰਨ ਵਾਲਿਆਂ ਦੇ ਨਾਲ ਖੜੇ ਹਾਂ ਪਲੇਟਫਾਰਮ ਤੇ ਸਾਰਾ ਦਿਨ ਸਾਰੇ ਜਹਾਨ ਦਾ ਗੰਦ ਚਲਦਾ ਬਸ ਸਤਲੁਜ ਫਿਲਮ ਵਰਗੀਆਂ ਫਿਲਮਾਂ ਨਹੀਂ ਇਹਦੇ ਵਿੱਚ 120 ਘੱਟ ਤਾਂ ਦੂਰ ਪੰਜ ਸੱਤ ਕੱਟ ਲੱਗਣ ਵਾਲੀ ਗੱਲ ਵੀ ਨਹੀਂ। ਭਾਈ ਜਗਜੀਤ ਸਿੰਘ ਛੜਬੜ ਨੇ ਕਿਹਾ ਕੇ ਪੰਜਾਬ ਸਰਕਾਰ ਸਮੇਤ ਕੇਂਦਰ ਸਰਕਾਰ ਹੜ੍ਹਾਂ ਦੀ ਰੋਕਥਾਮ ਲਈ ਪ੍ਰਬੰਧ ਕਰਨ ਵਿਚ ਨਾਕਾਮ ਰਹੀ ਹੈ।

# ਕੈਨੇਡਾ ਗਏ ਬੁਤਾਲਾ ਦੇ ਨੌਜਵਾਨ ਦੀ ਨਹਿਰ ਵਿੱਚ ਡੁੱਬਣ ਕਾਰਣ ਹੋਈ ਮੌਤ



**ਬਾਬਾ ਬਕਾਲਾ ਸਾਹਿਬ 07 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਨੇਡਾ ਗਏ ਪੰਜਾਬ ਦੇ ਦੋ ਨੌਜਵਾਨਾਂ ਦੀ ਮਾਂਟਰੀਅਲ ਵਿੱਚ ਇੱਕ ਨਹਿਰ ਵਿੱਚ ਡੁੱਬਣ ਨਾਲ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕਾਂ ਵਿਚੋਂ ਇਕ ਦੀ ਪਛਾਣ ਤਹਿਸੀਲ਼ ਬਾਬਾ ਬਕਾਲਾ ਸਾਹਿਬ ਦੇ ਪਿੰਡ ਨੌਰੰਗਪੁਰ-ਬੁਤਾਲਾ ਦੇ ਯੋਗਰਾਜ ਸਿੰਘ ਯੂਵੀ (23 ਸਾਲ) ਤੇ ਦੂਸਰੇ ਦੀ ਪਛਾਣ ਲਵਪ੍ਰੀਤ ਸਿੰਘ (26) ਬਰਨਾਲਾ ਜ਼ਿਲ੍ਹੇ ਦੇ ਤਪਾ ਮੰਡੀ ਵਜੋਂ ਹੋਈ ਹੈ ਇਹ ਘਟਨਾ ਕਥਿਤ ਤੌਰ 'ਤੇ ਕੈਨੇਡਾ ਦੇ ਮਾਂਟਰੀਅਲ ਵਿੱਚ ਲਾਚੀਨੇ ਨਹਿਰ ਵਿੱਚ ਉਸ ਸਮੇਂ ਵਾਪਰੀ, ਜਦੋਂ ਯੋਗਰਾਜ ਸਿੰਘ ਦਾ ਅਚਾਨਕ ਪੈਰ ਫਿਸਲ ਗਿਆ। ਘਟਨਾ ਦਾ ਪਤਾ ਲੱਗਦਿਆਂ ਹੀ ਲਵਪ੍ਰੀਤ ਸਿੰਘ ਨੇ ਉਸਨੂੰ ਬਚਾਉਣ ਲਈ ਨਹਿਰ ਵਿੱਚ ਛਾਲ ਮਾਰ ਦਿੱਤੀ। ਹਾਲਾਂਕਿ ਆਪਣੇ ਦੋਸਤ ਨੂੰ ਬਚਾਉਣ ਦੀ ਕੋਸ਼ਿਸ਼ ਕਰਦੇ ਹੋਏ, ਉਹ ਖੁਦ ਵੀ ਡੁੱਬ ਗਿਆ। ਘਟਨਾ ਦਾ ਪਤਾ ਲੱਗਦਿਆਂ ਹੀ ਕੈਨੇਡੀਅਨ ਅਧਿਕਾਰੀਆਂ ਨੇ ਉਨ੍ਹਾਂ ਨੂੰ ਬਚਾਉਣ ਲਈ ਅੱਧੀ ਰਾਤ ਤੱਕ ਕਈ ਘੰਟੇ ਅਣਥੱਕ ਮਿਹਨਤ ਕੀਤੀ। ਤਹਿਸੀਲ ਬਾਬਾ ਬਕਾਲਾ ਸਾਹਿਬ ਨਾਲ ਸਬੰਧਿਤ ਪਿੰਡ ਨੌਰੰਗਪੁਰ (ਬੁਤਾਲਾ) ਦਾ ਜੰਮਪਲ ਯੋਗਰਾਜ ਸਿੰਘ ਯੂਵੀ, ਜੋ ਬੀ.ਏ. ਪਾਸ ਸੀ ਅਤੇ ਅਤੇ ਅਗਸਤ 2023 ਵਿੱਚ ਮੈਲਟਾਰਨ ਗਿਆ ਸੀ ਅਤੇ ਪਹਿਲਾਂ ਬਰੰਪਟਨ ਵਿਖੇ ਕਿਸੇ ਕੰਪਨੀ ਵਿੱਚ ਕੰਮ ਕਰਦਾ ਸੀ ਉਸਤੋਂ ਬਾਅਦ ਮਾਂਟਰੀਅਲ ਵਿੱਚ ਕੰਮ ਕਰਨ ਲੱਗਾ। ਉਹ ਪਿਤਾ ਸੁਖਰਾਜ ਸਿੰਘ ਅਤੇ ਮਾਤਾ ਜਸਵੰਤ ਕੌਰ ਦਾ ਪੁੱਤਰ ਸੀ। ਉਹ ਦੋ ਭਰਾ ਹਨ ਅਤੇ ਇਕ ਭਰਾ ਜਸ਼ਨਪ੍ਰੀਤ ਸਿੰਘ (20 ਸਾਲ) ਦੁਬਈ ਗਿਆ ਹੋਇਆ ਹੈ। ਇਸ ਮੌਕੇ 'ਤੇ ਪ੍ਰੀਵਾਰ ਨੇ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਵਿਦੇਸ਼ਾਂ ਵਿੱਚ ਰਹਿੰਦੇ ਸਮਾਜ ਸੇਵਕਾਂ ਨੂੰ ਅਪੀਲ ਕੀਤੀ ਹੈ ਕਿ ਯੋਗਰਾਜ ਸਿੰਘ ਦੀ ਲਾਸ਼ ਨੂੰ ਪੰਜਾਬ (ਬੁਤਾਲਾ) ਲਿਆਉਣ ਵਿੱਚ ਸਹਾਇਤਾ ਕੀਤੀ ਜਾਵੇ।

# ਪੰਜਾਬੀ ਸਾਹਿਤ ਸਭਾ ਵੱਲੋਂ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ਼ "ਦੋ ਪੁਸਤਕਾਂ ਦੋ ਸੰਵਾਦ" ਸਮਾਗਮ ਸ.ਫਲਤਾ ਨਾਲ਼ ਸੰਪੰਨ

**ਹੁਸ਼ਿਆਰਪੁਰ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਵੱਲੋਂ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ਼ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਕਰਵਾਇਆ "ਦੋ ਪੁਸਤਕਾਂ ਦੋ ਸੰਵਾਦ" ਸਮਾਗਮ ਸਫ਼ਲਤਾ ਨਾਲ਼ ਸੰਪੰਨ ਹੋਇਆ। ਸਮਾਗਮ ਦੀ ਪ੍ਰਧਾਨਗੀ ਸਾਹਿਤ ਸਭਾ ਦੇ ਮੀਤ ਪ੍ਰਧਾਨ ਸੁਰਿੰਦਰ ਕੰਗਵੀ ਨੇ ਕੀਤੀ। ਆਏ ਹੋਏ ਮਹਿਮਾਨਾਂ ਅਤੇ ਅਦੀਬਾਂ ਨੂੰ ਜੀ ਆਇਆਂ ਸ਼ਬਦ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਨੇ ਸਮਾਗਮ ਦੀ ਰੂਪ ਰੇਖਾ ਸਾਂਝੀ ਕਰਦਿਆਂ ਆਖੇ। ਉਨ੍ਹਾਂ ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਅਤੇ ਲਗਾਤਾਰ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਮਾਰੇ ਜਾਂਦੇ ਹੰਭਲਿਆਂ ਸੰਬੰਧੀ ਤੁਆਰਫ਼ ਕਰਵਾਇਆ। ਪ੍ਰਧਾਨਗੀ ਮੰਡਲ ਨੇ ਬਚਿੱਤਰ ਸਿੰਘ ਹੁਸ਼ਿਆਰਪੁਰੀ ਦੀ ਪਲੇਠੀ ਪੁਸਤਕ 'ਸਾਹਿਤਕ ਗੁੱਲਦਸਤਾ' ਅਤੇ ਰਾਜ ਕੁਮਾਰ ਘਾਸੀਪੁਰੀਆ ਦਾ ਕਾਵਿ ਸੰਗ੍ਰਹਿ 'ਸਵਰਗ ਜਿਹਾ ਮੇਰਾ ਪਿੰਡ' ਦਾ ਲੋਕ ਅਰਪਣ ਕੀਤਾ। ਇਸ ਉਪਰੰਤ ਸਾਹਿਤਕ ਗੁਲਦਸਤਾ 'ਤੇ ਆਪਣਾ ਪਰਚਾ ਪੇਸ਼ ਕਰਦਿਆਂ ਭਾਸ਼ਾ ਵਿਭਾਗ ਦੇ ਸਾਬਕਾ ਡਾਇਰੈਕਟਰ ਚੇਤਨ ਸਿੰਘ ਨੇ ਕਿਹਾ ਕਿ ਬਚਿੱਤਰ ਸਿੰਘ ਨੇ ਇਸ ਪੁਸਤਕ ਵਿਚ ਆਪਣੇ ਪਿਤਾ ਦੀਆਂ ਬਹੁਤ ਆਹਲਾ ਵਾਰਤਕ ਟੁਕੜੀਆਂ ਦੇ ਨਾਲ਼ ਨਾਲ਼ ਆਪਣੀ ਸ਼ਾਇਰੀ ਦੇ ਰੰਗ ਵੀ ਭਰੇ ਹਨ। ਪੁਸਤਕ ਵਿਚਲੀ ਵਾਰਤਕ ਬੜੀ ਗੁੰਦਵੀਂ ਅਤੇ ਉਚ ਮਿਆਰੀ ਹੈ। ਦੂਜੀ ਪੁਸਤਕ 'ਸਵਰਗ ਜਿਹਾ ਮੇਰਾ ਪਿੰਡ' 'ਤੇ ਡਾ. ਸ਼ਮਸ਼ੇਰ ਮੋਹੀ ਨੇ ਆਪਣਾ ਆਲੋਚਨਾਤਮਕ ਪਰਚਾ ਪੇਸ਼ ਕਰਦਿਆਂ ਕਿਹਾ ਕਿ ਕਵੀ ਨੇ ਇਸ ਪੁਸਤਕ ਵਿਚ ਆਪਣੇ ਪਿੰਡ ਦੀਆਂ ਮਨ ਮਸਤਕ ਵਿਚ ਵਸਦੀਆਂ ਯਾਦਾਂ ਨੂੰ ਕਾਵਿਕ ਰੰਗ ਦਿੱਤਾ ਹੈ। ਕਵੀ ਦਾ ਪਿੰਡ ਸਮੁੱਚੇ ਦੁਆਬੇ ਦੇ ਪਿੰਡਾਂ ਦੇ ਸਭਿਆਚਾਰ ਦੀ ਪੇਸ਼ਕਾਰੀ ਕਰਦਾ ਹੈ। ਵਰਤ ਵਰਤਾਰੇ ਸਬੰਧੀ ਕਵੀ ਦੇ ਜਾਗਦੇ ਮੋਹ ਨੂੰ ਜੇਕਰ ਅਮਲੀ ਰੂਪ ਵਿਚ ਦੇਖਿਆ ਜਾਵੇ ਤਾਂ ਕਈ ਤਰ੍ਹਾਂ ਦੇ ਸਵਾਲ ਵੀ ਖੜ੍ਹੇ ਹੁੰਦੇ ਹਨ। ਇਸ ਮੌਕੇ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਸ੍ਰੀਮਤੀ ਅਮਰਜੀਤ ਕੌਰ ਨੇ ਦੋਹਾਂ ਲੇਖਕਾਂ ਨੂੰ ਵਧਾਈ ਦਿੰਦਿਆਂ ਹੁਸ਼ਿਆਰਪੁਰ ਦਫ਼ਤਰ ਵਿਖੇ ਗੁਜ਼ਾਰੇ ਪਲਾਂ ਨੂੰ ਵੀ ਸਾਂਝਿਆਂ ਕੀਤਾ। ਇਸ ਤੋਂ ਬਾਅਦ ਕਰਵਾਏ ਗਏ ਕਵੀ ਦਰਬਾਰ ਵਿਚ ਮਦਨ ਵੀਰਾ, ਸਤੀਸ਼ ਕੁਮਾਰ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਹੁਸ਼ਿਆਰਪੁਰ ਅਮਨਦੀਪ ਸ਼ਰਮਾ, ਜੱਸ ਸਰੋਆ, ਰਬਿੰਦਰ ਸ਼ਰਮਾ, ਪ੍ਰਿੰਸੀਪਲ ਗੁਰਦਿਆਲ ਸਿੰਘ ਫੁੱਲ, ਨਵਤੇਜ ਗੜ੍ਹਦੀਵਾਲਾ, ਧਰਮਪਾਲ ਸਾਹਿਲ, ਕੁਲਤਾਰ ਸਿੰਘ ਕੁਲਤਾਰ, ਰੈਪੀ ਰਾਜੀਵ, ਅਸ਼ੋਕ ਕੁਮਾਰ, ਬਲਜੀਤ ਕੌਰ ਝੂੱਟੀ, ਪ੍ਰਭਜੋਤ ਕੌਰ, ਦਰਸ਼ਨ ਸਿੰਘ ਦਰਸ਼ਨ, ਸ਼ਮਸ਼ੇਰ ਸਿੰਘ, ਸੁਭਾਸ਼ ਗੁਪਤਾ, ਰਜਿੰਦਰ ਸੱਚਦੇਵਾ, ਪ੍ਰਿੰਕਲ, ਅਵਤਾਰ ਸਿੰਘ, ਸ਼ਸ਼ੀ ਕੁਮਾਰ, ਮਹਿੰਦਰ ਝੱਮਟ, ਅਨੰਤਵੀਰ ਸਿੰਘ ਨੇ ਹਾਜ਼ਰੀ ਲਗਵਾਈ। ਭਾਸ਼ਾ ਵਿਭਾਗ ਵਲੋਂ ਚੇਤਨ ਸਿੰਘ, ਅਮਰਜੀਤ ਕੌਰ, ਬਚਿੱਤਰ ਸਿੰਘ ਅਤੇ ਰਾਜ ਕੁਮਾਰ ਘਾਸੀਪੁਰੀਆ ਦਾ ਲੋਈਆਂ ਅਤੇ ਪੁਸਤਕਾਂ ਦੇ ਸੈੱਟਾਂ ਨਾਲ਼ ਸਨਮਾਨ ਕੀਤਾ ਗਿਆ। ਪ੍ਰਧਾਨਗੀ ਭਾਸ਼ਣ ਸੁਰਿੰਦਰ ਕੰਗਵੀ ਨੇ ਆਪਣੀਆਂ ਭਾਵਪੂਰਤ ਟਿੱਪਣੀਆਂ ਨਾਲ਼ ਦਿੱਤਾ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

# ਭੋਗ ਅਤੇ ਅੰਤਿਮ ਅਰਦਾਸ




ਬੜੇ ਹੀ ਦੁਖੀ ਹਿਰਦੇ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਬਾਪੂ ਨਿਰਮਲ ਸਿੰਘ ਢਿੱਲੋਂ (ਗੁਰਾਇਆ) ਅਕਾਲ ਪੁਰਖ ਵੱਲੋਂ ਬਖ਼ਸ਼ੀ ਹੋਈ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਮਿਤੀ 1 ਜੁਲਾਈ 2026 ਨੂੰ ਅਕਾਲ ਚਲਾਣਾ ਕਰ ਗਏ ਹਨ। ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਅਤੇ ਅੰਤਿਮ ਅਰਦਾਸ ਦਾ ਪ੍ਰੋਗਰਾਮ ਹੇਠ ਲਿਖੇ ਅਨੁਸਾਰ ਹੈ ਜੀ:

## ਪ੍ਰੋਗਰਾਮ ਦਾ ਵੇਰਵਾ

ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਅਖੰਡ ਪਾਠ ਸਾਹਿਬ ਅਰੰਭ:**
8 ਜੁਲਾਈ 2026, ਦਿਨ ਬੁੱਧਵਾਰ, ਸਵੇਰੇ 10:00 ਵਜੇ
ਅਸਥਾਨ: ਨਿਵਾਸ ਅਸਥਾਨ, ਪੱਤੀ ਮਾਗਾ (ਘਰ ਵਿੱਚ)

**ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ:**
10 ਜੁਲਾਈ 2026, ਦਿਨ ਸ਼ੁੱਕਰਵਾਰ, ਸਵੇਰੇ 10:00 ਵਜੇ
ਅਸਥਾਨ: ਨਿਵਾਸ ਅਸਥਾਨ, ਪੱਤੀ ਮਾਗਾ (ਘਰ ਵਿੱਚ)

**ਇਲਾਹੀ ਗੁਰਬਾਣੀ ਦੇ ਕੀਰਤਨ ਅਤੇ ਅੰਤਿਮ ਅਰਦਾਸ:**
ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ
ਅਸਥਾਨ: ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਪੱਤੀ ਮਾਗਾ, ਗੁਰਾਇਆ

ਸਮੂਹ ਸਨੇਹੀਆਂ, ਮਿੱਤਰਾਂ ਅਤੇ ਰਿਸ਼ਤੇਦਾਰਾਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਾਪੂ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਵਿੱਚ ਸਾਥ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

ਦਰਸ਼ਨ ਅਭਿਲਾਸ਼ੀ: ਗੁਰਚਰਨ ਸਿੰਘ, ਸੁਰਿੰਦਰ ਸਿੰਘ ਅਤੇ ਸਮੂਹ ਗੁਰਾਇਆ ਪਰਿਵਾਰ
ਸੰਪਰਕ ਨੰਬਰ: +91 95014 74153

### ਫ਼ਿਲਮ 'ਸਤਲੁਜ' ਉੱਤੇ ਪਾਬੰਦੀ ਭਾਰਤ ਦੇ ਅਖੌਤੀ ਲੋਕਤੰਤਰ ਦਾ

# ਅਸਲੀ ਚਿਹਰਾ ਬੇਨਕਾਬ ਕਰਦੀ ਹੈ: ਵਰਲਡ ਸਿੱਖ ਪਾਰਲੀਮੈਂਟ



**ਲੰਡਨ (ਸਰਬਜੀਤ ਸਿੰਘ ਬਨੂੜ)**- ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਭਾਈ ਹਿੰਮਤ ਸਿੰਘ (ਅਮਰੀਕਾ), ਕੋ-ਕੋਆਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ (ਜਰਮਨੀ), ਮੁੱਖ ਬੁਲਾਰੇ ਭਾਈ ਜੋਗਾ ਸਿੰਘ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ (ਇੰਗਲੈਂਡ), ਭਾਈ ਮਨਬੀਰ ਸਿੰਘ ਸੰਧੂ, ਭਾਈ ਭਗਤ ਸਿੰਘ (ਕੈਨੇਡਾ), ਭਾਈ ਪ੍ਰਿਤਪਾਲ ਸਿੰਘ (ਸਵਿਟਜ਼ਰਲੈਂਡ), ਭਾਈ ਹਰਜੋਤ ਸਿੰਘ ਸੰਧੂ (ਹਾਲੈਂਡ), ਭਾਈ ਸਤਨਾਮ ਸਿੰਘ ਅਤੇ ਭਾਈ ਸ਼ਿੰਗਾਰਾ ਸਿੰਘ ਮਾਨ (ਫਰਾਂਸ) ਨੇ ਇੱਕ ਸਾਂਝੇ ਬਿਆਨ ਰਾਹੀਂ ਕਿਹਾ ਹੈ ਕਿ ਸਿੱਖਾਂ ਉੱਤੇ ਹੋਏ ਕਥਿਤ ਅੱਤਿਆਚਾਰਾਂ ਦੇ ਵਿਸ਼ੇ ਨੂੰ ਉਭਾਰਦੀ ਫ਼ਿਲਮ 'ਸਤਲੁਜ' (ਪਹਿਲਾਂ 'ਪੰਜਾਬ 95') ਦੀ ਰਿਲੀਜ਼ ਰੋਕਣਾ ਭਾਰਤ ਦੇ ਅਖੌਤੀ ਲੋਕਤੰਤਰ ਦਾ ਅਸਲੀ ਚਿਹਰਾ ਬੇਨਕਾਬ ਕਰਦਾ ਹੈ। ਬਿਆਨ ਵਿੱਚ ਕਿਹਾ ਗਿਆ ਕਿ ਮਨੁੱਖੀ ਅਧਿਕਾਰ ਕਾਰਕੁਨ ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੋਂ ਪ੍ਰੇਰਿਤ ਇਸ ਫ਼ਿਲਮ ਉੱਤੇ ਸੈਂਸਰਸ਼ਿਪ ਲਗਾਉਣਾ ਇਸ ਗੱਲ ਦਾ ਸੰਕੇਤ ਹੈ ਕਿ ਹਕੂਮਤ ਅੱਜ ਵੀ ਸਿੱਖ ਇਤਿਹਾਸ ਨਾਲ ਜੁੜੇ ਦੁਖਦਾਈ ਅਧਿਆਇਆਂ ਅਤੇ ਉਨ੍ਹਾਂ ਬਾਰੇ ਉੱਠਦੇ ਸਵਾਲਾਂ ਨੂੰ ਜਨਤਕ ਚਰਚਾ ਦਾ ਹਿੱਸਾ ਬਣਨ ਤੋਂ ਰੋਕਣਾ ਚਾਹੁੰਦੀ ਹੈ। ਵਰਲਡ ਸਿੱਖ ਪਾਰਲੀਮੈਂਟ ਨੇ ਸਰਕਾਰ ਦੇ ਇਸ ਫ਼ੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਇਸ ਫ਼ਿਲਮ ਵਿੱਚ ਸਿੱਖਾਂ ਨਾਲ ਹੋਏ ਕਥਿਤ ਜ਼ੁਲਮਾਂ ਦਾ ਕੇਵਲ ਇੱਕ ਛੋਟਾ ਜਿਹਾ ਹਿੱਸਾ ਹੀ ਦਰਸਾਇਆ ਗਿਆ ਹੈ। ਜਥੇਬੰਦੀ ਦੇ ਆਗੂਆਂ ਨੇ ਦਾਅਵਾ ਕੀਤਾ ਕਿ ਜੇਕਰ ਇਤਿਹਾਸ ਦੇ ਸਾਰੇ ਪੱਖ ਪੂਰੀ ਤਰ੍ਹਾਂ ਸਾਹਮਣੇ ਆਉਣ ਤਾਂ ਉਹ ਹੋਰ ਵੀ ਗੰਭੀਰ ਚਰਚਾ ਦਾ ਵਿਸ਼ਾ ਬਣ ਸਕਦੇ ਹਨ। ਬਿਆਨ ਵਿੱਚ ਕਿਹਾ ਗਿਆ ਕਿ ਇਹ ਮਾਮਲਾ ਸਿਰਫ਼ ਇੱਕ ਫ਼ਿਲਮ ਤੱਕ ਸੀਮਤ ਨਹੀਂ, ਸਗੋਂ ਉਨ੍ਹਾਂ ਦੇ ਅਨੁਸਾਰ ਉਹਨਾਂ ਆਵਾਜ਼ਾਂ ਨੂੰ ਦਬਾਉਣ ਦੇ ਵਿਆਪਕ ਰੁਝਾਨ ਦਾ ਹਿੱਸਾ ਹੈ ਜੋ ਸਿੱਖਾਂ ਦੇ ਹੱਕਾਂ, ਮਨੁੱਖੀ ਅਧਿਕਾਰਾਂ ਅਤੇ ਨਿਆਂ ਨਾਲ ਜੁੜੇ ਮਸਲਿਆਂ ਨੂੰ ਉਠਾਉਂਦੀਆਂ ਹਨ। ਜਥੇਬੰਦੀ ਨੇ ਦੋਸ਼ ਲਗਾਇਆ ਕਿ ਪੱਤਰਕਾਰਾਂ, ਲੇਖਕਾਂ, ਵਿਦਵਾਨਾਂ ਅਤੇ ਮਨੁੱਖੀ ਅਧਿਕਾਰ ਕਾਰਕੁਨਾਂ ਨੂੰ ਵੀ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤਾਂ ਜੋ ਝੂਠੇ ਪੁਲਿਸ ਮੁਕਾਬਲਿਆਂ, ਜਬਰੀ ਲਾਪਤਾ ਕੀਤੇ ਗਏ ਨੌਜਵਾਨਾਂ ਅਤੇ ਸਿੱਖਾਂ ਨਾਲ ਹੋਏ ਕਥਿਤ ਸਰਕਾਰੀ ਅੱਤਿਆਚਾਰਾਂ ਬਾਰੇ ਜਨਤਕ ਵਿਚਾਰ-ਵਟਾਂਦਰਾ ਨਾ ਹੋ ਸਕੇ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਕਹਿਣ ਵਾਲਾ ਭਾਰਤ, ਮਨੁੱਖੀ ਅਧਿਕਾਰਾਂ ਅਤੇ ਅਭਿਵੈਕਤੀ ਦੀ ਆਜ਼ਾਦੀ ਨਾਲ ਜੁੜੇ ਅੰਤਰਰਾਸ਼ਟਰੀ ਸਿਧਾਂਤਾਂ 'ਤੇ ਖਰਾ ਨਹੀਂ ਉਤਰ ਰਿਹਾ। ਇੱਕ ਮਜ਼ਬੂਤ ਲੋਕਤੰਤਰ ਦੀ ਪਹਿਚਾਣ ਇਹ ਹੈ ਕਿ ਉਹ ਸਰਕਾਰ ਨੂੰ ਸਵਾਲ ਕਰਨ ਵਾਲੀਆਂ ਆਵਾਜ਼ਾਂ ਦੀ ਰੱਖਿਆ ਕਰੇ, ਨਾ ਕਿ ਉਨ੍ਹਾਂ ਨੂੰ ਦਬਾਏ। ਜਥੇਬੰਦੀ ਨੇ ਕਿਹਾ ਕਿ ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਕਹਾਣੀ ਕੇਵਲ ਇੱਕ ਵਿਅਕਤੀ ਦੀ ਨਹੀਂ, ਸਗੋਂ ਹਜ਼ਾਰਾਂ ਲਾਵਾਰਸ ਲਾਸ਼ਾਂ ਨਾਲ ਜੁੜੇ ਸੱਚ ਦੀ ਕਹਾਣੀ ਹੈ, ਜਿਸ ਨੂੰ ਲੰਬੇ ਸਮੇਂ ਤੋਂ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਮਹਿਤਾ ਮੇਲੇ 'ਚ ਗਾਇਕ ਕੰਠ ਕਲੇਰ ਤੇ ਸਰਗੀ ਮਾਨ ਦੀ ਸੁਰੀਲੀ ਗਾਇਕੀ ਨੇ ਬੰਨ੍ਹਿਆ ਰੰਗ

# ਜਿਲਾ ਪ੍ਰਧਾਨ ਮਨਜੀਤ ਭੱਟੀ ਡੇਢ ਲੱਖ ਦੀ ਨਕਦ ਰਾਸ਼ੀ ਤੇ ਗਰੀਬ ਪਰਿਵਾਰਾਂ ਦੇ 10 ਮਕਾਨਾਂ ਦੀ ਮੁਫ਼ਤ ਮੁਰੰਮਤ ਦਾ ਕੀਤਾ ਐਲਾਨ





**ਚੌਕ ਮਹਿਤਾ, 7 ਜੁਲਾਈ (ਮਨਵੀਰ ਸਿੰਘ ਚੰਨਣਕੇ)**- ਮਾਝੇ ਇਲਾਕੇ ਦੇ ਪੇਂਡੂ ਮੇਲਿਆਂ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਚੁੱਕਾ ਪਿੰਡ ਮਹਿਤਾ ਵਿਖੇ ਮਨਾਇਆ ਜਾਂਦਾ "ਮੇਲਾ ਬਾਬਾ ਦੂਲੋ ਕਰੀਮ ਸ਼ਾਹ ਦਾ" ਇਸ ਸਾਲ ਵੀ ਸ਼ਰਧਾ 'ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਸ ਮੇਲੇ 'ਚ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਅਤੇ ਦਰਸ਼ਕਾਂ ਦੇ ਭਾਰੀ ਇਕੱਠ ਨੇ ਇਲਾਕੇ ਦੇ ਹੋਰਨਾਂ ਮੇਲਿਆਂ ਨੂੰ ਫਿੱਕਾ ਪਾ ਦਿੱਤਾ।

ਮੇਲੇ ਦੀ ਸ਼ੁਰੂਆਤ ਮੌਕੇ ਮੁੱਖ ਪ੍ਰਬੰਧਕ ਗੁਰਧਿਆਨ ਸਿੰਘ ਮਹਿਤਾ, ਮਾ. ਤਜਿੰਦਰਪਾਲ ਸਿੰਘ, ਗੁਲਜਾਰ ਸਿੰਘ ਮੈਂਬਰ, ਪ੍ਰਿਤਪਾਲ ਸਿੰਘ, ਦਵਿੰਦਰ ਸਿੰਘ ਭਾਊ, ਅਵਤਾਰ ਸਿੰਘ, ਸਕੱਤਰ ਸਿੰਘ, ਸਰਵਣ ਸਿੰਘ ਸੰਮੀ, ਪ੍ਰੇਮ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ 'ਤੇ ਗੁਰਭੇਜ ਸਿੰਘ ਆਦਿ ਮੇਲਾ ਕਮੇਟੀ ਦੇ ਵੱਲੋਂ "ਬਾਬਾ ਦੂਲੋ ਕਰੀਮ ਸ਼ਾਹ" ਦੀ ਪਵਿੱਤਰ ਦਰਗਾਹ 'ਤੇ ਚਾਦਰ ਚੜ੍ਹਾਈ ਗਈ। ਜਿਸ ਦੇ ਬਾਅਦ ਪੰਜਾਬ ਦੇ ਪ੍ਰਸਿੱਧ ਗਾਇਕ ਕੰਠ ਕਲੇਰ ਅਤੇ ਲੋਕ ਗਾਇਕਾ ਸਰਗੀ ਮਾਨ ਦਾ ਸ਼ਾਨਦਾਰ ਖੁੱਲ੍ਹਾ ਅਖਾੜਾ ਲੱਗਾ। ਦੋਵਾਂ ਕਲਾਕਾਰਾਂ ਵੱਲੋਂ ਸੁਰੀਲੀ ਆਵਾਜ਼ ਵਿਚ ਗਾਏ ਗੀਤਾਂ ਤੇ ਦਰਸ਼ਕ ਮੱਲੋ-ਮੱਲੀ ਝੂਮਦੇ ਨਜ਼ਰ ਆਏ ਅਤੇ ਪੂਰਾ ਪੰਡਾਲ ਤਾੜੀਆਂ ਦੀ ਆਵਾਜ਼ ਨਾਲ ਗੂੰਜ ਉੱਠਿਆ। ਅੱਤ ਦੀ ਗਰਮੀ ਦੇ ਬਾਵਜੂਦ ਲੋਕਾਂ ਦਾ ਉਤਸ਼ਾਹ ਦੇਖਣਯੋਗ ਸੀ, ਸ਼ਾਮ ਢਲਣ ਤੱਕ ਹਜ਼ਾਰਾਂ ਲੋਕ ਇਸ ਸਭਿਆਚਾਰਕ ਮੇਲੇ ਦਾ ਭਰਪੂਰ ਆਨੰਦ ਮਾਣਦੇ ਰਹੇ। ਮੇਲੇ ਪ੍ਰਤੀ ਲੋਕਾਂ ਦੇ ਉਤਸ਼ਾਹ ਅਤੇ ਪਿਆਰ ਨੇ ਸਾਬਤ ਕਰ ਦਿੱਤਾ ਕਿ "ਮੇਲਾ ਬਾਬਾ ਦੂਲੋਂ ਕਰੀਮ ਸ਼ਾਹ ਦਾ" ਮਾਝੇ ਦੇ ਸਭ ਤੋਂ ਮਸ਼ਹੂਰ ਮੇਲਿਆਂ ਵਿੱਚ ਆਪਣੀ ਪੈਂਠ ਬਣਾਈ ਬੈਠਾ ਹੈ। ਇਸ ਸਮੇਂ ਸ਼੍ਰੋਮਣੀ ਅਕਾਲੀ ਦਲ (ਐਸ.ਸੀ. ਵਿੰਗ) ਦੇ ਜਿਲਾ ਪ੍ਰਧਾਨ ਮਨਜੀਤ ਸਿੰਘ ਭੱਟੀ ਨੇ ਉਚੇਚੇ ਤੌਰ ਮੇਲੇ ਵਿੱਚ ਸ਼ਿਰਕਤ ਕੀਤੀ, ਉਨਾਂ ਨੇ ਡੇਢ ਲੱਖ ਰੁਪਏ ਦੀ ਨਕਦ ਰਾਸ਼ੀ ਸਹਿਯੋਗ ਵੱਜੋਂ ਮੇਲਾ ਕਮੇਟੀ ਨੂੰ ਭੇਟ ਕੀਤੀ ਅਤੇ ਪਿੰਡ ਮਹਿਤਾ ਦੇ 10 ਲੋੜਵੰਦ ਗਰੀਬ ਪਰਿਵਾਰਾਂ ਦੇ ਖਸਤਾ ਹਾਲਤ ਮਕਾਨਾਂ ਦੀ ਮੁਫ਼ਤ ਮੁਰੰਮਤ ਕਰਵਾਉਣ ਦਾ ਐਲਾਨ ਕੀਤਾ। ਮੇਲੇ ਦੇ ਅਖੀਰ 'ਚ ਮੁੱਖ ਪ੍ਰਬੰਧਕ ਗੁਰਧਿਆਨ ਸਿੰਘ ਮਹਿਤਾ ਅਤੇ ਹੋਰਨਾਂ ਵੱਲੋਂ ਗਾਇਕ ਕੰਠ ਕਲੇਰ 'ਤੇ ਗਾਇਕਾ ਸਰਗੀ ਮਾਨ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੇਲਾ ਕਮੇਟੀ ਦੇ ਸੁਚੱਜੇ ਅਤੇ ਸ਼ਾਨਦਾਰ ਪ੍ਰਬੰਧਾਂ ਹੇਠ ਇਹ ਮੇਲਾ ਸੁਨਿਹਰੀ ਯਾਦਾਂ ਛੱਡਦਾ ਸਮਾਪਤ ਹੋਇਆ। ਇਸ ਮੌਕੇ ਰਾਣਾ ਰਣਬੀਰ ਸਿੰਘ ਲੋਪੋਕੇ, ਰਾਜਨਬੀਰ ਸਿੰਘ ਘੁਮਾਣ, ਸੰਦੀਪ ਸਿੰਘ ਏ.ਆਰ., ਕਵਰਦੀਪ ਸਿੰਘ ਮਾਨ, ਜਤਿੰਦਰ ਸਿੰਘ ਲੱਧਾਮੁੰਡਾ, ਤੇਜਿੰਦਰਪਾਲ ਸਿੰਘ ਲਾਡੀ, ਬਲਦੇਵ ਸਿੰਘ ਅਠਵਾਲ, ਰਾਜਵਿੰਦਰ ਸਿੰਘ ਰਾਜੂ ਦਸ਼ਮੇਸ਼ ਨਗਰ, ਸੁਰਿੰਦਰਪਾਲ ਸਿੰਘ ਸੁਰਸਿੰਘ, ਮਨਜੀਤ ਸਿੰਘ ਤਰਸਿੱਕਾ, ਐਡਵੋਕੇਟ ਸ਼ਰਨਜੀਤ ਸਿੰਘ ਘੁਮਾਣ, ਗੋਪਾਲ ਸਿੰਘ ਕੋਹਾਟਵਿੰਡ, ਸਰਕਲ ਪ੍ਰਧਾਨ ਜਸਪਾਲ ਸਿੰਘ ਪੱਡਾ, ਸਾਬਕਾ ਸਰਪੰਚ ਰਜਿੰਦਰ ਸਿੰਘ ਉਦੋਨੰਗਲ, ਪ੍ਰਧਾਨ ਭੁਪਿੰਦਰ ਸਿੰਘ ਭਿੰਦਾ, ਬਿੱਲਾ ਛਾਪਿਆਂਵਾਲੀ, ਜਸਵੀਰ ਸਿੰਘ ਅੰਮ੍ਰਿਤਸਰ, ਪ੍ਰਦੀਪ ਕੁਮਾਰ, ਵਿਪਨ ਚੌਹਾਨ, ਡਾ. ਪ੍ਰਿੰਸ ਅੰਮ੍ਰਿਤਸਰ, ਲਵਪ੍ਰੀਤ ਸਿੰਘ ਲਵ, ਹਰਮਨਬੀਰ ਸਿੰਘ ਮਜੀਠਾ, ਬਲਜੀਤ ਪ੍ਰਧਾਨ, ਮੰਨੂ ਤਨੇਜਾ, ਜੋਰਾਵਰ ਸਿੰਘ ਬੱਬਾ, ਵਿਜੇ ਤਨੇਜਾ, ਡਾ. ਰੁਪਿੰਦਰ ਸਿੰਘ ਦੀਪੂ , ਗੁਰਮੁਖ ਸਿੰਘ ਸਾਬਾ ਤੇ ਜਗਦੇਵ ਟਹਿਣਾ ਮੇਲਾ ਟੀ.ਵੀ. ਤੋਂ ਇਲਾਵਾ ਹੋਰ ਵੀ ਨਾਮਵਰ ਸਖਸ਼ੀਅਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਤਲਵੰਡੀ ਸਾਬੋ ਵਿਖੇ ਹੋਈ ਭਰਵੀਂ ਮੀਟਿੰਗ



ਤਲਵੰਡੀ ਸਾਬੋ, 07 ਜੁਲਾਈ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ ਜਿਸ ਵਿਚ ਵੱਡੀ ਗਿਣਤੀ ਵਿਚ ਸਾਥੀਆਂ ਨੇ ਭਾਗ ਲਿਆ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਐਸ.ਐਮ.ਓ ਤਲਵੰਡੀ ਸਾਬੋ ਰਵੀ ਕਾਂਤ ਗੁਪਤਾ ਨੇ ਆਪਣੇ ਵੱਡਮੁਲੇ ਵਿਚਾਰ ਰੱਖੇ ਗਏ। ਮੀਟਿੰਗ ਵਿਚ ਜ਼ਿਲਾ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਬਲਾਕ ਸੈਕਟਰੀ ਰੇਸਮ ਸਿੰਘ ਭਾਗੀਵਾਂਦਰ, ਬਿੱਕਰ ਸਿੰਘ ਧਿੰਗੜ ਖਜਾਨਚੀ ਅਤੇ ਸਟੇਜ ਸੈਕਟਰੀ ਲਛਮਣ ਕੁਮਾਰ ਲੱਛੀ ਜਗਾ ਰਾਮ ਤੀਰਥ ਨੇ ਆਪਣੇ ਵੱਡਮੁਲੇ ਵਿਚਾਰ ਰੱਖੇ। ਬਲਾਕ ਪ੍ਰਧਾਨ ਨੇ ਐਸ.ਐਮ.ਓ ਸ਼੍ਰੀ ਰਵੀ ਕਾਂਤ ਗੁਪਤਾ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਡੀ ਐਸੋਸੀਏਸਨ ਪੰਜਾਬ ਸਰਕਾਰ ਦੀਆਂ ਸਰਕਾਰ ਦੀਆਂ ਮੁਹਿੰਮਾਂ ਵਿਚ ਵੱਧ ਚੜਕੇ ਹਿੱਸਾ ਲੈਂਦੀ ਹੈ। ਜਿਵੇਂ ਕਿ ਯੁੱਧ ਨਸ਼ਿਆਂ ਵਿਰੁੱਧ ਕੋਰੋਨਾ ਅਤੇ ਸਮਾਜ ਸੇਵੀ, ਕੰਮਾਂ ਜਿਵੇਂ ਕਿ ਫਰੀ ਮੈਡੀਕਲ ਕੈਂਪ ਲਗਾਉਣੇ, ਹੜ ਪੀੜਤਾਂ ਦੀ ਸਹਾਇਤਾ ਦੇਣੀ, ਨਸ਼ਾ ਪੀੜਤ ਮਰੀਜ਼ਾਂ ਜਿਵੇਂ ਕਿ ਚਿੱਟੇ ਵਾਲੇ ਮਰੀਜਾਂ ਦੀ ਸ਼ਨਾਖਤ ਕਰਕੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਭਰਤੀ ਕਰਾਕੇ ਇਲਾਜ ਕਰਵਾਉਣਾ ਅਤੇ ਪਿੰਡਾਂ ਵਿਚ ਕੰਮ ਕਰਨ ਵਾਲੇ ਸਾਡੇ ਸਾਥੀ ਦਿਨ ਰਾਤ ਸੇਵਾ ਭਾਵਨਾ ਹਲੀਮੀ ਨਾਲ 40-45 ਸਾਲਾਂ ਤੋਂ ਨਿਰਵਿਘਨ ਲੋਕਾਂ ਦੀ ਸੇਵਾ ਕਰਦੇ ਆ ਰਹੇ ਹਨ। ਐਸ.ਐਮ.ਓ ਨੇ ਸਭ ਸਾਥੀਆਂ ਦੀ ਪੂਰਨ ਸ਼ਲਾਘਾ ਕੀਤੀ। ਹੋਰਨਾਂ ਤੋਂ ਇਲਾਵਾ ਸਲਾਹਕਾਰ ਡਾ. ਜੀ.ਐਸ ਧੌਖਰ, ਭੋਲਾ ਸਿੰਘ ਸ਼ੇਖਪੁਰਾ, ਮੀਤ ਪ੍ਰਧਾਨ ਗਗੜ ਸਿੰਘ ਗਹਿਲੇਵਾਲਾ, ਭੂਰਾ ਸਿੰਘ ਪ੍ਰਧਾਨ ਸਰਕਲ ਸੀਂਗੋ, ਗੁਰਮੇਲ ਸਿੰਘ ਢਿਲੋਂ ਬਹਿਣੀਵਾਲ, ਬਾਬੂ ਸਿੰਘ, ਨਿੰਦਰ, ਸਿੰਘ, ਨਰਿੰਦਰ ਸਿਘ ਬਹਿਮਣ, ਸੀਨੀਅਰ ਆਗੂ ਗਲਾਬ ਸਿਘ ਫੁੱਲੋਖਾਰੀ, ਕੇਵਲ ਸਿੰਘ, ਗੁਰਪ੍ਰੀਤ ਸਿੰਘ ਸੁਖਲੱਧੀ, ਮੇਜਰ ਸਿੰਘ ਰਾਮਸਰਾ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸਾਥੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਤੇ ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਵੱਲੋਂ 17 ਜੁਲਾਈ ਨੂੰ ਚੰਡੀਗੜ ਵਿਖੇ ਰੋਸ ਧਰਨੇ ਚ ਭਰਨਗੇ ਹਾਜ਼ਰੀ ? ਬਾਜਵਾ ,ਕੋਹਾਲੀ



**ਜੰਡਿਆਲਾ ਗੁਰੂ 7 ਜੁਲਾਈ( ਕੁਲਵੰਤ ਸਿੰਘ ਵਿਰਦੀ )**-ਸੇਵਾ ਮੁੱਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਜਿਲ੍ਹਾ ਪ੍ਰਧਾਨ ਸ ? ਲਖਵਿੰਦਰ ਸਿੰਘ ਕੋਹਾਲੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੰਜਾਬ ਪ੍ਰਧਾਨ ਸ ? ਨਿਰਮਲਜੀਤ ਸਿੰਘ ਬਾਜਵਾ ਜੀ ਵਿਸ਼ੇਸ਼ ਤੌਰ ਤੇ ਪੁੱਜੇ ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ 17 ਜੁਲਾਈ ਨੂੰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੁੱਧ ਚੰਡੀਗੜ ਵਿਖੇ ਲੱਗਣ ਵਾਲੇ ਰੋਸ ਧਰਨੇ ਵਿੱਚ ਸੇਵ ਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਸਾਰੇ ਪੰਜਾਬ ਚੌਂ ਪੁੱਜਣਗੇ । ਕੁਲਵੰਤ ਸਿੰਘ ਡੇਹਰੀਵਾਲ ਨੇ ਸਰਕਾਰ ਪਾਸੋਂ ਮੰਗ ਕੀਤੀ ਕਿ ( ੳ ) ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ ।( ਅ )2.59 ਦੇ ਗੁਣਾਂਕ ਨਾਲ ਪੇਅ ਕਮਿਸ਼ਨ ਦੇ ਬਕਾਏ ਯੱਕ ਮੁਸ਼ਤ ਜਾਰੀ ਕੀਤੇ ਜਾਣ ।( ੲ ) ਮੁਲਾਜ਼ਮਾਂ ਤੇ 200/- ਰੁਪੈ ਪ੍ਰਤੀ ਮਹੀਨਾ ਲਾਇਆ ਜਜ਼ੀਆ ਟੈਕਸ ਬੰਦ ਕੀਤਾ ਜਾਵੇ ।( ਸ ) 18% ਮਹਿੰਗਾਈ ਭੱਤਾ ਜਾਰੀ ਕੀਤਾ ਜਾਵੇ ।( ਹ ) ਪ੍ਰੋਬੇਸ਼ਨ ਪ੍ਰੀਅਡ ਬੰਦ ਕੀਤਾ ਜਾਵੇ ।( ਕ ) ਕੇਂਦਰੀ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕੀਤੇ ਜਾਣ ।( ਖ ) ਹਰ ਤਰ੍ਹਾਂ ਦੇ ਕੱਚੇ, ਠੇਕਾ ਅਧਾਰਿਤ, ਆਊਟਸੋਰਸ ਮੁਲਾਜ਼ਮਾਂ ਨੂੰ ਪੱਕਿਆਂ ਕੀਤਾ ਜਾਵੇ ।( ਗ ) ਮੈਡੀਕਲ ਬਕਾਇਆ ਬਿੱਲਾਂ ਦਾ ਭੁਗਤਾਨ ਕੀਤਾ ਜਾਵੇ । ਇਸ ਮੀਟਿੰਗ ਵਿੱਚ ਮੇਜਰ ਸਿੰਘ ਭੋਮਾ , ਤਰਸੇਮ ਸਿੰਘ ਫੱਤੂਭੀਲਾ , ਸੁਖਵਿੰਦਰ ਸਿੰਘ ਸਾਬੀ , ਪਲਵਿੰਦਰ ਸਿੰਘ , ਸੁਰਿੰਦਰ ਸਿੰਘ ਤਹਿਸੀਲ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਤਰਨ ਤਾਰਨ , ਗੁਰਮੀਤ ਸਿੰਘ ਛਾਪਾ ਤਰਨ ਤਾਰਨ , ਸੂਬਾ ਸਿੰਘ ਤਰਨ ਤਾਰਨ , ਹਰਦੇਵ ਸਿੰਘ ਭੋਮਾ, ਨਰਿੰਦਰ ਸਿੰਘ , ਰਵਿੰਦਰ ਕੁਮਾਰ ਰਵੀ , ਰਮੇਸ਼ ਪਾਲ ਸਿੰਘ, ਜਗਜੀਤ ਸਿੰਘ ਬਾਬਾ , ਜੋਗਿੰਦਰ ਸਿੰਘ ,ਪਰਸਨ ਸਿੰਘ ਵੇਰਕਾ , ਜਗਜੀਤ ਸਿੰਘ ਭੰਗਾਲੀ , ਚਰਨਜੀਤ ਸਿੰਘ , ਰਜਿੰਦਰ ਸਿੰਘ ਕਾਨੂੰਗੋ, ਜਸਬੀਰ ਸਿੰਘ ਬੱਲ , ਜਰਨੈਲ ਸਿੰਘ ਅਜਨਾਲਾ, ਗੁਰਬਿੰਦਰਬੀਰ ਅਜਨਾਲਾ, ਸਵਿੰਦਰ ਸਿੰਘ ਅਜਨਾਲਾ, ਜੋਗਿੰਦਰਪਾਲ ਪਾਂਡੇ , ਜਤਿੰਦਰ ਕੁਮਾਰ, ਆਦਿ ਨੇ ਸੰਬੋਧਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਇਤਿਹਾਸਕ ਗੁਰੂਦੁਆਰਾ ਮੰਜੀ ਸਾਹਿਬ ਕੋਟਾਂ ਤੋਂ ਆਰਐਸਪੀ ਦੇ 'ਮਿਸ਼ਨ ਪੰਜਾਬ-2027' ਦਾ ਸ਼ਾਨਦਾਰ ਆਗਾਜ਼

ਖੰਨਾ, 7 ਜੁਲਾਈ (ਆਵਾਜ਼ਿ ਕੌਮ ਬਿਊਰੋ)-ਰੈਵੋਲਿਊਸ਼ਨਰੀ ਸੋਸ਼ਿਲਸਟ ਪਾਰਟੀ ਪੰਜਾਬ ਵੱਲੋਂ "ਮਿਸ਼ਨ ਪੰਜਾਬ-2027" ਦੀ ਸ਼ੁਰੂਆਤ ਅੱਜ ਪੰਜਾਬ ਦੇ ਇਤਿਹਾਸਕ ਗੁਰਦੁਆਰਾ ਮੰਜੀ ਸਾਹਿਬ ਕੋਟਾਂ ਪਾਤਸ਼ਾਹੀ ਛੇਵੀਂ ਤੋਂ ਅਕਾਲ ਪੁਰਖ ਵਾਹਿਗੁਰੂ ਜੀ ਅੱਗੇ ਅਰਦਾਸ, ਬੇਨਤੀ, ਜੋਦੜੀ ਅਤੇ ਹੁਕਮਨਾਮਾ ਲੈ ਕੇ ਕੀਤੀ ਗਈ। ਸਮੂਹ ਸੰਗਤ ਨੇ ਅਕਾਲ ਪੁਰਖ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਪੰਜਾਬ ਨੂੰ ਨਸ਼ਿਆਂ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ, ਪੰਜਾਬ ਸਿਰ ਚੜ੍ਹੀ ਕਰਜ਼ੇ ਦੀ ਪੰਡ, ਬੇਅਦਬੀਆਂ, ਨੌਜਵਾਨਾਂ ਦੇ ਅੰਧਕਾਰਮਈ ਭਵਿੱਖ ਅਤੇ ਔਰਤਾਂ ਦੀ ਅਸੁਰੱਖਿਆ ਵਰਗੀਆਂ ਗੰਭੀਰ ਚੁਣੌਤੀਆਂ ਤੋਂ ਮੁਕਤੀ ਬਖ਼ਸ਼ੀ ਜਾਵੇ ਅਤੇ ਪੰਜਾਬ ਨੂੰ ਮੁੜ ਖੁਸ਼ਹਾਲੀ ਅਤੇ ਤਰੱਕੀ ਦੇ ਰਾਹ 'ਤੇ ਲਿਆਂਦਾ ਜਾਵੇ।

ਇਸ ਉਪਰੰਤ ਮੋਟਰਸਾਈਕਲਾਂ ਅਤੇ ਕਾਰਾਂ ਦੇ ਕਾਫ਼ਲੇ ਨੇ ਜਥੇਦਾਰ ਸਰਬਜੀਤ ਸਿੰਘ ਖ਼ਾਲਸਾ, ਆਰਐਸਪੀ ਦੇ ਖੰਨਾ ਵਿਧਾਨ ਸਭਾ ਉਮੀਦਵਾਰ ਦੀ ਅਗਵਾਈ ਹੇਠ ਜਨ ਸੰਪਰਕ ਯਾਤਰਾ ਸ਼ੁਰੂ ਕੀਤੀ। ਇਸ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਨਿਹੰਗ ਸਿੰਘ ਜਥੇਬੰਦੀਆਂ, ਪਾਰਟੀ ਵਰਕਰਾਂ, ਮਹਿਲਾਵਾਂ, ਨੌਜਵਾਨਾਂ ਅਤੇ ਕਿਸਾਨਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਯਾਤਰਾ ਦੌਰਾਨ ਖੰਨਾ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਲੋਕਾਂ ਵੱਲੋਂ ਫੁੱਲਾਂ ਦੀ ਵਰਖਾ, ਸਿਰੋਪੇ ਭੇਟ ਕਰਕੇ ਅਤੇ ਨਾਅਰਿਆਂ ਨਾਲ ਭਰਵਾਂ ਸਵਾਗਤ ਕੀਤਾ ਗਿਆ। ਲੋਕਾਂ ਨੇ "ਮਿਸ਼ਨ ਪੰਜਾਬ-2027" ਨੂੰ ਪੰਜਾਬ ਵਿੱਚ ਲੋਕ-ਪੱਖੀ ਬਦਲਾਅ ਵੱਲ ਇੱਕ ਮਹੱਤਵਪੂਰਨ ਪਹਿਲ ਕਰਾਰ ਦਿੱਤਾ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243